ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 12 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੩੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਰੂਹ ਕੰਬਾਊ ਘਟਨਾ, ਮਾਂ-ਧੀ ਨੇ ਇਕ-ਦੂਜੇ ਦਾ ਹੱਥ ਫੜ ਟਰੇਨ ਹੇਠਾਂ ਆ ਕੀਤੀ ਖ਼ੁਦਕੁਸ਼ੀ



**ਸੰਗਰੂਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਸੰਗਰੂਰ ਵਿਖੇ ਟਰੇਨ ਹੇਠ ਆ ਕੇ ਇੱਕ ਮਾਂ ਅਤੇ ਧੀ ਵੱਲੋਂ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸੰਗਰੂਰ ਰੇਲਵੇ ਲਾਈਨਾਂ 'ਤੇ ਇਕ ਮਾਂ-ਧੀ ਵੱਲੋਂ ਇਕ ਦੂਜੇ ਦਾ ਹੱਥ ਫੜ ਕੇ ਰੇਲਵੇ ਲਾਈਨ ਉੱਪਰ ਲੰਮੇ ਪੈ ਕੇ ਆਤਮ ਹੱਤਿਆ ਕਰ ਲਈ ਗਈ। ਇਸ ਘਟਨਾ ਦਾ ਪਤਾ ਚੱਲਦਿਆਂ ਹੀ ਸੰਗਰੂਰ ਸ਼ਹਿਰ ਵਿਚ ਸੋਗ ਦੀ ਲਹਿਰ ਫੈਲ ਗਈ। ਇਸ ਮਾਮਲੇ ਨੂੰ ਲੈ ਕੇ ਜੀ. ਆਰ.ਪੀ ਸੰਗਰੂਰ ਵੱਲੋਂ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਮ੍ਰਿਤਕਾਂ ਨੇ ਮਾਂ ਧੀ ਵਲੋਂ ਇਹ ਕਦਮ ਕਿਉਂ ਚੁੱਕਿਆ ਗਿਆ ਇਸ ਬਾਰੇ ਅਜੇ ਤਕ ਕੋਈ ਜਾਣਕਾਰੀ ਪ੍ਰਾਪਤ ਨਹੀਂ ਹੋ ਸਕੇ।

## ਜੇਲ 'ਚੋਂ ਬਾਹਰ ਆਉਣ ਮਗਰੋਂ ਕੇਜਰੀਵਾਲ ਵੱਲੋਂ

# ਭਾਜਪਾ 'ਤੇ ਤਿੱਖੇ ਹਮਲੇ, ਕੀਤੇ ਅਹਿਮ ਖ਼ੁਲਾਸੇ

**ਨਵੀਂ ਦਿੱਲੀ, 11 ਮਈ (ਆਵਾਜ਼ਿ ਕੌਮ ਬਿਊਰੋ)**-ਤਿਹਾੜ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਸ਼ਨੀਵਾਰ ਨੂੰ ਕੇਜਰੀਵਾਲ ਜ਼ੋਰਦਾਰ ਢੰਗ ਨਾਲ ਚੋਣ ਪ੍ਰਚਾਰ ਦੀ ਸ਼ੁਰੂਆਤ ਕਰਨ ਵਾਲੇ ਹਨ। ਇਸ ਤੋਂ ਪਹਿਲਾਂ ਸੀ.ਐੱਮ. ਕੇਜਰੀਵਾਲ ਨੇ ਆਪਣੇ ਪਤਨੀ ਨਾਲ ਦਿੱਲੀ ਦੇ ਕਨਾਟ ਪਲੇਸ ਸਥਿਤ ਹਨੂੰਮਾਨ ਮੰਦਰ 'ਚ ਮੱਥਾ ਟੇਕਿਆ। ਉਸ ਤੋਂ ਬਾਅਦ ਉਹ ਆਮ ਆਦਮੀ ਪਾਰਟੀ ਦਫ਼ਤਰ ਪਹੁੰਚ ਕੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ। ਸੀ.ਐੱਮ. ਕੇਜਰੀਵਾਲ ਨੇ ਕਿਹਾ ਕਿ 50 ਦਿਨਾਂ ਬਾਅਦ ਤੁਹਾਡੇ ਵਿਚਕਾਰ ਆ ਕੇ ਚੰਗਾ ਲੱਗ ਰਿਹਾ ਹੈ। ਅਸੀਂ ਅੱਜ ਹਨੂੰਮਾਨ ਜੀ ਦਾ ਆਸ਼ੀਰਵਾਦ ਲਿਆ। ਫਿਰ ਸ਼ਿਵ ਮੰਦਰ ਅਤੇ ਸ਼ਨੀ ਮੰਦਰ ਗਏ। ਬਜਰੰਗ ਬਲੀ ਦਾ ਸਾਡੀ ਪਾਰਟੀ 'ਤੇ ਬਹੁਤ ਅਸ਼ੀਰਵਾਦ ਹੈ। ਉਨ੍ਹਾਂ ਦੀ ਕਿਰਪਾ ਨਾਲ ਹੀ ਮੈਂ ਤੁਹਾਡੇ ਵਿਚਕਾਰ ਹਾਂ। ਕਿਸੇ ਨੂੰ ਉਮੀਦ ਨਹੀਂ ਸੀ ਕਿ ਮੈਂ ਚੋਣਾਂ ਦੌਰਾਨ ਤੁਹਾਡੇ ਵਿਚਕਾਰ ਆਵਾਂਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਸਾਡੀ ਆਮ ਆਦਮੀ ਪਾਰਟੀ ਨੂੰ ਕੁਚਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਇੱਕ ਸਾਲ ਵਿੱਚ ਸਾਡੀ ਪਾਰਟੀ ਦੇ ਚਾਰ ਪ੍ਰਮੁੱਖ ਆਗੂਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ। ਜੋ ਲੋਕ ਮੋਦੀ ਜੀ ਨੂੰ ਮਿਲਣ ਜਾਂਦੇ ਹਨ। ਉਹ ਸਾਨੂੰ ਸਭ ਕੁਝ ਦੱਸਦੇ ਹਨ। ਕੇਜਰੀਵਾਲ ਨੇ ਕਿਹਾ ਕਿ ਮੋਦੀ ਜੀ ਦੇਸ਼ ਦੇ ਸਾਰੇ ਨੇਤਾਵਾਂ ਨੂੰ ਖਤਮ ਕਰਨਾ ਚਾਹੁੰਦੇ ਹਨ। ਉਹ ਸਾਰੇ ਵਿਰੋਧੀ ਨੇਤਾਵਾਂ ਨੂੰ ਜੇਲ ਭੇਜ ਦੇਣਗੇ। ਉਨ੍ਹਾਂ ਕਿਹਾ ਕਿ ਮੇਰੇ ਕੋਲੋਂ ਹਲਫਨਾਮੇ 'ਤੇ ਲਿਖਵਾ ਲਓ, ਜੇਕਰ ਉਹ ਚੋਣਾਂ ਜਿੱਤ ਗਏ ਤਾਂ ਕੁਝ ਦਿਨਾਂ 'ਚ ਮਮਤਾ ਬੈਨਰਜੀ, ਤੇਜਸਵੀ ਯਾਦਵ, ਸਟਾਲਿਨ ਜੇਲ 'ਚ ਹੋਣਗੇ। ਉਨ੍ਹਾਂ ਨੇ ਭਾਜਪਾ ਦਾ ਇੱਕ ਵੀ ਆਗੂ ਨਹੀਂ ਛੱਡਿਆ। ਉਨ੍ਹਾਂ ਨੇ ਸ਼ਿਵਰਾਜ ਸਿੰਘ ਚੌਹਾਨ, ਵਸੁੰਧਰਾ ਰਾਜੇ, ਮਨੋਹਰ ਲਾਲ ਖੱਟਰ ਦੀ ਰਾਜਨੀਤੀ ਨੂੰ ਖਤਮ ਕਰ ਦਿੱਤਾ। ਜੇਕਰ ਉਹ ਚੋਣਾਂ ਜਿੱਤ ਜਾਂਦੇ ਹਨ ਤਾਂ ਅਗਲੇ ਦੋ ਮਹੀਨਿਆਂ ਵਿੱਚ ਉਹ ਯੂ.ਪੀ. ਦਾ ਮੁੱਖ ਮੰਤਰੀ ਬਦਲ ਦੇਣਗੇ। ਵਨ ਨੇਸ਼ਨ ਵਨ ਲੀਡਰ ਦਾ ਮਤਲਬ ਹੈ ਕਿ ਦੇਸ਼ ਵਿੱਚ ਇੱਕ ਹੀ ਨੇਤਾ ਬਚੇਗਾ। ਉਨ੍ਹਾਂ ਭਾਜਪਾ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ ਕਿ ਤੁਸੀਂ ਕੁਝ ਕੰਮ ਨਾ ਕਰੋ ਅਤੇ ਆਮ ਆਦਮੀ ਪਾਰਟੀ ਨੂੰ ਕੁਚਲ ਦਿਓ, ਇਹ ਲੋਕਤੰਤਰ ਨਹੀਂ ਹੈ। 75 ਸਾਲਾਂ ਵਿੱਚ ਕਿਸੇ ਵੀ ਪਾਰਟੀ ਦੇ ਆਗੂ ਨੂੰ ਇਸ ਤਰ੍ਹਾਂ ਤੰਗ ਨਹੀਂ ਕੀਤਾ ਗਿਆ, ਜਿੰਨਾ 'ਆਪ' ਨੂੰ ਕੀਤਾ ਗਿਆ। ਪੀ.ਐੱਮ. ਮੋਦੀ ਕਹਿੰਦੇ ਹਨ ਕਿ ਅਸੀਂ ਭ੍ਰਿਸ਼ਟਾਚਾਰ ਨਾਲ ਲੜ ਰਹੇ ਹਾਂ, ਉਨ੍ਹਾਂ ਨੇ ਭ੍ਰਿਸ਼ਟਾਚਾਰੀਆਂ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕੀਤਾ ਹੈ। ਕਿਸੇ ਨੂੰ ਡਿਪਟੀ ਸੀ.ਐੱਮ. ਅਤੇ ਕਿਸੇ ਨੂੰ ਮੰਤਰੀ ਬਣਾ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਤੁਸੀਂ ਭ੍ਰਿਸ਼ਟਾਚਾਰ ਵਿਰੁੱਧ ਲੜਨਾ ਚਾਹੁੰਦੇ ਹੋ ਤਾਂ ਸਾਡੇ ਤੋਂ ਸਿੱਖੋ। ਪੰਜਾਬ ਦੇ ਅੰਦਰ ਸਾਡੇ ਮੰਤਰੀ ਨੇ ਪੈਸੇ ਮੰਗੇ, ਕਿਸੇ ਨੂੰ ਨਹੀਂ ਪਤਾ ਸੀ ਪਰ ਅਸੀਂ ਉਸ ਵਿਰੁੱਧ ਕਾਰਵਾਈ ਕੀਤੀ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੂੰ ਗ੍ਰਿਫਤਾਰ ਕਰਕੇ ਇਹ ਸੰਦੇਸ਼ ਦਿੱਤਾ ਕਿ ਜੇਕਰ ਮੈਂ ਕੇਜਰੀਵਾਲ ਨੂੰ ਗ੍ਰਿਫਤਾਰ ਕਰ ਸਕਦਾ ਹਾਂ ਤਾਂ ਮੈਂ ਕਿਸੇ ਨੂੰ ਵੀ ਗ੍ਰਿਫਤਾਰ ਕਰ ਸਕਦਾ ਹਾਂ।



## ਵਨ ਨੇਸ਼ਨ ਵਨ ਲੀਡਰ ਤਹਿਤ ਮੋਦੀ ਦੇਸ਼ ਦੇ ਸਾਰੇ ਨੇਤਾਵਾਂ ਨੂੰ ਚਾਹੁੰਦੇ ਹਨ ਖਤਮ ਕਰਨਾ

**ਨਵੀਂ ਦਿੱਲੀ, 11 ਮਈ (ਆਵਾਜ਼ਿ ਕੌਮ ਬਿਊਰੋ)**-ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਨੇ ਅਰਵਿੰਦ ਕੇਜਰੀਵਾਲ ਨੂੰ 1 ਜੂਨ ਤੱਕ ਅੰਤਰਿਮ ਜ਼ਮਾਨਤ 'ਤੇ ਰਿਹਾਅ ਕਰਨ ਦਾ ਹੁਕਮ ਨਾਲ ਬੀਤੀ ਸ਼ਾਮ ਨੂੰ ਕੇਜਰੀਵਾਲ ਜੇਲ੍ਹ ਤੋਂ ਬਾਹਰ ਆ ਗਏ ਸੀ। ਜਿਸ ਤੋਂ ਬਾਅਦ ਅੱਜ ਓਹ ਹਨੂੰਮਾਨ ਮੰਦਰ ਪਹੁੰਚੇ। ਉਨ੍ਹਾਂ ਨੇ ਆਪਣੀ ਪਤਨੀ ਸੁਨੀਤਾ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਕਨਾਟ ਪਲੇਸ ਸਥਿਤ ਹਨੂੰਮਾਨ ਮੰਦਰ 'ਚ ਪੂਜਾ ਅਰਚਨਾ ਕੀਤੀ। ਮੁੱਖ ਮੰਤਰੀ ਕੇਜਰੀਵਾਲ ਨੇ 'ਆਪ' ਦਫਤਰ 'ਚ ਮੀਡੀਆ ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਨ੍ਹਾਂ ਨੇ ਭਾਜਪਾ 'ਤੇ ਤਿੱਖਾ ਨਿਸ਼ਾਨਾ ਸਾਧਿਆ। ਮੈਂ ਜੇਲ੍ਹ ਤੋਂ 50 ਦਿਨਾਂ ਬਾਅਦ ਸਿੱਧਾ ਤੁਹਾਡੇ ਕੋਲ ਆ ਰਿਹਾ ਹਾਂ। ਸਾਡੀ ਪਾਰਟੀ ਨੂੰ ਬਜਰੰਗਬਲੀ ਦਾ ਆਸ਼ੀਰਵਾਦ ਹੈ। ਉਸ ਦੀ ਕਿਰਪਾ ਸਦਕਾ ਅੱਜ ਮੈਂ ਤੁਹਾਡੇ ਵਿਚਕਾਰ ਹਾਂ, ਇੱਕ ਚਮਤਕਾਰ ਹੋਇਆ ਹੈ। ਪ੍ਰਧਾਨ ਮੰਤਰੀ ਨੇ ਤੁਹਾਨੂੰ ਕੁਚਲਣ ਵਿੱਚ ਕੋਈ ਕਸਰ ਨਹੀਂ ਛੱਡੀ। ਉਨ੍ਹਾਂ ਨੇ ਮੈਨੂੰ ਜੇਲ੍ਹ ਭੇਜ ਦਿੱਤਾ। ਉਸ ਨੇ ਸਭ ਤੋਂ ਵੱਧ ਚੋਰਾਂ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕੀਤਾ। ਕੇਜਰੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਮੰਨਣਾ ਹੈ ਕਿ ਆਮ ਆਦਮੀ ਪਾਰਟੀ ਭਾਜਪਾ ਨੂੰ ਚੁਣੌਤੀ ਦੇਵੇਗੀ। 'ਆਪ' ਸਿਰਫ਼ ਇੱਕ ਪਾਰਟੀ ਨਹੀਂ ਹੈ, ਸਗੋਂ ਇੱਕ ਵਿਚਾਰ ਹੈ ਜੋ ਲਗਾਤਾਰ ਵਧਦਾ ਜਾ ਰਿਹਾ ਹੈ। ਕੇਜਰੀਵਾਲ ਨੇ ਕਿਹਾ ਕਿ ਭਾਜਪਾ ਨੂੰ ਵੀ ਲੱਗਦਾ ਹੈ ਕਿ ਆਮ ਆਦਮੀ ਪਾਰਟੀ ਦੇਸ਼ ਦਾ ਭਵਿੱਖ ਹੈ, ਇਸੇ ਲਈ ਉਹ ਸਾਨੂੰ ਖਤਮ ਕਰਨਾ ਚਾਹੁੰਦੀ ਹੈ। ਪੀਐਮ ਮੋਦੀ ਨੇ ਇੱਕ ਖਤਰਨਾਕ ਮਿਸ਼ਨ ਸ਼ੁਰੂ ਕੀਤਾ ਹੈ ਅਤੇ ਉਹ ਹੈ ਵਨ ਨੇਸ਼ਨ ਵਨ ਲੀਡਰ। ਇਸ ਦੇ ਤਹਿਤ ਉਹ ਦੇਸ਼ ਦੇ ਸਾਰੇ ਨੇਤਾਵਾਂ ਨੂੰ ਖਤਮ ਕਰਨਾ ਚਾਹੁੰਦੇ ਹਨ, ਸਾਰੇ ਵਿਰੋਧੀ ਨੇਤਾਵਾਂ ਨੂੰ ਜੇਲ 'ਚ ਬੰਦ ਕਰਨਾ ਚਾਹੁੰਦੇ ਹਨ ਅਤੇ ਭਾਜਪਾ ਦੇ ਸਾਰੇ ਨੇਤਾਵਾਂ ਨੂੰ ਖਤਮ ਕਰਨਾ ਚਾਹੁੰਦੇ ਹਨ, ਉਨ੍ਹਾਂ ਦੀ ਰਾਜਨੀਤੀ ਖਤਮ ਕਰੋ - ਮਮਤਾ ਬੈਨਰਜੀ, ਸਟਾਲਿਨ, ਊਧਵ ਠਾਕਰੇ ਕੁਝ ਦਿਨਾਂ ਬਾਅਦ ਯੂਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੀ ਰਾਜਨੀਤੀ ਨੂੰ ਖਤਮ ਕਰਨ ਲਈ ਤੇਜਸਵੀ ਯਾਦਵ ਸਮੇਤ ਸਾਰੇ ਵਿਰੋਧੀ ਨੇਤਾਵਾਂ ਨੂੰ ਜੇਲ੍ਹ 'ਚ ਬੰਦ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ। ਜੇਕਰ ਭਾਜਪਾ ਜਿੱਤ ਜਾਂਦੀ ਹੈ ਤਾਂ ਯੋਗੀ ਆਦਿਤਿਆਨਾਥ ਦੀ ਰਾਜਨੀਤੀ ਨੂੰ ਖਤਮ ਕਰ ਦੇਣਗੇ। ਸੁਪਰੀਮ ਕੋਰਟ ਨੇ ਮੈਨੂੰ 21 ਦਿਨਾਂ ਦਾ ਸਮਾਂ ਦਿੱਤਾ ਹੈ, ਮੈਂ ਦੇਸ਼ ਭਰ ਦੀ ਯਾਤਰਾ ਕਰਾਂਗਾ। ਮੇਰੇ ਖ਼ੂਨ ਦੀ ਹਰ ਬੂੰਦ ਦੇਸ਼ ਲਈ ਹੈ। ਮੈਂ 140 ਕਰੋੜ ਲੋਕਾਂ ਤੋਂ ਭੀਖ ਮੰਗਣ ਆਇਆ ਹਾਂ।

## ਪੰਜਾਬੀ ਮਾਂ ਬੋਲੀ ਦਾ ਵਿਹੜਾ ਹੋਇਆ ਸੁੰਨਾਂ, ਬੋਲੀ ਦੇ ਮਾਣਮੱਤੇ ਪੁੱਤ ਸੁਰਜੀਤ ਪਾਤਰ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ, 11 ਮਈ (ਆਵਾਜ਼ਿ ਕੌਮ ਬਿਊਰੋ)**-ਉੱਘੇ ਪੰਜਾਬੀ ਕਵੀ ਸੁਰਜੀਤ ਪਾਤਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਐਕਸ ਅਕਾਊਂਟ 'ਤੇ ਲਿਖਿਆ, "ਪੰਜਾਬੀ ਬੋਲੀ ਦੇ ਮਾਣਮੱਤੇ ਪੁੱਤ ਸੁਰਜੀਤ ਪਾਤਰ ਸਾਹਿਬ ਦੇ ਅਚਾਨਕ ਚਲੇ ਜਾਣ 'ਤੇ ਬਹੁਤ ਦੁੱਖ ਹੋਇਆ..ਪੰਜਾਬੀ ਮਾਂ ਬੋਲੀ ਦਾ ਵਿਹੜਾ ਅੱਜ ਸੁੰਨਾਂ ਹੋ ਗਿਆ। ਮੁੱਖ ਮੰਤਰੀ ਭਗਵੰਤ ਮਾਨ ਅਕਸਰ ਆਪਣੇ ਭਾਸ਼ਣ ਵਿਚ ਡਾ. ਸੁਰਜੀਤ ਪਾਤਰ ਦੀਆਂ ਲਿਖੀਆਂ ਕਵਿਤਾਵਾਂ ਅਤੇ ਲਾਈਨਾਂ ਦਾ ਜ਼ਿਕਰ ਕਰਦੇ ਹਨ। ਪੰਜਾਬੀ ਦੇ ਉੱਘੇ ਕਵੀ ਅਤੇ ਲੇਖਕ ਡਾ. ਸੁਰਜੀਤ ਪਾਤਰ ਦਾ ਸ਼ਨੀਵਾਰ ਨੂੰ 79 ਸਾਲ ਦੀ ਉਮਰ ਵਿੱਚ ਲੁਧਿਆਣਾ 'ਚ ਦਿਹਾਂਤ ਹੋ ਗਿਆ। 14 ਜਨਵਰੀ 1945 ਨੂੰ ਜਨਮੇ ਪਾਤਰ ਜਲੰਧਰ ਜ਼ਿਲ੍ਹੇ ਦੇ ਪਿੰਡ ਪੱਤੜ ਕਲਾਂ ਨਾਲ ਸਬੰਧਿਤ ਸਨ, ਜਿੱਥੋਂ ਉਨ੍ਹਾਂ ਨੇ ਆਪਣਾ ਨਾਮ ਸੁਰਜੀਤ ਪਾਤਰ ਲਿਆ। ਡਾ. ਸੁਰਜੀਤ ਪਾਤਰ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਪੰਜਾਬੀ ਦੇ ਪ੍ਰੋਫੈਸਰ ਵਜੋਂ ਸੇਵਾ ਨਿਭਾਈ, ਜਿੱਥੇ ਉਨ੍ਹਾਂ ਨੇ ਪੰਜਾਬੀ ਸਾਹਿਤ ਵਿੱਚ ਆਪਣਾ ਸਫ਼ਰ ਸ਼ੁਰੂ ਕੀਤਾ। ਡਾ. ਸੁਰਜੀਤ ਪਾਤਰ ਨੂੰ 2012 ਵਿੱਚ ਪਦਮਸ਼੍ਰੀ ਨਾਲ ਸਨਮਾਨਿਤ ਕੀਤਾ ਗਿਆ ਸੀ। ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਪਣੇ ਸੋਸ਼ਲ ਅਕਾਊਂਟ 'ਤੇ ਲਿਖਿਆ- ਕੁੱਝ ਕਿਹਾ ਤਾਂ ਹਨੇਰਾ ਜਰੇਗਾ ਕਿਵੇਂ, ਚੁੱਪ ਰਿਹਾ ਤਾਂ ਸ਼ਮਾਦਾਨ ਕੀ ਕਹਿਣਗੇ। ਪੰਜਾਬੀ ਦੇ ਪ੍ਰਸਿੱਧ ਸ਼ਾਇਰ ਸੁਰਜੀਤ ਪਾਤਰ ਜੀ ਦਾ ਅਕਾਲ ਚਲਾਣਾ ਬਹੁਤ ਹੀ ਦੁਖਦਾਈ ਹੈ। ਉਨ੍ਹਾਂ ਨੇ ਪੰਜਾਬੀ ਸਾਹਿਤ ਨੂੰ ਬਹੁਤ ਹੀ ਅਮੀਰੀ ਬਖ਼ਸ਼ੀ। ਉਨ੍ਹਾਂ ਦਾ ਸਦੀਵੀ ਵਿਛੋੜਾ ਉਨ੍ਹਾਂ ਦੇ ਪਰਿਵਾਰ ਲਈ ਹੀ ਨਹੀਂ ਬਲਕਿ ਸਮੁੱਚੇ ਪੰਜਾਬੀ ਜਗਤ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਉਨ੍ਹਾਂ ਦੇ ਪਰਿਵਾਰ ਤੇ ਉਨ੍ਹਾਂ ਨੂੰ ਚਾਹੁਣ ਵਾਲਿਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ। ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਸੋਸ਼ਲ ਅਕਾਊਂਟ 'ਤੇ ਲਿਖਿਆ, ਅਖੀਰੀ ਵਕਤ ਇਹ ਮੰਜ਼ਰ ਹੈ ਕੈਸਾ, ਕਿ ਤੂੰ ਪਰਵਾਜ਼ ਭਰਨੀ ਅੰਬਰਾਂ ਦੀ, ਤੇ ਮੈਂ ਏਥੇ ਹੀ ਟੁੱਟ ਕੇ ਡਿੱਗਣਾ ਹੈ। ਸੁਰਜੀਤ ਪਾਤਰ ਜੀ ਦਾ ਇਸ ਤਰਾਂ ਦੁਨੀਆ ਦੀ ਮਹਿਫ਼ਲ ਚੋਂ ਚਲੇ ਜਾਣਾ ਪੰਜਾਬ ਲਈ ਬਹੁਤ ਵੱਡਾ ਘਾਟਾ ਹੈ। ਮੇਰੇ ਲਈ ਇਹ ਨੁਕਸਾਨ ਨਿੱਜੀ ਵੀ ਹੈ। ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਆਪਣੇ ਸੋਸ਼ਲ ਅਕਾਊਂਟ 'ਤੇ ਲਿਖਿਆ, ਪੰਜਾਬੀ ਅਦਬ ਦੀ ਵੱਡੀ ਸਖਸ਼ੀਅਤ ਅਤੇ ਸਾਡੇ ਯੁੱਗ ਦੇ ਮਹਾਨ ਸ਼ਾਇਰ ਡਾ. ਸੁਰਜੀਤ ਪਾਤਰ ਜੀ ਦੇ ਅਕਾਲ ਚਲਾਣੇ ਦੀ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ। ਵਾਹਿਗੁਰੂ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਤੇ ਸਾਹਿਤ ਪ੍ਰੇਮੀਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।



## ਪੰਜਾਬ ਦੀ ਸਿਆਸਤ 'ਚ ਦਲ-ਬਦਲੂਆਂ ਦੀ ਚਾਂਦੀ ! ਹਰ ਚੌਥੇ ਉਮੀਦਵਾਰ ਨੇ ਪਾਰਟੀ ਬਦਲ ਕੇ ਲਈ ਟਿਕਟ







**ਚੰਡੀਗੜ੍ਹ, 11 ਮਈ (ਆਵਾਜ਼ਿ ਕੌਮ ਬਿਊਰੋ)**-ਇਸ ਵਾਰ ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਸਿਆਸਤ ਦੇ ਇਤਿਹਾਸ ਵਿਚ ਸਭ ਤੋਂ ਵੱਧ ਦਲ-ਬਦਲੀਆਂ ਵੇਖਣ ਨੂੰ ਮਿਲੀਆਂ ਹਨ। ਪਹਿਲਾਂ ਜਿੱਥੇ ਦੇਸ਼ ਦੇ ਕਈ ਹਿੱਸਿਆਂ ਵਿਚ ਦਲ-ਬਦਲੀ ਦੀ ਸਿਆਸਤ ਦਾ ਜ਼ੋਰ ਹੁੰਦਾ ਸੀ, ਪੰਜਾਬ ਅਜਿਹੀ ਸਿਆਸਤ ਤੋਂ ਦੂਰ ਹੀ ਚੱਲਦਾ ਸੀ। ਪਰ ਇਸ ਵਾਰ ਪੰਜਾਬ ਵਿਚ ਵੀ ਵੱਡੇ ਪੱਧਰ 'ਤੇ ਬਦਲ ਬਦਲੀਆਂ ਵੇਖਣ ਨੂੰ ਮਿਲੀਆਂ ਹਨ। ਇਸ ਚੀਜ਼ ਦਾ ਅੰਦਾਜ਼ਾ ਇਸੇ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਪੰਜਾਬ ਦੀਆਂ 13 ਸੀਟਾਂ 'ਤੇ ਭਾਜਪਾ, ਆਮ ਆਦਮੀ ਪਾਰਟੀ, ਕਾਂਗਰਸ ਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਐਲਾਨੇ ਗਏ 52 ਉਮੀਦਵਾਰਾਂ ਵਿਚ ਹਰ ਚੌਥਾ ਉਮੀਦਵਾਰ ਦਲ-ਬਦਲੂ ਹੈ। ਇਨ੍ਹਾਂ ਪਾਰਟੀਆਂ ਦੇ ਉਮੀਦਵਾਰਾਂ ਵਿਚੋਂ 14 ਉਮੀਦਵਾਰ ਅਜਿਹੇ ਹਨ ਜਿਹੜੇ ਆਪਣੀ ਪੁਰਾਣੀ ਪਾਰਟੀ ਨੂੰ ਛੱਡ ਕੇ ਨਵੀਂ ਪਾਰਟੀ ਵੱਲੋਂ ਚੋਣ ਲੜ ਰਹੇ ਹਨ। ਇਨ੍ਹਾਂ ਨੇ ਪਿਛਲੇ ਢਾਈ ਸਾਲ ਦੇ ਅੰਦਰ-ਅੰਦਰ ਹੀ ਪਾਰਟੀ ਬਦਲੀ ਤੇ ਉਨ੍ਹਾਂ ਨੂੰ ਲੋਕ ਸਭਾ ਦੀ ਟਿਕਟ ਵੀ ਦੇ ਦਿੱਤੀ ਗਈ ਹੈ। ਉਂਝ ਤਾਂ ਚਾਰੋ ਪਾਰਟੀਆਂ ਨੇ ਦੂਜੀਆਂ ਪਾਰਟੀਆਂ ਤੋਂ ਆਉਣ ਵਾਲੇ ਲੀਡਰਾਂ ਲਈ ਦਰਵਾਜ਼ੇ ਖੋਲ੍ਹ ਕੇ ਰੱਖੇ ਹਨ, ਪਰ ਭਾਜਪਾ ਵੱਲੋਂ ਸਭ ਤੋਂ ਵੱਧ 7 ਅਜਿਹੇ ਲੀਡਰਾਂ ਨੂੰ ਟਿਕਟ ਦਿੱਤੀ ਗਈ ਹੈ, ਜਿਹੜੇ ਕੁਝ ਸਮਾਂ ਪਹਿਲਾਂ ਹੀ ਪਾਰਟੀ ਵਿਚ ਸ਼ਾਮਲ ਹੋਏ ਹਨ। ਆਮ ਆਦਮੀ ਪਾਰਟੀ ਅਤੇ ਕਾਂਗਰਸ ਨੇ ਵੀ ਅਜਿਹੇ 3 ਉਮੀਦਵਾਰ ਐਲਾਨੇ ਹਨ, ਜਦਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਇੱਕੋ ਅਜਿਹੇ ਲੀਡਰ ਨੂੰ ਟਿਕਟ ਦਿੱਤੀ ਗਈ ਹੈ। ਜਲੰਧਰ ਤੋਂ ਭਾਜਪਾ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਇੱਕੋ ਸਾਲ ਵਿਚ 2 ਵਾਰ ਪਾਰਟੀ ਬਦਲੀ ਹੈ। 2017 'ਚ ਕਾਂਗਰਸ ਵੱਲੋਂ ਜਲੰਧਰ ਵੈਸਟ ਤੋਂ ਵਿਧਾਇਕ ਬਣਨ ਵਾਲੇ ਸੁਸ਼ੀਲ ਕੁਮਾਰ ਰਿੰਕੂ 2022 ਵਿਚ ਵਿਧਾਨ ਸਭਾ ਦੀ ਚੋਣ ਹਾਰ ਗਏ ਸਨ। 2023 ਵਿਚ ਉਹ ਪਾਰਟੀ ਬਦਲ ਕੇ ਆਮ ਆਦਮੀ ਪਾਰਟੀ ਵਿਚ ਆਏ ਤੇ ਜਲੰਧਰ ਤੋਂ ਜ਼ਿਮਨੀ ਚੋਣ ਵਿਚ ਲੋਕ ਸਭਾ ਮੈਂਬਰ ਬਣ ਗਏ। 2024 ਦੀਆਂ ਚੋਣਾਂ ਲਈ ਆਮ ਆਦਮੀ ਪਾਰਟੀ ਨੇ ਉਨ੍ਹਾਂ ਨੂੰ ਮੁੜ ਉਮੀਦਵਾਰ ਐਲਾਨ ਦਿੱਤਾ ਸੀ, ਪਰ ਫ਼ਿਰ ਵੀ ਇਹ ਐਨ ਮੌਕੇ 'ਤੇ ਭਾਜਪਾ ਵਿਚ ਚਲੇ ਗਏ ਅਤੇ ਭਾਜਪਾ ਨੇ ਉਨ੍ਹਾਂ ਨੂੰ ਜਲੰਧਰ ਤੋਂ ਹੀ ਟਿਕਟ ਦੇ ਦਿੱਤੀ। ਭਾਰਤੀ ਜਨਤਾ ਪਾਰਟੀ 1996 ਤੋਂ ਬਾਅਦ ਪਹਿਲੀ ਵਾਰ ਪੰਜਾਬ ਵਿਚ ਸ਼੍ਰੋਮਣੀ ਅਕਾਲੀ ਦਲ ਤੋਂ ਬਗੈਰ ਲੋਕ ਸਭਾ ਚੋਣ ਲੜਣ ਜਾ ਰਹੀ ਹੈ। ਭਾਜਪਾ ਇਸ ਵਾਰ ਸੂਬੇ ਦੀਆਂ ਸਾਰੀਆਂ 13 ਸੀਟਾਂ 'ਤੇ ਕਿਸਮਤ ਅਜ਼ਮਾ ਰਹੀ ਹੈ। ਇਸ ਲਈ ਪਾਰਟੀ ਨੇ ਮੌਜੂਦਾ ਸੰਸਦ ਮੈਂਬਰਾਂ 'ਤੇ ਦਾਅ ਖੇਡਿਆ ਹੈ।

## ਲੁੱਟ-ਖੋਹ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼, 90 ਦਿਨਾਂ 'ਚ 30 ਵਾਰਦਾਤਾਂ ਨੂੰ ਅੰਜਾਮ, ਕਿੰਗ ਪਿਨ ਸਣੇ 11 ਮੁਲਜ਼ਮ ਕਾਬੂ




**ਅੰਮ੍ਰਿਤਸਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਰਾਤ ਦੇ ਹਨੇਰੇ 'ਚ ਹਥਿਆਰਾਂ ਦੇ ਬਲ 'ਤੇ ਲੁੱਟ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜਿਸ 'ਚ ਕਮਿਸ਼ਨਰੇਟ ਪੁਲਸ ਨੇ ਗਿਰੋਹ ਦੇ ਕਿੰਗ ਪਿਨ ਸਣੇ 11 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਦੇ ਕਬਜ਼ੇ 'ਚੋਂ ਖੋਹੇ ਗਏ 23 ਮੋਬਾਈਲ, 5 ਮੋਟਰਸਾਈਕਲ, 3 ਦਾਤਰ, ਕ੍ਰਿਪਾਨਾਂ, ਬੇਸਬਾਲ ਤੇ ਲੋਹੇ ਦੀ ਰਾਡ ਰਿਕਵਰ ਕੀਤੀ ਗਈ ਹੈ। ਇਹ ਖੁਲਾਸਾ ਬੀਤੇ ਦਿਨ ਏ. ਡੀ. ਸੀ. ਪੀ. ਦਰਪਣ ਆਹਲੂਵਾਲੀਆ ਤੇ ਏ. ਡੀ. ਸੀ. ਪੀ. ਪ੍ਰਭਜੋਤ ਸਿੰਘ ਵਿਰਕ ਨੇ ਪੱਤਰਕਾਰ ਸੰਮੇਲਨ ਦੌਰਾਨ ਕੀਤਾ। ਪੁਲਸ ਨੇ ਗ੍ਰਿਫਤਾਰ ਕੀਤੇ ਸਾਰੇ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਦੇ ਨਿਰਦੇਸ਼ਾਂ 'ਤੇ ਜਾਂਚ ਲਈ ਇਕ ਦਿਨ ਦੇ ਪੁਲਸ ਰਿਮਾਂਡ 'ਤੇ ਲਿਆ ਹੈ। ਉਨ੍ਹਾਂ ਦੱਸਿਆ ਕਿ ਥਾਣਾ ਗੇਟ ਹਕੀਮਾ ਤੇ ਥਾਣਾ ਰਣਜੀਤ ਐਵੇਨਿਊ ਦੇ ਇੰਚਾਰਜ ਦੁਆਰਾ ਜੁਆਇੰਟ ਆਪ੍ਰੇਸ਼ਨ ਕਰ ਕੇ ਗ੍ਰਿਰੋਹ ਦਾ ਪਰਦਾਫਾਸ਼ ਕੀਤਾ ਗਿਆ ਹੈ। ਕਿੰਗ-ਪਿਨ ਮਨਵੀਰ ਬਾਵਾ ਉਰਫ ਬਾਵਾ, ਵਿਸ਼ਾਲ ਮਹਿਰਾ ਉਰਫ ਭੂਤ, ਪ੍ਰਭਜੋਤ ਸਿੰਘ ਪ੍ਰਭ, ਕਰਨ ਉਰਫ ਪੰਚੂ, ਹਿਮਾਂਸ਼ੂ ਕੁਮਾਰ, ਲਵ ਸ਼ਰਮਾ, ਨਿਤੇਸ਼, ਰਾਹੁਲ, ਰਾਘਵ ਤੇ ਗੁਰਦਿਆਲ ਸਿੰਘ ਉਰਫ ਗਗਨ ਦੇ ਨਾਲ ਇਕ ਨਾਬਾਲਿਕ ਸ਼ਾਮਿਲ ਹੈ। ਏ. ਡੀ. ਸੀ. ਪੀ. ਡਾਕਟਰ ਦਰਪਣ ਆਹਲੂਵਾਲੀਆ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਰੋਹ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ, ਬਸ ਸਟਾਪ ਅਤੇ ਧਾਰਮਿਕ ਥਾਵਾਂ ਦੇ ਨੇੜੇ-ਤੇੜੇ ਸਰਗਰਮ ਰਹਿੰਦਾ ਸੀ। ਗਿਰੋਹ ਦੇ ਸਾਰੇ ਮੈਂਬਰ ਰਾਤ 10 ਵਜੇ ਤੋਂ ਬਾਅਦ ਵਾਰਦਾਤ ਕਰਨ ਲਈ ਸਰਗਰਮ ਹੋ ਜਾਂਦੇ ਸਨ ਅਤੇ ਅਕਸਰ ਜ਼ੋਮੈਟੋ, ਸਵਿੱਗੀ ਤੇ ਬਾਹਰੋਂ ਆਉਣ ਵਾਲੇ ਯਾਤਰੀਆਂ ਨੂੰ ਆਪਣਾ ਨਿਸ਼ਾਨਾ ਬਣਾਉਂਦੇ ਸਨ। ਹਾਲ ਹੀ 'ਚ ਗਿਰੋਹ ਨੇ ਰਣਜੀਤ ਐਵੇਨਿਊ ਖੇਤਰ 'ਚ ਦੇਰ ਰਾਤ ਇਕ ਜ਼ੋਮੈਟੋ ਡਲਿਵਰੀ ਬੁਆਏ ਕਰਨ ਦਾ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਮੋਟਰਸਾਈਕਲ ਤੇ ਮੋਬਾਈਲ ਖੋਹਿਆ ਸੀ, ਜਿਸ ਨੂੰ ਪੁਲਸ ਨੇ ਰਿਕਵਰ ਕਰ ਦਿੱਤਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI

## ਸਮੂਹ ਲੋਕ ਸਭਾ ਸੀਟਾਂ ਤੋਂ

# ਪੰਥਕ ਉਮੀਦਵਾਰਾਂ ਨੂੰ ਰਿਕਾਰਡ ਤੋੜ ਵੋਟਾਂ ਨਾਲ ਜਿਤਾ ਕੇ ਪੰਥਕ ਸ਼ਕਤੀ ਮਜ਼ਬੂਤ ਕੀਤੀ ਜਾਵੇ : ਸਿੰਘ ਸਾਹਿਬ



**ਬਾਘਾਪੁਰਾਣਾ, 11 ਮਈ (ਟਿੰਕੂ ਕਾਠਪਾਲ)**-ਅੱਜ ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਚੋਣ ਲੜ ਰਹੇ ਭਾਈ ਸਰਬਜੀਤ ਸਿੰਘ ਮਲੋਆ ਵੱਲੋਂ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਅੱਜ ਸਥਾਨਕ ਸ਼ਹਿਰ ਦੇ ਕੋਟਕਪੂਰਾ ਰੋਡ ਉਪਰ ਸਥਿਤ ਵਿਖੇ ਹਲਕਾ ਬਾਘਾ ਪੁਰਾਣਾ ਦਾ ਚੋਣ ਦਫਤਰ ਦਾ ਉਦਘਾਟਨ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਵੱਡੇ ਇਕੱਠ ਵਿੱਚ ਉਦਘਾਟਨ ਕੀਤਾ। ਇਸ ਮੌਕੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਅੱਜ ਦੀ ਆਵਾਜ਼ ਦੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਹੋਇਆ ਕਿਹਾ ਕਿ ਗੁਰੂ ਮਹਾਰਾਜ ਸੱਚੇ ਪਾਤਸ਼ਾਹ ਦੀ ਕਿਰਪਾ ਜੀ ਦੇ ਨਾਲ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਭਾਈ ਸਤਵੰਤ ਸਿੰਘ ਭਾਈ ਕੇਹਰ ਸਿੰਘ ਆਦਿ ਵਿੱਚੋਂ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਸਰਬਜੀਤ ਸਿੰਘ ਖਾਲਸਾ ਮਲੋਆ ਜੋ ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ ਹਨ, ਸਾਰੇ ਪੰਥ ਨੇ ਇਹਨਾਂ ਨੂੰ ਕੌਮੀ ਉਮੀਦਵਾਰ ਮੰਨ ਕੇ ਸਪੋਰਟ ਕਰਨ ਦਾ ਫੈਸਲਾ ਲਿਆ ਹੈ। ਬਾਘਾ ਪੁਰਾਣਾ ਦੀਆਂ ਸੰਗਤਾਂ ਨੇ ਵਿਸ਼ੇਸ਼ ਤੌਰ 'ਤੇ ਦਫਤਰ ਦਾ ਉਦਘਾਟਨ ਕੀਤਾ ਅਤੇ ਭਾਈ ਸਰਬਜੀਤ ਸਿੰਘ ਨੂੰ ਬਹੁਤ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਸੱਦਿਆ ਗਿਆ ਹੈ। ਸਿੰਘ ਸਾਹਿਬ ਨੇ ਇਸ ਮੌਕੇ ਪੰਜਾਬ ਦੀਆਂ ਸਾਰੀਆਂ ਲੋਕ ਸਭਾ ਸੀਟਾਂ ਨਾਲ ਸਬੰਧਤ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਵੋਟਾਂ ਪੰਥਕ ਉਮੀਦਵਾਰਾਂ ਨੂੰ ਪਾਉਣ ਤਾਂ ਕਿ ਪੰਥਕ ਸ਼ਕਤੀ ਨੂੰ ਮਜਬੂਤ ਕਰਕੇ ਕੁਚਲੇ ਜਾ ਰਹੇ ਹੱਕ ਬਹਾਲ ਕਰਾਏ ਜਾ ਸਕਣ। ਇਸ ਮੌਕੇ ਦਲੇਰ ਸਿੰਘ ਡੋਢ ਭਾਈ ਗੁਰਸੇਵਕ ਸਿੰਘ ਜਵਾਹਰਕੇ ਭਾਈ ਜਗਤਾਰ ਸਿੰਘ ਮੈਂਬਰ ਐਸਜੀਪੀਸੀ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂ ਵਾਲੇ ਅਤੇ ਮੈਂਬਰ ਐਸਜੀਪੀਸੀ ਅਤੇ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪੰਥਕ ਸੰਗਤਾਂ ਨੂੰ ਸਰਬਜੀਤ ਸਿੰਘ ਮਲੋਆ ਦੇ ਹੱਕ ਵਿੱਚ ਵੋਟਾਂ ਪਾਉਣ ਅਤੇ ਤਨ ਮਨ ਧਨ ਨਾਲ ਸੇਵਾ ਕਰਨ ਦੀ ਗੱਲ ਕਹੀ। ਇਸ ਮੌਕੇ ਹੋਰਨਾਂ ਆਗੂਆਂ ਵਿੱਚ ਬਲਵਿੰਦਰ ਸਿੰਘ ਔਲਖ ਮਲਕੀਤ ਸਿੰਘ ਬਾਘਾ ਪੁਰਾਣਾ ਰਵਿੰਦਰ ਸਿੰਘ ਕਾਲੇਕੇ ਗੁਰਜੰਟ ਸਿੰਘ ਕਾਲੇਕੀ ਚਮਕੌਰ ਸਿੰਘ ਕਾਲੇਕੇ ਭਜਨ ਸਿੰਘ ਕਾਲੇਕੇ ਗੁਰਮੇਲ ਸਿੰਘ ਕਾਲੇਕੀ ਤਾਰਾ ਸਿੰਘ ਲੰਗਿਆਂ ਨੇ ਨਵਾਂ ਜੁਗਰਾਜ ਸਿੰਘ ਲੰਗਿਆਣਾ ਪੁਰਾਣਾ ਜਰਨੈਲ ਸਿੰਘ ਕਾਲੇਕੀ ਗੁਰਦੇਵ ਸਿੰਘ ਲੰਗਿਆਣਾ ਪੁਰਾਣਾ ਮੇਜਰ ਸਿੰਘ ਲੰਗਿਆਣਾ ਪੁਰਾਨਾ ਰਾਜਦੀਪ ਸਿੰਘ ਰੋਡੇ ਹਰਭਜਨ ਸਿੰਘ ਔਲਖ ਗੁਰਵਿੰਦਰ ਸਿੰਘ ਰੋਡੇ ਵਿਸਾਖਾ ਸਿੰਘ ਔਲਖ ਜਗੀਰ ਸਿੰਘ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ੳ A अ
**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ AWAZE QAUM International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੂ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਟਾਹਲਾ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੋਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਜਾਰੀ ਕਰਤਾ:
ਖਾਲਸਾ ਅਕੈਡਮੀ ਨਰਸਰੀ ਤੋਂ +2 ਤੱਕ
ਖਾਲਸਾ I.C.S.E. Board Pre-Nur to 8th
ਖਾਲਸਾ ਹੋਸਟਲ Fully A.C.
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626

# ਸੰਮਤ ਪ੫੬ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ | ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) | ਤਖ਼ਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ (ਨੰਦੇੜ)



ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

## (ਸੰਨ 2024–25)

**ਚੇਤ** (ਮਾਰਚ–24 / ਅਪ੍ਰੈਲ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ–24 / ਮਈ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ–24 / ਜੂਨ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ–24 / ਜੁਲਾਈ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ–24 / ਅਗਸਤ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ–24 / ਸਤੰਬਰ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ–24 / ਅਕਤੂਬਰ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ–24 / ਨਵੰਬਰ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ–24 / ਦਸੰਬਰ–24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ–24 / ਜਨਵਰੀ–25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ–25 / ਫਰਵਰੀ–25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫਰਵਰੀ–25 / ਮਾਰਚ–25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ

**ਗੁਰਪੁਰਬ** | **ਇਤਿਹਾਸਕ ਦਿਹਾੜੇ** | **ਸਰਕਾਰੀ ਛੁੱਟੀਆਂ** | **ਭਗਤ ਸਾਹਿਬਾਨ ਦੇ ਦਿਹਾੜੇ**

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

**ਜਥੇਬੰਦੀ ਦਮਦਮੀ ਟਕਸਾਲ ਭਿਡਰਾਂਵਾਲੇ**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ AWAZE QAUM International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖ਼ਾਲਸਾ। ਵਾਹਿਗੁਰੂ ਜੀ ਕੀ ਫਤਿਹ॥


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ, ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਸਰਹਿੰਦ ਫ਼ਤਿਹ ਦਿਵਸ, ਸਲਾਨਾ ਬਰਸੀ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲੇ ਗੱਗੋਬੂਹਾ (ਅੰਮ੍ਰਿਤ) ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ ਤੇ ਕੀਤੇ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਸ਼ਹੀਦੀ ਨੂੰ ਸਮਰਪਿਤ 40 ਦਿਨ ਹਰ ਰੋਜ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮਾਂ ਨੂੰ 7 ਤੋਂ 8 ਵਜ਼ੇ ਤੱਕ ਵਾਹਿਗੁਰੂ ਦਾ ਅਭਿਆਸ ਸਿਮਰਨ ਹੋਵੇਗਾ

ਸ਼ਨਿੱਚਰਵਾਰ 11 ਮਈ ਸ਼ਾਮ 5 ਤੋਂ 6 ਵਜ਼ੇ ਤੱਕ ਵਾਹਿਗੁਰੂ ਸਿਮਰਨ 6 ਤੋ 8 ਵਜ਼ੇ ਤੱਕ ਦੀਵਾਨ ਸੱਜਣਗੇ।

ਐਤਵਾਰ 12 ਮਈ 2024 ਸਮਾਂ 6 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਦਇਆ ਸਿੰਘ ਯੂ.,ਐਸੇ,ਏ ਵਾਲੇ ਅਤੇ ਭਾਈ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ ਸਤਿਗੁਰ ਪ੍ਰਸਾਦਿ ॥

ਜੇਹਾ ਚੀਰੀ ਲਿਖਿਆ, ਤੇਹਾ ਹੁਕਮ ਕਮਾਇ । ਘੱਲੇ ਆਵਹਿ ਨਾਨਕਾ, ਸੱਦੇ ਉਠਿ ਜਾਇ ॥



ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪਰਮ ਸਤਿਕਾਰਯੋਗ ਮਾਤਾ ਜੀ

# ਸਰਦਾਰਨੀ ਸਤਵੰਤ ਕੌਰ

(ਮਾਤਾ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ
ਭਾਈ ਗੁਰਮੀਤ ਸਿੰਘ ਖਨਿਆਣ ਅਤੇ ਸ: ਅਮਰੀਕ ਸਿੰਘ ਫੋਰਮੈਨ)
ਮਿਤੀ 7 ਮਈ, 2024 ਨੂੰ ਅਕਾਲ ਪੁਰਖ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ । ਉਨ੍ਹਾਂ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ

**ਸ੍ਰੀ ਗੁਰੂ ਗਰੰਥ ਸਾਹਿਬ ਜੀ ਦੇ**

# ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ

ਪਿੰਡ ਖਨਿਆਣ (ਨੇੜੇ ਅਮਲੋਹ) ਜਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ ਵਿਖੇ

12 ਮਈ, 2024 (ਦਿਨ ਐਤਵਾਰ) ਪਿੰਡ ਵਾਲੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ ।

ਭੋਗ ਦਾ ਸਮਾਂ : ਦੁਪਿ: 12-00 ਵਜੇ ਤੋਂ 2-00 ਵਜੇ ਤੱਕ

ਕੀਰਤਨ ਉਪਰੰਤ ਗੁਰੂ ਕਾ ਲੰਗਰ

ਗੁਰੂ ਦੇ ਭਾਣੇ ਵਿੱਚ

**ਅਮਰੀਕ ਸਿੰਘ ਫੋਰਮੈਨ (ਸਪੁੱਤਰ) ਮੋ: 98154-06876**

**ਭਾਈ ਗੁਰਮੀਤ ਸਿੰਘ ਖਨਿਆਣ (ਸਪੁੱਤਰ)**

ਸਮੂਹ ਪਰਿਵਾਰ, ਖਨਿਆਣ

ਆਵਾਜ਼ਿ ਕੌਮ AWAZE QAUM International Newspaper & WEB TV

|| ੴ ਸਤਿਗੁਰ ਪ੍ਰਸਾਦਿ ||

|| ਸੇਵਕ ਕੀ ਓੜਕਿ ਨਿਬਹੀ ਪ੍ਰੀਤ ||

||ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ ||

ਖਾਲਸਾ ਰਾਜ ਲਈ ਜੂਝ ਰਹੇ ਜਲਾਵਤਨੀ ਤੇ ਸਿਖ ਫੈਡਰੇਸ਼ਨ ਜਰਮਨ ਦੇ ਆਗੂ ਭਾਈ ਗੁਰਮੀਤ ਸਿੰਘ ਖਨਿਆਣ ਦੇ

ਸਤਿਕਾਰਯੋਗ ਮਾਤਾ ਜੀ



**ਸਰਦਾਰਨੀ ਸਤਵੰਤ ਕੌਰ**

ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ 7 ਮਈ 2024 ਨੂੰ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ|ਓਹਨਾਂ ਦੀ ਆਤਮਿਕ ਸ਼ਾਂਤੀ ਲਈ ਸ਼੍ਰੀ ਅਖੰਡ ਪਾਠ ਸਾਹਿਬ ਦੇ **ਭੋਗ ਅਤੇ ਅੰਤਿਮ ਅਰਦਾਸ 12 ਮਈ 2024 , ਦਿਨ ਐਤਵਾਰ 1:00 ਵਜੇ** ਬਾਅਦ ਦੁਪਹਿਰ ਗੁਰਦਵਾਰਾ ਸਾਹਿਬ , ਪਿੰਡ ਖਨਿਆਣ ਤਹਿਸੀਲ ਅਮਲੋਹ ਜਿਲਾ ਫਤਹਿਗੜ ਸਾਹਿਬ ਵਿਖੇ ਹੋਵੇਗੀ


ਦੁੱਖ ਦੇ ਸਮੇਂ - ਖਨਿਆਣ ਪਰਿਵਾਰ ਦੇ ਨਾਲ

*ਭਾਈ ਦਲਜੀਤ ਸਿੰਘ ਬਿੱਟੂ, ਬਾਬਾ ਹਰਦੀਪ ਸਿੰਘ, ਭਾਈ ਸੁਰਿੰਦਰ ਸਿੰਘ ਕਿਸ਼ਨਪੁਰਾ,*

*ਭਾਈ ਰਵਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਰਿਆ, ਭਾਈ ਸਤਨਾਮ ਸਿੰਘ ਖੰਡਾ,*

*ਭਾਈ ਨਰਾਇਣ ਸਿੰਘ ਚੌੜਾ,ਭਾਈ ਬਖਸ਼ੀਸ਼ ਸਿੰਘ, ਰਾਮ ਸਿੰਘ ਢਾਪਾਲੀ*

ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ

## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ ਸਾਹਿਬ ਵਿਖ਼ੇ ਹੋਵੇਗੀ


ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਣਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ ਅਸੀਂ ਜੱਥਾ ਠੀਕਰੀਵਾਲ ਵਲੋਂ ਮਾਤਾ ਜੀ ਦੇ ਅਕਾਲ ਚਲਾਣਾ ਕਰ ਜਾਣ ਤੇਂ ਭਾਈ ਭਾਈ ਖਾਨਿਆਨ ਜੀ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹਾ। ਜੱਥਾ ਠੀਕਰੀਵਾਲ ਦੇ ਮੁੱਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਕਿਹਾ ਭਾਈ ਗੁਰਮੀਤ ਸਿੰਘ ਜੀ ਸਿੱਖ ਸੰਘਰਸ਼ ਦੇ ਪਾਂਧੀ ਹਨ ਲੰਮੇ ਸਮੇ ਤੋ ਜਲਾਵਤਨ ਹਨ ਭਾਈ ਸਾਬ ਜੀ ਹਰ ਸਿੱਖ ਸੰਘਰਸ਼ ਵਿੱਚ ਵੱਧ ਚੜ ਕੇ ਹਿਸਾ ਲੈਂਦੇ ਹਨ ਓਹਨੇ ਦੀਆ ਕੀਤਿਆਂ ਮਾਤਾ ਜੀ ਪਿਤਾ ਜੀ ਵਲੋਂ ਵਿਰਸੇ ਵਿੱਚ ਮਿਲੇ ਸੰਸਕਾਰਾਂ ਦੀ ਹੀ ਉਪਜ ਹਨ ਜੋ ਭਾਈ ਸਾਬ ਜੀ ਹੋਰਾਂ ਮਾਤਾ ਜੀ ਹੋਰਾਂ ਤੋ ਬਚਪਨ ਵਿੱਚ ਸਿੱਖਿਆ ਓਹਦੇ ਕਰਕੇ ਉਹ ਗੁਰਮਤ ਤੇਂ ਗਾਡੀ ਰਾਹ ਦੇ ਪਾਂਧੀ ਬਣੇ ਹਨ ਭਾਈ ਸਾਬ ਜਲਾਵਤਨ ਹੋਣ ਕਰਕੇ ਮਾਤਾ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਨਹੀ ਹੋ ਸਕਣਗੇ ਸੋਂ ਸਾਰੀਆਂ ਸਿੱਖ ਸੰਸਥਾਵਾਂ ਨੂੰ ਬੇਨਤੀ ਹੈ ਮਾਤਾ ਜੀ ਦੀ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ ਸਾਹਿਬ ਵਿਖ਼ੇ ਹਾਜ਼ਰੀਆ ਭਰਨ ਦੀ ਕਿਰਪਾਲਤਾ ਕਰਨਾ ਜੀ।

ਆਵਾਜ਼ਿ ਕੌਮ AWAZE QAUM International Newspaper & WEB TV



**ਸਵ. ਮਾਤਾ ਸਤਵੰਤ ਕੌਰ ਜੀ**

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਣਿਆਨ ਦੇ ਸਤਿਕਾਰਯੋਗ ਮਾਤਾ ਜੀ



--✶ ਗੁਰੂ ਪੰਥ ਦਾ ਸੇਵਾਦਾਰ ✶--

# ਜਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

## ਯੂ. ਐਸ. ਏ.

## ਮੁੱਖ ਸੇਵਾਦਾਰ, ਜੱਥਾ ਠੀਕਰੀਵਾਲ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ

## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਵੇਗੀ

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ। ਇੰਟਰਨੈਸ਼ਨਲ ਪੰਥਕ ਦਲ ਅਤੇ ਅਦਆਰਾ ਆਵਾਜ਼ਿ ਕੌਮ ਵੱਲੋਂ ਮਾਤਾ ਜੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਭਾਈ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਮੀਤ ਸਿੰਘ ਖਨਿਆਣ, ਜੋ ਕਿ ਸਿੱਖ ਸੰਘਰਸ਼ ਦੇ ਪਾਂਧੀ ਹਨ, ਲੰਮੇ ਸਮੇਂ ਤੋਂ ਜਲਾਵਤਨੀ ਹਨ, ਨਾਲ ਡੂੰਘੇ ਦੁੱਖ ਦੇ ਪ੍ਰਗਟਾਵਾ ਕਰਦੇ ਹਾਂ। ਅਕਾਲ ਪੁਰਖ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਬੀਬੀ ਸਤਵੰਤ ਕੌਰ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।



**ਸਵ. ਮਾਤਾ ਸਤਵੰਤ ਕੌਰ ਜੀ**
ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਜੀ



--✶ ਗੁਰੂ ਪੰਥ ਦਾ ਸੇਵਾਦਾਰ ✶--

## ਭਾਈ ਰਘਵੀਰ ਸਿੰਘ ਵਾਲਸਾਲ

ਐਡੀਟਰ-ਇਨ-ਚੀਫ਼

ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ

ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਣਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ


## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖ਼ੇ ਹੋਵੇਗੀ

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਣਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ। ਅਸੀਂ ਇਸ ਮੌਕੇ ਭਾਈ ਗੁਰਮੀਤ ਸਿੰਘ ਖਨਿਆਣ, ਜੋ ਕਿ ਸਿੱਖ ਸੰਘਰਸ਼ ਦੇ ਪਾਂਧੀ ਹਨ, ਲੰਮੇ ਸਮੇਂ ਤੋਂ ਜਲਾਵਤਨੀ ਹਨ, ਨਾਲ ਡੂੰਘੇ ਦੁੱਖ ਦੇ ਪ੍ਰਗਟਾਵਾ ਕਰਦੇ ਹਾਂ। ਅਕਾਲ ਪੁਰਖ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਬੀਬੀ ਸਤਵੰਤ ਕੌਰ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

ਆਵਾਜ਼ਿ ਕੌਮ AWAZE QAUM International Newspaper & WEB TV



**ਸਵ. ਮਾਤਾ ਸਤਵੰਤ ਕੌਰ ਜੀ**
ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਣਿਆਨ ਦੇ ਸਤਿਕਾਰਯੋਗ ਮਾਤਾ ਜੀ



--★ ਗੁਰੂ ਪੰਥ ਦਾ ਸੇਵਾਦਾਰ ★--

## ਭਾਈ ਪ੍ਰਗਟ ਸਿੰਘ ਨਿੱਝਰ

(ਰੋਮਾਨੀਆ ਕਾਂਡ)

ਜਰਮਨੀ


ਮਹਾਨ ਜਰਨੈਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ
੩੦੦ ਸਾਲਾਂ ਜਨਮ ਸ਼ਤਾਬਦੀ ਦੇ ਸਮਾਪਨ ਦੇ ਮੌਕੇ ਤੇ
ਸ਼ੋਮਣੀ ਪੰਥ ਅਕਾਲੀ ਬੁੱਢਾ ਦਲ ਅਤੇ ਸਮੂਹ ਦਲ ਪੰਥ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਅਤੇ ਚੜ੍ਹਦੀ ਕਲਾ ਟਾਈਮ ਟੀਵੀ ਦੇ ਸਹਿਯੋਗ ਨਾਲ
ਕਾਰ ਸੇਵਾ ਗੁਰਦੁਆਰਾ ਚਿੱਲ੍ਹਾ ਸਾਹਿਬ ਸਿਰਸਾ
ਬਾਬਾ ਜੱਸਾ ਸਿੰਘ ਰਾਮਗੜ੍ਹਿਆ ਜਨਮ ਸ਼ਤਾਬਦੀ ਕਮੇਟੀ
ਇੰਟਰਨੈਸ਼ਨਲ ਸਿੱਖ ਫੋਰਮ
ਸ਼ੋਮਣੀ ਗਤਕਾ ਫੈਡਰੇਸ਼ਨ ਆਫ ਇੰਡੀਆ
ਵਲੋਂ
ਆਵਾਜ਼ਿ ਕੌਮ AWAZE QAUM International Newspaper & WEB TV
SGFI
ISF INTERNATIONAL SIKH FORUM
ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ
ਸਿੰਘ ਸਾਹਿਬ ਗਿ: ਹਰਪ੍ਰੀਤ ਸਿੰਘ ਜੀ ਜੱਥੇਦਾਰ ਤਖ਼ਤ ਸ਼੍ਰੀ ਦਮਦਮਾ ਸਾਹਿਬ
ਮਹਾਨ ਸ਼ਤਾਬਦੀ ਗੁਰਮਤਿ ਸਮਾਗਮ
ਸਥਾਨ : ਗੁਰਦੁਆਰਾ ਚਿੱਲ੍ਹਾ ਸਾਹਿਬ, ਸਿਰਸਾ
ਸਿੰਘ ਸਾਹਿਬ ਬਾਬਾ ਮਾਨ ਸਿੰਘ ਜੀ ਮੜ੍ਹੀਆਂ ਵਾਲੇ
ਮਿਤਿ : 12 ਮਈ 2024 ਦਿਨ : ਐਤਵਾਰ, ਸਮਾਂ ਸਵੇਰੇ 9:00 ਵਜੇ ਤੋਂ ਦੁਪਿਹਰ 3:00 ਵਜੇ ਤੱਕ
ਜਥੇਦਾਰ ਬਾਬਾ ਜਗਤਾਰ ਸਿੰਘ ਜੀ (ਗੁਰਦੁਆਰਾ ਚਿੱਲ੍ਹਾ ਸਾਹਿਬ)
ਸਮਾਗਮ ਦੌਰਾਨ ਇਤਿਹਾਸਿਕ ਸ਼ਸਤਰਾਂ ਦੇ ਦਰਸ਼ਨ ਬੁੱਢਾ ਦਲ ਵਲੋਂ ਕਰਵਾਏ ਜਾਣਗੇ
ਪਹੁੰਚ ਰਹੇ ਸੰਤ ਮਹਾਪੁਰਸ਼, ਰਾਗੀ, ਢਾਡੀ, ਪ੍ਰਚਾਰਕ ਅਤੇ ਪੰਥਕ ਸ਼ਖਸ਼ੀਅਤਾਂ
ਜ: ਭੁਪਿੰਦਰ ਸਿੰਘ ਅਸੰਧ ਪ੍ਰਧਾਨ ਹਰਿਆਣਾ ਗੁ: ਪ੍ਰ: ਕਮੇਟੀ
ਜ: ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਗੁ: ਪ੍ਰ: ਕਮੇਟੀ
ਸ੍ਰ: ਜਗਜੀਤ ਸਿੰਘ ਦਰਦੀ ਪਦਮ ਸ਼੍ਰੀ ਅਤੇ ਪ੍ਰਧਾਨ ਸਿੱਖ ਫੋਰਮ
ਭਾਈ ਗੁਰਪ੍ਰੀਤ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
ਭਾਈ ਜਸਕਰਨ ਸਿੰਘ ਜੀ ਪੰਥ ਪ੍ਰਸਿੱਧ ਰਾਗੀ ਜੱਥਾ ਪਟਿਆਲਾ ਵਾਲੇ
ਡਾ ਸੁਖਪ੍ਰੀਤ ਸਿੰਘ ਉਦੋਕੇ ਪੰਥ ਪ੍ਰਸਿੱਧ ਹਿਸ਼ਟੋਰਿਅਨ ਅਤੇ ਪ੍ਰਚਾਰਕ
ਭਾਈ ਸੁਖਜੀਤ ਸਿੰਘ ਘਨਇਆ ਪੰਥ ਪ੍ਰਸਿਧ ਕਥਾ ਵਾਚਕ ਬੁੱਢਾ ਦਲ
ਖਾਲਸਾ ਫਤਿਹ ਮਾਰਚ
11 ਮਈ 2024, ਸ਼ਾਮ 3:00 ਵਜੇ
ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਹਿਸਾਰ ਤੋਂ ਸਵੇਰੇ 9 ਵਜੇ ਆਰੰਭ ਹੋ ਕੇ ਢੰਡੂਰ, ਅਗਰੋਹਾ, ਫਤਿਹਾਬਾਦ, ਡਿੰਗ ਹੁੰਦਾ ਹੋਇਆ ਸ਼ਾਮ ੩ ਵਜੇ ਸਿਰਸਾ ਹੁੱਡਾ ਚੋਕ ਪਹੁੰਚ ਕੇ ਵੱਖ ਵੱਖ ਬਾਜਾਰਾਂ ਤੋਂ ਹੁੰਦਾ ਹੋਇਆ ਸ਼ਾਮ 7 ਵਜੇ ਗੁਰਦੁਆਰਾ ਚਿੱਲ੍ਹਾ ਸਾਹਿਬ ਸਮਾਪਤੀ ਹੋਵੇਗੀ
18 ਵੀਂ ਸਦੀ ਦੇ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਤੇ ਆਧਾਰਿਤ ਇਤਿਹਾਸਕ ਲਾਈਟ ਅਤੇ ਸਾਊਂਡ ਨਾਟਕ
ਕੌਮ ਦਾ ਯੋਧਾ
11 ਮਈ 2024, ਸ਼ਾਮ 7:00 ਵਜੇ
11 ਮਈ ਨੂੰ ਨਿਹੰਗ ਸਿੰਘ ਜੱਥੇਬੰਦੀਆਂ ਜੰਗੀ ਘੋੜੇ ਅਤੇ ਊਠਾਂ ਸਮੇਤ ਪੂਰੇ ਜਾਹੋ ਜਲਾਲ ਨਾਲ ਖਾਲਸਾ ਫਤਿਹ ਮਾਰਚ ਵਿਚ ਸ਼ਾਮਿਲ ਹੋਣਗੀਆਂ ਅਤੇ
12 ਮਈ ਨੂੰ ਗੁਰਦੁਆਰਾ ਚਿੱਲ੍ਹਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੋਵੇਗਾ
ਫ੍ਰੀ ਮੈਡਿਕਲ ਕੈਂਪ, ਖੂਨ-ਦਾਨ ਕੈਂਪ ਅਤੇ ਇਤਿਹਾਸਿਕ ਚਿਤਰ ਪ੍ਰਦਰਸ਼ਨੀ ਵੀ ਰਹੇਗੀ
Media Partner CHARDIKLA TIME TV
ਸੰਪਰਕ: 98964-51113, 94164-13612, 94160-45751, 94160-05797, 81684-29100


WITH VAHEGURU JI'S ETERNAL BLESSINGS
ਆਵਾਜ਼ਿ ਕੌਮ
AWAZE QAUM
International Newspaper & WEB TV
CSGB
Sikh Council Sandwell
BIRMINGHAM & SANDWELL
VAISAKHI
NAGAR KIRTAN 2024
SUNDAY 19TH MAY
Nagar Kirtan Arambh 9:30AM
Gurdwara Babe Ke, Hockley, B16
10:20 AM
Guru Nanak Nishkam Sewak Jatha, B21
11:00 AM
Shri Guru Ravidass Bhawan, B21
11:40 AM
Gurdwara Baba Deep Singh Ji Shaheed, B21
13:15 PM
Guru Nanak Gurdwara Smethwick, B66
Gurmat Smagam 14:15 PM
Gurdwara Baba Sang Ji, Smethwick, B66
SCAN THE QR CODE TO REGISTER AS AN OFFICIAL NAGAR KIRTAN SEWADAR FOR 2024. SEWADAR TRAINING IS A REQUIREMENT AND WILL BE PROVIDED FOR THE DAY OF THE NAGAR KIRTAN IN ADVANCE.
SEWADAR FORM
NAGAR KIRTAN WILL CONCLUDE AT GURDWARA BABA SANG JI WITH GURMAT SMAGAM & LANGAR.
ROAD CLOSURES/DIVERSIONS WILL BE IN PLACE FROM 9AM.


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
ਆਵਾਜ਼ਿ ਕੌਮ AWAZE QAUM
International Newspaper & WEB TV
07454 023 665
07940 368926
07478 804 044


ਸ੍ਰੀ ਅਕਾਲ ਸਹਾਇ
ਅੰਮ੍ਰਿਤ ਛਕੋ
ਸਿੰਘ ਸਜੋ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਰੇਲਵੇ ਰੋਡ, ਰੇਵਾੜੀ ਵੱਲੋਂ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਮਿਤੀ- 13 ਮਈ 2024, ਦਿਨ ਸੋਮਵਾਰ
ਸਮਾਂ - 03:00 ਵਜੇ ਤੋਂ ਸ਼ਾਮ 06:00 ਵਜੇ ਤੱਕ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਸ. ਤੇਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਮੈਂਬਰ HSGMC
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜੂਰੀ ਰਾਗੀ ਜਥਾ
ਗੁਰਦੁਆਰਾ ਦਾਦੂ ਸਾਹਿਬ
ਸਮਾਂ - 04:00 ਤੋਂ 05:00 ਵਜੇ ਤੱਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਸਮਾਂ - 05:00 ਤੋਂ 06:00 ਵਜੇ ਤੱਕ
ਬੇਨਤੀ ਕਰਤਾ- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਮੂੰਹ ਸਾਧਸੰਗਤ ਰੇਵਾੜੀ,
ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)



ਪੀਵਹੁ ਪਾਹੁਲ ਖੰਡੇ ਧਾਰ ਹੋਏ ਜਨਮ ਸੁਹੇਲਾ।
ਵਾਹੁ ਵਾਹੁ ਗੋਬਿੰਦ ਸਿੰਘ ਆਪੇ ਗੁਰ ਚੇਲਾ॥
ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਅਤੇ ਮਾਤਾ ਗੁਜਰੀ ਜੀ ਦਾ ਪੇਕਾ ਘਰ
ਗੁਰਦੁਆਰਾ ਸ੍ਰੀ ਲਖਨੌਰ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਮਾਤਾ ਗੁਜਰ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਗੁਰਮਤਿ ਸਮਾਗਮ
14 ਮਈ 2024 ਦਿਨ ਮੰਗਲਵਾਰ ਸੰਗਰਾਂਦ ਦੇ ਦਿਹਾੜੇ ਤੇ ਸਮਾਂ 10 ਤੋਂ 3 ਵਜੇ ਤੱਕ
13 ਮਈ 2024 ਦਿਨ ਸੋਮਵਾਰ ਨੂੰ ਸ਼੍ਰੀ ਮਾਨ ਸੰਤ ਬਾਬਾ ਹਰਨੇਕ ਸਿੰਘ ਜੀ ਰਾੜਾ ਸਾਹਿਬ ਦੇ ਜੱਥੇ ਵਲੋਂ ਬਾਬਾ ਹਰਬੰਸ ਸਿੰਘ ਜੀ ਰਾਤ ਨੂੰ 08 ਤੋਂ 10:00 ਵਜੇ ਤੱਕ ਕੀਰਤਨ ਕਰਨਗੇ।
ਅੰਮ੍ਰਿਤ ਸੰਚਾਰ
ਮਿਤਿ 14 ਮਈ 2024 ਨੂੰ ਸਵੇਰੇ 10 ਵਜੇ ਗੁ: ਸ੍ਰੀ ਲਖਨੌਰ ਸਾਹਿਬ ਪਾ: ਦਸਵੀਂ ਅੰਬਾਲਾ ਵਿਖੇ ਕਰਵਾਇਆ ਜਾ ਰਿਹਾ ਹੈ। ਕਕਾਰ ਫਰੀ ਦਿੱਤੇ ਜਾਣਗੇ।
ਨੋਟ:- ਭਾਈ ਮਲਕੀਤ ਸਿੰਘ ਹੈਡ ਗ੍ਰੰਥੀ ਸਾਹਿਬ ਕੋਲ ਆਪਣੇ ਨਾਮ ਦਰਜ ਕਰਵਾਉਣ ਦੀ ਕਿਰਪਾਲਤਾ ਕਰਨੀ ਜੀ।
ਸਥਾਨ:- ਗੁਰਦੁਆਰਾ ਸ੍ਰੀ ਲਖਨੌਰ ਸਾਹਿਬ ਪਾਤਸ਼ਾਹੀ ਦਸਵੀਂ
ਪੁਜ ਰਹੇ ਰਾਗੀ, ਢਾਡੀ ਅਤੇ ਪ੍ਰਚਾਰਕ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਗਿਆਨੀ ਸ਼ੇਰ ਸਿੰਘ ਜੀ (ਕਥਾ ਵਾਚਕ)
ਭਾਈ ਗੁਰਪ੍ਰਤਾਪ ਸਿੰਘ ਜੀ ਪਦਮ (ਢਾਡੀ ਜੱਥਾ)
ਭਾਈ ਭਗਤ ਸਿੰਘ ਜੀ (ਕਵੀਸ਼ਰੀ ਜੱਥਾ)
ਭਾਈ ਅਮ੍ਰਿਤ ਸਿੰਘ ਜੀ
ਹਜੂਰੀ ਰਾਗੀ ਗੁ. ਲਖਨੌਰ ਸਾਹਿਬ
ਭਾਈ ਗੁਰਮੇਲ ਸਿੰਘ ਜੀ ਕਲੇਰ ਢਾਡੀ ਜੱਥਾ
ਭਾਈ ਗੁਰਜੋਤ ਸਿੰਘ ਨਲਵੀ (ਪ੍ਰਚਾਰਕ ਹਰਿਆਣਾ ਸਿੱਖ ਗੁਰਦਵਾਰਾ ਕਮੇਟੀ)
ਲੰਗਰ ਦੀ ਸੇਵਾ:- ਪਿੰਡ ਧਰਮਗੜ, ਲਾਲੜੂ ਦੀ ਸੰਗਤ ਵਲੋਂ ਕੀਤੀ ਜਾਵੇਗੀ
ਛਬੀਲ ਦੀ ਸੇਵਾ:- ਪਿੰਡ ਕੇਸਰੀ ਦੀ ਸੰਗਤ ਵਲੋਂ ਮਾਤਾ ਗੁਜਰ ਕੋਰ ਜੀ ਦੇ ਇਤਿਹਾਸਿਕ ਖੂਹ ਤੇ ਠੰਡੇ ਪਾਣੀ ਦੀ ਛਬੀਲ ਲਾਈ ਜਾਵੇਗੀ
ਲੰਗਰ ਵਰਤਾਉਣ ਅਤੇ ਜੌੜਾ ਘਰ ਦੀ ਸੇਵਾ ਗੁ: ਭਗਤ ਧੰਨਾ ਜੀ ਦੀ ਸੰਗਤ ਵਲੋਂ ਕੀਤੀ ਜਾਵੇਗੀ
ਪ੍ਰਧਾਨ ਅਤੇ ਸਮੂਹ ਮੇਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੇਨੇਜਮੇਂਟ ਕਮੇਟੀ
ਵਲੋਂ: ਮੇਨੇਜਰ ਗੁ: ਸ੍ਰੀ ਲਖਨੌਰ ਸਾਹਿਬ ਪਾ. ਦਸਵੀਂ, ਅੰਬਾਲਾ, ਫੋਨ: 9729031513
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ: ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੇਨ,ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ




ੴ ਸਤਿਗੁਰ ਪ੍ਰਸਾਦਿ॥
ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਜੀ ਦੇ
ਆਗਮਨ ਪੁਰਬ ਅਤੇ ਸੰਗ੍ਰਾਂਦ ਮਹੀਨਾ ਜੇਠ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਪਹੁੰਚ ਰਹੇ ਰਾਗੀ ਜਥੇ ਅਤੇ ਕਥਾਵਾਚਕ
14-05-2024 ਦਿਨ ਮੰਗਲਵਾਰ
ਸ਼ਾਮ 7:00 ਵਜੇ ਤੋਂ 9:00 ਵਜੇ ਤੱਕ
ਸਥਾਨ:- ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਕੁਰੂਕਸ਼ੇਤਰ
ਸਮੂੰਹ ਸਾਧ ਸੰਗਤ ਜੀਓ ਆਪ ਜੀ ਨੂੰ ਜਾਣ ਕੇ ਖੁਸ਼ੀ ਹੋਵੇਗੀ ਕਿ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਜੀ ਇਸ ਪਵਿੱਤਰ ਅਸਥਾਨ ਤੇ ਮਈ ਮਹੀਨੇ ਵਿੱਚ ਆਏ ਸਨ। ਉਹਨਾਂ ਦੇ ਆਗਮਨ ਪੁਰਬ ਨੂੰ ਮੁੱਖ ਰੱਖਦਿਆਂ ਇੱਕ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ ਵਿਖੇ ਕਰਵਾਇਆ ਜਾ ਰਿਹਾ ਹੈ। ਆਪ ਸਭ ਸੰਗਤਾਂ ਮਿਤੀ 14 ਮਈ 2024 ਦੀ ਸ਼ਾਮ 07 ਵਜੇ ਤੋ 09 ਵਜੇ ਤੀਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀ ਪੁੱਜ ਕੇ ਕੀਰਤਨ ਸਰਵਣ ਕਰੋ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਭਾਈ ਜੋਗਿੰਦਰ ਸਿੰਘ ਰਿਆੜ
ਭਾਈ ਸੂਬਾ ਸਿੰਘ ਪਿਹੋਵਾ ਵਾਲੇ
ਭਾਈ ਗੁਰਦਾਸ ਸਿੰਘ ਕਥਾਵਾਚਕ
ਜਥੇਦਾਰ ਭੁਪਿੰਦਰ ਸਿੰਘ ਜੀ ਅਸੰਧ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਬੀਬੀ ਰਵਿੰਦਰ ਕੌਰ ਅਜਰਾਣਾ
ਜੂਨੀਅਰ ਮੀਤ ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਸ੍ਰ ਕਵਲਜੀਤ ਸਿੰਘ ਜੀ ਅਜਰਾਣਾ
ਮੁੱਖ ਬੁਲਾਰਾ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਚੇਅਰਮੈਨ
ਧਰਮ ਪ੍ਰਚਾਰ ਕਮੇਟੀ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਵਲੋਂ:- ਮੈਨੇਜਰ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਕੁਰੂਕਸ਼ੇਤਰ
ਸਕੱਤਰ ਧਰਮ ਪ੍ਰਚਾਰ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ

ਭਗਤਾਂਵਾਲੇ ਡੰਪ ਰਾਹੀਂ ਲੋਕਾਂ ਦੀ ਸਿਹਤ ਨਾਲ ਕੀਤਾ ਜਾ ਰਿਹਾ ਖਿਲਵਾੜ ਅਪਰਾਧ ਹੈ- ਤਰਨਜੀਤ ਸਿੰਘ ਸੰਧੂ ਸਮੁੰਦਰੀ

# ਡੰਪ ਮੁੱਦੇ ਨੂੰ ਕੇਂਦਰ ਤਕ ਲਿਜਾਇਆ ਜਾਵੇਗਾ ਅਤੇ ਫ਼ੰਡ ਲੈ ਕੇ ਆਵਾਂਗਾ



**ਅੰਮ੍ਰਿਤਸਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਭਗਤਾਂਵਾਲੇ ਕੂੜਾ ਡੰਪ ਦੇ ਕਾਰਨ ਲੋਕਾਂ ਦੀ ਸਿਹਤ ਨਾਲ ਕੀਤੇ ਜਾ ਰਹੇ ਖਿਲਵਾੜ ਨੂੰ ਅਪਰਾਧ ਕਰਾਰ ਦਿੱਤਾ ਅਤੇ ਕਿਹਾ ਕਿ ਚੁਣੇ ਹੋਏ ਨੁਮਾਇੰਦਿਆਂ ਨੇ ਅਨੇਕਾਂ ਵਾਰ ਵਾਅਦੇ ਕਰਨ ਦੇ ਬਾਵਜੂਦ ਕੁਝ ਵੀ ਨਹੀਂ ਕੀਤਾ। ਜੇ ਕਰ ਰਾਜ ਸਰਕਾਰ ਨੇ ਇਸ ਦਾ ਹੱਲ ਨਾ ਕੱਢਿਆ ਤਾਂ ਇਸ ਮੁੱਦੇ ਨੂੰ ਕੇਂਦਰ ਤਕ ਲਿਜਾਇਆ ਜਾਵੇਗਾ ਅਤੇ ਫ਼ੰਡ ਲੈ ਕੇ ਆਵਾਂਗਾ। ਉਨ੍ਹਾਂ ਕਿਹਾ ਕਿ ਉਹ ਡੰਪ ਦੇ ਮੁੱਦੇ ਨੂੰ ਪਹਿਲ ਦੇ ਅਧਾਰ 'ਤੇ ਲਵੇਗਾ। ਉਨ੍ਹਾਂ ਕਿਹਾ ਕਿ ਪ੍ਰਵਾਸੀ ਭਾਈਚਾਰਾ ਅੰਮ੍ਰਿਤਸਰ ਦੀ ਪਵਿੱਤਰਤਾ ਲਈ ਬਹੁਤ ਕੁਝ ਕਰਨਾ ਚਾਹੁੰਦੇ ਹਨ। ਇਸ ਗੰਦ ਨੂੰ ਖ਼ਤਮ ਕਰਨ ਲਈ ਮੈਂ ਉਨ੍ਹਾਂ ਕੋਲ ਗੁਹਾਰ ਲਾਵਾਂਗਾ। ਮੈਨੂੰ ਪਤਾ ਉਹ ਪੈਸਾ ਅਤੇ ਮਸ਼ੀਨਰੀ ਦੇਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਟੈਕਨਾਲੋਜੀ ਬਹੁਤ ਅੱਗੇ ਵੱਧ ਚੁੱਕੀ ਹੈ। ਇੰਦੌਰ ਅਤੇ ਬੰਗਲੌਰ 'ਚ ਅਜਿਹੀਆਂ ਸਮੱਸਿਆਵਾਂ ਖ਼ਤਮ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਸਵੱਛ ਅੰਮ੍ਰਿਤਸਰ ਪ੍ਰਾਜੈਕਟ ਤੋਂ ਅਹਿਮ ਹੋਰ ਕੀ ਹੋ ਸਕਦਾ ਹੈ?

## ਅੱਜ ਸਵੱਛ ਅੰਮ੍ਰਿਤਸਰ ਪ੍ਰਾਜੈਕਟ ਤੋਂ ਅਹਿਮ ਹੋਰ ਕੁਝ ਨਹੀਂ ਹੋ ਸਕਦਾ

ਤਰਨਜੀਤ ਸਿੰਘ ਸੰਧੂ ਅੱਜ ਸਵੇਰੇ ਭਗਤਾਂਵਾਲੇ ਡੰਪ ਦਾ ਦੌਰਾ ਕੀਤਾ ਅਤੇ ਸਥਿਤੀ ਦਾ ਜਾਇਜ਼ਾ ਲਿਆ, ਜਿਸ ਨੂੰ ਰਾਤ ਸਮੇਂ ਅੱਗ ਲੱਗੀ ਹੋਈ ਸੀ। ਸੰਧੂ ਸਮੁੰਦਰੀ ਨੇ ਪ੍ਰਭਾਵਿਤ ਲੋਕਾਂ ਅਤੇ ਸਥਾਨਕ ਨਿਵਾਸੀਆਂ ਨਾਲ ਗੱਲਬਾਤ ਕੀਤੀ। ਇਸ ਮੌਕੇ ਉਨਾਂ ਨਾਲ ਹਰਜਿੰਦਰ ਸਿੰਘ ਠੇਕੇਦਾਰ, ਗੁਰਪ੍ਰਤਾਪ ਸਿੰਘ ਟਿੱਕਾ, ਅਜੈਪਾਲ ਬੀਰ ਸਿੰਘ ਰੰਧਾਵਾ ਅਤੇ ਪ੍ਰੋ. ਸਰਚਾਂਦ ਸਿੰਘ ਵੀ ਮੌਜੂਦ ਸਨ। ਸਥਾਨ ਵਾਸੀਆਂ ਨੇ ਸੰਧੂ ਸਮੁੰਦਰੀ ਨੂੰ ਕਿਹਾ ਕਿ ਸਾਡਾ ਮੈਡੀਕਲ ਚੈੱਕਅਪ ਕਰਵਾਲਿਓ, ਸਾਡੇ 'ਚ ਕਈ ਬਿਮਾਰੀਆਂ ਦੇ ਲੱਛਣ ਮਿਲਣਗੇ। ਉਨ੍ਹਾਂ ਕਿਹਾ ਕਿ ਇਥੇ ਸਾਹ ਲੈਣਾ ਵੀ ਮੁਸ਼ਕਲ ਹੈ। ਹਰ ਮਹੀਨੇ ਨੇ ਅਸੀਂ ਦਸ ਹਜ਼ਾਰ ਦੀ ਦਵਾਈ ਖਾਂਦੇ ਹਾਂ। ਸੱਠ ਸਾਲ ਤੋਂ ਉਪਰ ਵਾਲਾ ਸਾਡੇ 'ਚ ਕੋਈ ਵੀ ਨਹੀਂ ਰਹਿੰਦਾ। ਸਾਡੇ ਬਚਿਆਂ ਨੂੰ ਰਿਸ਼ਤਾ ਕਰਨ ਲੱਗਿਆਂ ਲੋਕ ਕਈ ਵਾਰ ਸੋਚਦੇ ਹਨ। ਨਾ ਸਾਡੇ ਘਰ ਵਿਕਦੇ ਹਨ ਕਿ ਕਿਤੇ ਹੋਰ ਚਲੇ ਜਾਈਏ। ਘਰ ਛੱਡ ਕੇ ਹੁਣ ਅਸੀਂ ਕਿਥੇ ਚਲੇ ਜਾਈਏ? ਉਨ੍ਹਾਂ ਕਿਹਾ ਕਿ ਅੱਗ ਅਚਾਨਕ ਨਹੀਂ ਲੱਗੀ ਹੈ। ਇਹ ਇਕ ਸਾਜ਼ਿਸ਼ ਹੈ। ਇਸ ਮੌਕੇ ਭਗਤਾਂਵਾਲੇ ਡੰਪ ਸਾਂਝੀ ਸੰਘਰਸ਼ ਕਮੇਟੀ ਵੱਲੋਂ ਇਕ ਯਾਦ ਪੱਤਰ ਦਿੰਦਿਆਂ ਕਿਹਾ ਕਿ ਹੁਣ ਤੱਕ ਰਾਜਨੀਤਿਕ ਪਾਰਟੀਆਂ ਅਤੇ ਉਨ੍ਹਾਂ ਦੇ ਨੇਤਾਵਾਂ ਨੇ ਇਸ ਡੰਪ ਦੇ ਮੁੱਦੇ ਦੀ ਗੰਭੀਰਤਾ ਨੂੰ ਸਮਝਿਆ ਹੀ ਨਹੀਂ, ਪਰ ਡੰਪ ਦੇ ਕਾਰਨ ਹੋ ਰਹੀਆਂ ਮੌਤਾਂ ਤੇ ਬਿਮਾਰੀਆਂ 'ਤੇ ਦੁੱਖ ਜ਼ਾਹਿਰ ਕਰਕੇ ਚੋਣਾਂ ਦਾ ਮੁੱਦਾ ਜ਼ਰੂਰ ਬਣਾਉਂਦੇ ਰਹੇ ਪਰ ਚੋਣਾਂ ਜਿੱਤ ਜਾਣ ਤੋਂ ਬਾਅਦ ਇਸ ਮੁੱਦੇ ਤੋਂ ਆਪਣਾ ਪੱਲਾ ਝਾੜ ਦਿੱਤਾ ਜਾਂਦਾ। ਉਨ੍ਹਾਂ ਕਿਹਾ ਕਿ ਹੁਣ ਸਾਨੂੰ ਕੇਵਲ ਤੁਹਾਡੇ ਤੋਂ ਉਮੀਦ ਹੈ। ਉਨ੍ਹਾਂ ਭਗਤਾਂਵਾਲੇ ਕੂੜੇ ਦੇ ਡੰਪ ਨੂੰ ਤੁਰੰਤ ਬੰਦ ਕਰਵਾ ਕੇ ਅਨੇਕਾਂ ਸਾਲਾਂ ਤੋਂ ਬਿਮਾਰੀਆਂ ਨਾਲ ਉਲਝ ਰਹੇ ਵਸਨੀਕਾਂ ਨੂੰ ਰਾਹਤ ਦਿਵਾਉਣ ਦੀ ਅਪੀਲ ਕੀਤੀ।

ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਇਹ ਸਾਡੇ ਲਈ ਬੜੇ ਅਫ਼ਸੋਸ ਦੀ ਗਲ ਹੈ ਕਿ 2024 'ਚ ਵੀ ਅਸੀਂ ਵਾਤਾਵਰਣ, ਸੀਵਰੇਜ ਅਤੇ ਪਾਣੀ ਦੀ ਸਮੱਸਿਆ ਨਾਲ ਦੋ ਚਾਰ ਹਾਂ। ਜ਼ਿਹਰੀਲੇ ਮਾਹੌਲ 'ਚ ਜਿਊਣ ਅਤੇ ਸਾਹ ਲੈਣ ਲਈ ਮਜਬੂਰ ਹਾਂ। ਉਨ੍ਹਾਂ ਕਿਹਾ ਕਿ ਅਨਾਜ ਮੰਡੀ ਦੇ ਕੋਲ ਹੀ ਇਹ ਡੰਪ ਹੈ। ਜਿਸ ਦੇ ਨਜ਼ਦੀਕ ਚਾਰ ਤੋਂ ਵੱਧ ਇਤਿਹਾਸਕ ਧਾਰਮਿਕ ਅਸਥਾਨ ਹਨ। ਉਹਨਾਂ ਕਿਹਾ ਕਿ ਇਸ ਦੇ ਜ਼ਿੰਮੇਵਾਰ ਲੋਕਾਂ ਨੂੰ ਸ਼ਰਮ ਆਉਣੀ ਚਾਹੀਦੀ ਹੈ ਜੋ ਅੱਜ ਵੀ ਵਿਕਾਸ ਦੀਆਂ ਗੱਲਾਂ ਕਰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਰਾਜਨੀਤੀ ਨਾ ਕਰੋ। ਪਰ ਲੋਕ ਪ੍ਰਤੀਨਿਧ ਬਣ ਕੇ ਜ਼ਿੰਮੇਵਾਰੀ ਚੁੱਕੀ ਹੈ ਤਾਂ ਸ਼ਰਮ ਜ਼ਰੂਰ ਕਰੋ। ਜੇ ਅੱਜ ਵੀ ਡੰਪ ਦੇ ਮਾਮਲੇ ਨੂੰ ਹੱਲ ਕਰਨ ਲਈ ਮਾਹਿਰਾਂ ਦੀ ਕਮੇਟੀ ਨਹੀਂ ਬਠਾਉਗੇ ਕਦੋਂ ਬਠਾਉਗੇ? ਮੈ ਅੱਜ ਰਾਜਨੀਤੀ ਕਰਨ ਨਹੀਂ ਆਇਆ। ਮੈਂ ਖ਼ੁਦ ਦੇਖਣਾ ਚਾਹੁੰਦਾ ਸਾਂ। ਇਥੇ ਆਉਣਾ ਮੇਰਾ ਫ਼ਰਜ਼ ਹੈ। ਇਹ ਮਾਨਵਤਾ 'ਤੇ ਅਸਰ ਪਾ ਰਿਹਾ ਹੈ। ਮੈਂ ਇਨ੍ਹਾਂ ਪ੍ਰਭਾਵਿਤ ਲੋਕਾਂ ਨਾਲ ਖੜ੍ਹਾ ਹਾਂ। ਉਨ੍ਹਾਂ ਕਿਹਾ ਕਿ ਡੰਪ ਨੂੰ ਲੈ ਕੇ ਸਾਡੇ ਭੈਣ ਭਰਾ ਲੜ ਰਹੇ ਹਨ, ਉਨ੍ਹਾਂ ਦੀ ਆਵਾਜ਼ ਸੁਣੀ ਜਾਣੀ ਚਾਹੀਦੀ ਹੈ। ਇਥੇ ਰਹਿ ਰਹੇ ਲੋਕਾਂ ਦਾ ਕਸੂਰ ਕੀ ਹੈ? ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗਲ ਹੈ ਕਿ ਡੰਪ ਲਈ ਆਏ ਕਰੋੜਾਂ ਰੁਪਏ ਕਿਥੇ ਗਏ? ਡੰਪ ਰੀਸਾਈਕਲ ਦੀਆਂ ਮਸ਼ੀਨਾਂ ਬੰਦ ਹੀ ਨਹੀਂ ਪਈਆਂ ਸਗੋਂ ਖੰਡਰ ਹੋ ਚੱਕੀਆਂ ਮਸ਼ੀਨਾਂ ਕਬਾੜ 'ਚ ਵਿਕਣ ਵਾਲੀਆਂ ਵੀ ਨਹੀਂ ਰਹੀਆਂ ਹਨ। ਉਨ੍ਹਾਂ ਕਿਹਾ ਲੋਕ ਜ਼ਿਹਰੀਲੇ ਧੂੰਏਂ 'ਚ ਸ਼ਾਹ ਲੈ ਰਹੇ ਹਨ ਤੇ ਜ਼ਿੰਮੇਵਾਰ ਲੋਕ ਏਸੀ 'ਚ ਬੈਠੇ ਐਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਇਕ ਸਕੈਮ - ਘੋਟਾਲਾ ਹੈ, ਜੇ ਅਚਾਨਕ ਅੱਗ ਨਹੀਂ ਲੱਗੀ ਤਾਂ ਇਸ ਬਾਰੇ ਜਾਂਚ ਕੀਤੀ ਜਾਣੀ ਚਾਹੀਦੀ ਹੈ। ਦੋਸ਼ੀਆਂ ਨੂੰ ਸਜ਼ਾ ਮਿਲਣੀ ਚਾਹੀਦੀ ਹੈ। ਉਨ੍ਹਾਂ ਕਿਹਾ ਸ਼ਹਿਰ ਸਿਫ਼ਤੀ ਦਾ ਘਰ ਹੈ, ਇਸ ਦੀ ਸਾਫ਼ ਸਫ਼ਾਈ ਨੂੰ ਪਹਿਲ ਦੇਣੀ ਹੋਵੇਗੀ। ਸ੍ਰੀ ਅੰਮ੍ਰਿਤਸਰ ਸਾਹਿਬ ਵਿਸ਼ਵ ਪ੍ਰਸਿੱਧ ਧਾਰਮਿਕ ਕੇਂਦਰ ਹੈ, ਜਿੱਥੇ ਲੱਖਾਂ ਸ਼ਰਧਾਲੂ ਰੋਜ਼ ਆਉਂਦੇ ਹਨ। ਇਹੀ ਮਾੜੀ ਸਥਿਤੀ ਰਹੀ ਤਾਂ ਕੋਣ ਆਵੇਗਾ। ਅਜਿਹਾ ਹੋਣਾ ਸਾਡੀ ਆਰਥਿਕਤਾ ਲਈ ਨੁਕਸਾਨਦੇਹ ਹੈ। ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਲੋਕਾਂ ਨੇ ਸਾਥ ਦਿੱਤਾ ਤਾਂ ਅੰਮ੍ਰਿਤਸਰ ਦੇ ਸਾਰੇ ਮਸਲੇ ਹੱਲ ਕਰਾਏ ਜਾਣਗੇ।

ਫ਼ਿਰੋਜ਼ਪੁਰ ਵਿਚ ਲੁਟੇਰਿਆਂ ਦੇ ਹੌਸਲੇ ਏਨ੍ਹੇ ਬੁਲੰਦ ਹੋ ਗਏ ਹਨ ਕਿ

# ਸ਼ਰੇਆਮ ਰਾਹ ਜਾਂਦੇ ਲੋਕਾਂ ਨੂੰ ਲੁੱਟਣ ਤੇ ਮੀਟਰਾਂ ਵਿਚੋਂ ਵੀ ਤਾਰਾਂ ਕੱਢਣ ਲੱਗੇ


**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਆਏ ਦਿਨ ਫ਼ਿਰੋਜ਼ਪੁਰ ਦੇ ਲੋਕਾਂ ਦੇ ਹਾਲਾਤ ਬਹੁਤ ਹੀ ਤਰਸਯੋਗ ਹੋ ਗਏ ਹਨ ਅਤੇ ਲੁਟੇਰੇ ਸ਼ਰੇਆਮ ਰਾਹ ਜਾਂਦੇ ਲੋਕਾਂ ਨੂੰ ਲੁੱਟ ਰਹੇ ਹਨ ਅਤੇ ਲੁਟੇਰਿਆਂ ਨੂੰ ਪੁਲਿਸ ਦਾ ਡਰ ਖਤਮ ਹੋ ਗਿਆ ਹੈ ਅਤੇ ਹਰ ਰੋਜ਼ ਭਾਰੀ ਗਿਣਤੀ ਵਿਚ ਲੋਕ ਲੁੱਟੇ ਜਾ ਰਹੇ ਹਨ, ਲੁਟੇਰਿਆਂ ਦੇ ਹੌਂਸਲੇ ਇਨ੍ਹੇ ਵੱਧ ਗਏ ਹਨ ਕਿ ਨਿਊ ਆਜ਼ਾਦ ਨਗਰ ਵਿਖੇ ਖੰਬਿਆਂ ਦੇ ਨਾਲ ਲੱਗੇ ਮੀਟਰਾਂ ਵਿਚੋਂ ਤਾਰਾਂ ਲਾਹ ਕੇ ਲੈ ਗਏ, ਜਿਨ੍ਹਾਂ ਵਿਚ ਹਰਪਿੰਦਰ ਸਿੰਘ ਚੰਗਾਲੀ, ਮਨੋਹਰ ਸਿੰਘ, ਜ਼ਸਪਾਲ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਨੇ ਮੀਟਰਾਂ ਵਿਚ ਤਾਰਾਂ ਚੋਰੀ ਕਰਕੇ ਲੈ ਗਏ। ਇਥੇ ਹੀ ਬੱਸ ਨਹੀਂ ਬਾਗੀ ਸੜਕ ਤੇ ਲੱਗੇ ਔਰਤਾਂ ਅਤੇ ਲੜਕੀਆਂ ਜਿਨ੍ਹਾਂ ਨੇ ਦੇਸ਼ ਵਿਚੋਂ ਮੱਲਾਂ ਮਾਰੀਆਂ, ਉਨ੍ਹਾਂ ਦੇ ਲੋਹੇ ਦੇ ਬੋਰਡ ਵੀ ਲਾਹ ਕੇ ਲੈ ਗਏ। ਇਸੇ ਤਰ੍ਹਾਂ ਪੰਜਾਬ ਮੰਡੀ ਬੋਰਡ ਦਾ ਇਕ ਮੁਲਾਜ਼ਮ ਸੁਨੀਲ ਕੁਮਾਰ ਰਾਤ



ਚੰਡੀਗੜ੍ਹ ਤੋਂ ਫ਼ਿਰੋਜ਼ਪੁਰ ਛਾਉਣੀ ਉਤਰਿਆ, ਸੁਨੀਲ ਕੁਮਾਰ ਉਸ ਦੇ ਗੱਲ ਤੇ ਕਿਰਪਾਨ ਰੱਖ ਕੇ 24—25 ਸੋ ਰੁਪਿਆ ਅਤੇ ਇਕ ਮੋਬਾਇਲ ਚੋਰੀ ਕਰਕੇ ਲੈ ਗਏ। ਜਦੋਂ ਇਸ ਦੀ ਥਾਣਾ ਕੈਂਟ ਵਿਖੇ ਦਰਖਾਸਤ ਲਿਖਵਾਈ ਤਾਂ ਪੁਲਿਸ ਦਾ ਕਹਿਣਾ ਸੀ ਕਿ ਜੇਕਰ ਤੂੰ ਉਨ੍ਹਾਂ ਦੇ ਗੱਲ ਪੈਂਦਾ ਤਾਂ ਤੇਰੇ ਤੇ ਪਰਚਾ ਹੋ ਜਾਣਾ ਸੀ, ਜੇਕਰ ਉਹ ਫੜੇ ਵੀ ਜਾਂਦੇ ਹਨ ਤਾਂ ਅਸੀਂ ਉਨ੍ਹਾਂ ਨੂੰ ਥਾਣੇ ਨਹੀਂ ਰੱਖ ਸਕਦੇ, ਕਿਉਂਕਿ ਸਾਰੇ ਨਸ਼ੇੜੀ ਇਕੱਠੇ ਹੋ ਕੇ ਆ ਜਾਂਦੇ ਹਨ ਅਤੇ ਸਾਨੂੰ ਮਜ਼ਬੂਰ ਹੋ ਕੇ ਛਡਣਾ ਪੈਂਦਾ ਹੈ, ਥਾਣਿਆਂ ਦਾ ਇਹ ਹਾਲ ਹੈ ਕਿ ਅਸੀਂ ਪੰਜਾਬ ਦੇ ਡੀ.ਜੀ.ਪੀ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੁਰਜ਼ੁਰ ਅਪੀਲ ਹੈ ਕਿ ਇਨ੍ਹਾਂ ਲੁਟੇਰਿਆਂ ਉਪਰ ਸਖਤ ਤੋਂ ਸਖਤ ਕਾਨੂੰਨ ਬਣਾ ਕੇ ਇਨ੍ਹਾਂ ਸਾਰੇ ਲੁਟੇਰਿਆਂ ਨੂੰ ਫੜ ਕੇ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ ਅਤੇ ਦੂਜਾ ਸਾਡਾ ਸੁਝਾਅ ਹੈ ਕਿ ਹਰ ਪਿੰਡ—ਪਿੰਡ, ਹਰ ਸ਼ਹਿਰ ਦੇ ਮੁਹੱਲੇ ਵਾਰਡਾਂ ਵਿਚ ਨਾਮੀ ਬੰਦਿਆਂ ਦੀ ਲਿਸਟ ਬਣਾਈ ਜਾਵੇ ਅਤੇ ਹਰ ਥਾਣੇ ਵਿਚ ਉਸ ਦਾ ਨਾਮ ਜਨਤਕ ਕੀਤਾ ਜਾਵੇ ਅਤੇ ਇਨ੍ਹਾਂ ਲੁਟੇਰਿਆਂ ਉਪਰ ਪੈਨੀ ਨਜ਼ਰ ਰੱਖੀ ਜਾਵੇ ਤਾਂ ਹੀ ਪੰਜਾਬ ਵਿਚੋਂ ਇਨ੍ਹਾਂ ਲੁਟੇਰਿਆਂ ਦੀ ਠੱਲ ਪੈ ਸਕਦੀ ਹੈ।

# ਪੰਜਾਬੀ ਪੱਤਰਕਾਰ ਸਦਨ ਵਲੋ ਪੰਜਾਬੀ ਕਵੀ ਪਦਮ ਸ੍ਰੀ ਸੁਰਜੀਤ ਪਾਤਰ ਦੇ ਸਦੀਵੀਂ ਵਿਛੋੜੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਚੌਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਪੱਤਰਕਾਰ ਸਦਨ ਦੀ ਜਰੂਰੀ ਮੀਟਿੰਗ ਸਦਨ ਦੇ ਪ੍ਰਧਾਨ ਜਤਿੰਦਰ ਸਿੰਘ ਥਿੰਦ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਸਦਨ ਦੇ ਸਰਪ੍ਰਸਤ ਦਿਲਜੀਤ ਸਿੰਘ ਬੇਦੀ ਅਤੇ ਚੇਅਰਮੈਨ ਜੋਗਿੰਦਰ ਪਾਲ ਸਿੰਘ ਕੁੰਦਰਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਵਿਚ ਮਾਂ ਬੋਲੀ ਦੇ ਮਹਾਨ ਸਪੂਤ, ਪੰਜਾਬੀ ਕਵਿਤਾ ਦੇ ਪਿਤਾਮਾ ਅਤੇ ਪੰਜਾਬੀ ਕਲਾ ਪ੍ਰੀਸ਼ਦ ਦੇ ਚੇਅਰਮੈਨ ਸੁਰਜੀਤ ਪਾਤਰ ਪਦਮ ਸ੍ਰੀ ਅੱਜ ਸਵੇਰੇ ਅਚਾਨਕ ਦਿਲ ਦੀ ਧੜਕਣ ਬੰਦ ਹੋ ਜਾਣ ਕਾਰਨ ਫ਼ਾਨੀ ਦੁਨੀਆਂ ਤੋਂ ਰੁਕਸਤ ਹੋ ਗਏ ਇ ਪਦਮ ਸ੍ਰੀ ਪਾਤਰ ਦੇ ਅਚਾਨਕ ਸਦੀਵੀ ਵਿਛੋੜੇ ਨਾਲ ਪੰਜਾਬੀ ਦੀ ਕਵਿਤਾ ਨੂੰ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ। ਸਦਨ ਦੀ ਮੀਟਿੰਗ ਵਿਚ ਪਾਸ ਕੀਤੇਸ਼ੋਕ ਮਤੇ ਡੂੰਘੇ ਇਸ ਦੁੱਖ ਦੀ ਘੜ੍ਹੀ ਪੀੜ੍ਹਤ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ। ਅੱਜ ਦੀ ਮੀਟਿੰਗ ਵਿਚ ਅਮਰੀਕ ਸਿੰਘ ਵੱਲਾ, ਅਮਨਦੀਪ ਕੌਰ, ਸੁਖਬੀਰ ਸਿੰਘ, ਹਰਜਿੰਦਰ ਸਿੰਘ ਆਦਿ ਪੱਤਰਕਾਰ ਹਾਜਰ ਸਨ।



# ਪਿਛਲੇ 40 ਸਾਲ ਤੋਂ ਅਕਾਲੀ ਦਲ ਦੇ ਸਮਰਥਕ ਰਹੇ ਬਲਵੀਰ ਸਿੰਘ ਸਨੇਹੀ ਆਮ ਆਦਮੀ ਪਾਰਟੀ 'ਚ ਸ਼ਾਮਿਲ

## ਕੈਬਨਿਟ ਮੰਤਰੀ ਜਥੇਦਾਰ ਗੁਰਮੀਤ ਸਿੰਘ ਖੁਡੀਆਂ ਨੇ ਆਪਣੀ ਰਿਹਾਇਸ਼ ਵਿਖੇ ਕੀਤਾ ਸਨਮਾਨਿਤ



ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)- ਉੱਘੇ ਸਾਹਿਤਕਾਰ, ਸਮਾਜ ਸੇਵਕ ਅਤੇ 4 ਇੰਟਰਨੈਸ਼ਨਲ ਐਵਾਰਡ ਤੇ ਵੱਖ-ਵੱਖ ਖੇਤਰਾਂ ਵਿਚ ਅਨੇਕਾਂ ਸਨਮਾਨ ਹਾਸਲ ਕਰ ਚੁੱਕੇ ਪ੍ਰਸਿੱਧ ਪ੍ਰਚਾਰਕ ਅਤੇ ਮਾਲਵੇ ਦੀ ਤਕੜੀ ਧਾਰਮਿਕ ਹਸਤੀ ਵਜੋਂ ਜਾਣੇ ਜਾਂਦੇ ਬਲਵੀਰ ਸਿੰਘ ਸਨੇਹੀ ਅੱਜ ਆਖਿਰ ਜ਼ਿੰਦਗੀ 'ਚ ਪਹਿਲੀ ਵਾਰ ਕਿਸੇ ਸਿਆਸੀ ਪਾਰਟੀ ਵਿੱਚ ਸੈਂਕੜੇ ਸਾਥੀਆਂ ਸਮੇਤ ਸ਼ਾਮਲ ਹੋ ਗਏ ਹਨ। ਰਾਜਿੰਦਰ ਸਿੰਘ ਸਿੱਧੂ, ਪ੍ਰਗਟ ਸਿੰਘ, ਸੁਮੀਤ ਸਿੰਘ, ਗਿੱਲ ਸਾਹਿਬ ਅਤੇ ਸ਼ਹਿਰ ਦੇ ਕਈ ਐਮ ਸੀ ਇਸ ਇਤਿਹਾਸਕ ਪਲ ਦਾ ਗਵਾਹ ਬਣੇ। ਸ. ਸਨੇਹੀ ਦਾ ਕੈਬਨਿਟ ਮੰਤਰੀ ਦੀ ਸ਼ੀਸ਼ ਮਹਿਲ ਸਥਿਤ ਰਿਹਾਇਸ਼ 'ਤੇ ਭਾਵ ਪੂਰਤ ਸਵਾਗਤ ਕੀਤਾ ਗਿਆ। ਬਲਵੀਰ ਸਿੰਘ ਸਨੇਹੀ ਨੇ ਆਖਿਆ ਕਿ ਉਹ ਮਾਨ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ। ਸ. ਖੁੱਡੀਆਂ ਨੇ ਬੜੇ ਖੁੱਲੇ ਦਿਲ ਨਾਲ ਕਿਹਾ ਕਿ ਸ. ਸਨੇਹੀ ਇੰਟਰਨੈਸ਼ਨਲ ਪੱਧਰ 'ਤੇ ਵੱਡੇ ਕੀਰਤੀ ਮਾਨ ਸਥਾਪਤ ਕਰਨ ਵਾਲੀ ਉਹ ਮਹਾਨ ਸ਼ਖ਼ਸੀਅਤ ਹੈ ਜਿਸ ਨੂੰ ਪਰਮਾਤਮਾ ਨੇ ਬੇ-ਪਨਾਹ ਰਚਨਾਤਮਿਕ ਸ਼ਕਤੀ ਬਖਸ਼ੀ ਹੈ। ਜਥੇਦਾਰ ਖੁਡੀਆਂ ਨੇ ਕਿਹਾ ਕਿ ਬਲਵੀਰ ਸਿੰਘ ਸਨੇਹੀ ਦੇ ਪਾਰਟੀ ਵਿੱਚ ਆਉਣ ਨਾਲ ਆਮ ਆਦਮੀ ਪਾਰਟੀ ਨੂੰ ਵਧੇਰੇ ਬਲ ਮਿਲਿਆ ਹੈ।

# ਪੈਨਸ਼ਨਰਜ਼ ਐਸੋਸੀਏਸ਼ਨ ਦੀ ਹੋਈ ਹੰਗਾਮੀ ਮੀਟਿੰਗ ਵਿਚ ਲਏ ਨਿਰਣੇ



**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮਾਸਿਕ ਮੀਟਿੰਗ ਸੁਬੇਗ ਸਿੰਘ ਕੋਆਰਡੀਨੇਟਰ ਦੀ ਪ੍ਰਧਾਨਗੀ ਹੇਠ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਜੀਤ ਸਿੰਘ ਸੋਢੀ ਜਨਰਲ ਸਕੱਤਰ ਨੇ ਦੱਸਿਆ ਕਿ ਜਲੰਧਰ ਕਨਵੈਨਸ਼ਨ ਵਿਚ ਸਾਰੇ ਪੰਜਾਬ ਦੇ ਜ਼ਿਲ੍ਹਆਂ ਵਿਚ 15—5—24 ਤੋਂ 31—5—24 ਤੱਕ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਵਿਰੁੱਧ ਧਰਨੇ, ਘਿਰਾਓ ਅਤੇ ਹੋਰ ਸੰਘਰਸ ਕਰਨ ਦਾ ਫੈਸਲਾ ਲਿਆ ਹੈ। ਉਨ੍ਹਾਂ ਦੱਸਿਆ ਕਿ ਅੱਜ ਦੀ ਮੀਟਿੰਗ ਵਿਚ ਸਾਰੇ ਪੈਨਸ਼ਨਰ ਆਗੂਆਂ ਖਜਾਨ ਸਿੰਘ ਪ੍ਰਧਾਨ, ਬੂਟਾ ਸਿੰਘ ਸੀਨੀਅਰ ਵਾਈਸ ਪ੍ਰਧਾਨ, ਰਜਿੰਦਰ ਮੌਂਗਾ ਸੁਪਰਡੈਂਟ, ਬੀ.ਕੇ ਵੋਹਰਾ ਸੁਪਰਡੈਂਟ, ਮਾਸਟਰ ਹਰਕ੍ਰਿਸ਼ਨ ਸਿੰਘ, ਜ਼ਸਪਾਲ ਸਿੰਘ ਭੁੱਲਰ ਨੇ ਪੰਜਾਬ ਦੀ ਬੇਰੁਖੀ ਅਤੇ ਮੰਗਾਂ ਨਾ ਮੰਨਣ ਕਾਰਨ ਤਿੱਖਾ ਸੰਘਰਸ਼ ਕਰਨ ਵਾਸਤੇ ਜ਼ੋਰ ਦਿੱਤਾ। ਇਸ ਮੌਕੇ ਪੈਨਸ਼ਨਰਾਂ ਨੇ ਜ਼ੋਰਦਾਰ ਨਾਅਰੇਬਾਜੀ ਕੀਤੀ ਅਤੇ ਸਰਕਾਰ ਦੀ ਨਿਖੇਧੀ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਪਹਿਲੀਆਂ ਸਾਰੀਆਂ ਸਰਕਾਰਾਂ ਤੋਂ ਨਕੰਮੀ, ਲਾਰੇਲਪਾ ਲਾਉਣ ਵਾਲੀ ਸਰਕਾਰ ਨਿਕਲੀ ਹੈ ਅਤੇ ਇਸ ਸਰਕਾਰ ਦਾ ਸਾਰੀਆਂ ਚੋਣਾਂ ਦੌਰਾਨ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਓ.ਪੀ ਗੋਇਲ, ਦਰਸ਼ਨ ਸਿੰਘ ਹੁਸੈਨੀਵਾਲਾ, ਗੁਰਚਰਨ ਸਿੰਘ ਹਾਸ਼ਮ, ਕ੍ਰਿਪਾਲ ਸਿੰਘ, ਅਸ਼ੋਕ ਕਪਾਹੀ ਆਦਿ ਸਾਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM

### ਟਰੱਸਟ ਸਦਾਵਰਤ ਪੰਚਾਇਤੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ

# 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ

**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਟਰੱਸਟ ਸਦਾਵਰਤ ਪੰਚਾਇਤੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਤੇ ਸਦਾਵਰਤ ਪੰਚਾਇਤੀ ਦੇ ਅਹੁਦੇਦਾਰਾਂ ਜਿਨ੍ਹਾਂ ਵਿਚ ਸ੍ਰੀ ਪੀ.ਸੀ ਕੁਮਾਰ, ਅਸ਼ਵਨੀ ਬਜਾਜ ਜਨਰਲ ਸਕੱਤਰ, ਓਮ ਪ੍ਰਕਾਸ਼ ਕੈਸ਼ੀਅਰ, ਡੀ.ਕੇ ਬਜਾਜ, ਰਜਨੀਸ਼ ਕਪੂਰ, ਮਦਨ ਲਾਲ ਆਦਿ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਪੀ.ਸੀ ਕੁਮਾਰ ਨੇ ਪ੍ਰਮਾਤਮਾ ਦੇ ਚਰਨਾਂ ਵਿਚ ਅਰਦਾਸ ਕੀਤੀ ਅਤੇ ਸਰਬੱਤ ਦੇ ਭਲੇ ਦੀ ਮੰਗ ਕੀਤੀ ਅਤੇ ਕਿਹਾ ਕਿ ਅੱਜ ਸਾਡੇ ਕੁਝ ਪਰਿਵਾਰ ਰਾਸ਼ਨ ਲੈਣ ਲਈ ਆਉਂਦੇ ਹਨ, ਹੇ ਭਗਵਾਨ ਇਨ੍ਹਾਂ ਪਰਿਵਾਰਾਂ ਨੂੰ ਆਪ ਸਹਾਈ ਹੋ ਕੇ ਸਭ ਕੁਝ ਦੇਵੇ ਤਾਂ ਜੋ ਇਨ੍ਹਾਂ ਪਰਿਵਾਰਾਂ ਨੂੰ ਕਿਸੇ ਅੱਗੇ ਹੱਥ ਨਾ ਅਡਣਾ ਪਵੇ। ਇਸ ਮੌਕੇ ਤੇ ਪੀ.ਸੀ ਕੁਮਾਰ ਨੇ ਜਿਹੜੇ ਦਾਨੀ ਸਜਣ 1914 ਨੂੰ ਇਹ ਟਰੱਸਟ ਬਣਾਇਆ, ਜਦੋਂ ਲੋਕ ਭੁਖਮਰੀ ਦਾ ਸ਼ਿਕਾਰ ਹੋ ਗਏ ਸੀ ਅਤੇ ਅਕਾਲ ਪੈ ਗਿਆ ਸੀ ਤਾਂ ਕੁਝ ਦਾਨੀ ਸੱਜਣ ਇਕੱਠੇ ਹੋ ਕੇ ਆਪਣੀਆਂ ਜਾਇਦਾਦਾਂ ਇਸ ਟਰੱਸਟ ਦੇ ਨਾਮ ਪਰ ਕਰ ਦਿੱਤੀਆਂ, ਜ਼ੋ ਕਿ 110 ਸਾਲਾਂ ਤੋਂ ਇਹ ਟਰੱਸਟ ਹਰ ਮਹੀਨੇ ਰਾਸ਼ਨ ਵੰਡਣ ਤੋਂ ਇਲਾਵਾ ਹਰ ਲੋੜਵੰਦ ਦੀ ਮੱਦਦ ਕਰਨ ਵਿਚ ਹਮੇਸ਼ਾ ਮੋਹਰੀ ਕਤਾਰ ਵਿਚ ਰਹਿੰਦਾ ਹੈ, ਜਿਵੇਂ ਕਿ ਲੜਕੀਆਂ ਦੇ ਵਿਆਹ ਲਈ ਮੱਦਦ, ਸਕੂਲਾਂ ਵਿਚ ਲੋੜਵੰਦ ਬੱਚਿਆਂ ਨੂੰ ਕਿਤਾਬਾਂ, ਫੀਸਾਂ ਅਤੇ ਸੂਟ ਜਰਸੀਆਂ ਤੋਂ ਇਲਾਵਾ ਹਸਪਤਾਲਾਂ ਵਿਚ ਮਰੀਜਾਂ ਨੂੰ ਦਵਾਈਆਂ, ਸੈਂਟਰ ਜੇਲ ਵਿਚ ਬੰਦ ਔਰਤਾਂ ਨੂੰ ਸੂਟ, ਬੱਚਿਆਂ ਲਈ ਕਪੜੇ ਅਤੇ ਹੋਰ ਵੀ ਹਰ ਪ੍ਰਕਾਰ ਦੀ ਮੱਦਦ ਤੋਂ ਇਲਾਵਾ ਕਰੋਨਾ ਦੌਰਾਨ ਪ੍ਰਸ਼ਾਸਨ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਹਰ ਤਰ੍ਹਾਂ ਦੀ ਮੱਦਦ ਕੀਤੀ। ਇਸ ਤੋਂ ਇਲਾਵਾ ਸਤਲੁਜ਼ ਦਰਿਆ ਵਿਚ ਪਿਛਲੇ ਦਿਨੀਂ ਫਲੱਡ ਆਉਣ ਤੇ ਲੋਕਾਂ ਨੂੰ ਰਾਸ਼ਨ ਅਤੇ ਹੋਰ ਸਮਾਨ ਵੰਡਿਆ। ਇਸ ਮੌਕੇ ਤੇ ਸਾਰੇ ਹੀ ਅਹੁਦੇਦਾਰ ਇਹ ਸਭ ਕੁਝ ਇਮਾਨਦਾਰੀ ਨਾਲ ਸੇਵਾ ਨਿਭਾਅ ਰਹੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਰਾਮ ਕਥਾ ਦੇ ਪਹਿਲੇ ਦਿਨ ਡਾ: ਨਿਰਮਲ ਕੋਸ਼ਿਕ ਦੀਆਂ

# ਦੋ ਪੁਸਤਕਾਂ ਲੋਕ ਅਰਪਨ





**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਅਕਸ਼ੈ ਤ੍ਰਿਤੀਆ ਵਾਲੇ ਦਿਨ ਫ਼ਿਰੋਜ਼ਪੁਰ ਸ਼ਹਿਰ ਦੇ ਸਨਾਤਨ ਧਰਮ ਸੀ.ਸੈ. ਸਕੂਲ ਦੇ ਗਰਾਊਂਡ ਵਿਚ 10 ਮਈ ਤੋਂ 18 ਮਈ ਤੱਕ ਸ੍ਰੀ ਰਾਮ ਕਥਾ ਦੇ ਆਯੋਜਨ ਦੇ ਪਹਿਲੇ ਦਿਨ ਕਲਸ਼ ਯਾਤਰਾ ਕੱਢੀ ਗਈ। ਇਹ ਕਲਸ਼ ਯਾਤਰਾ ਸ੍ਰੀ ਰਾਧਾ ਕ੍ਰਿਸ਼ਨ ਮੰਦਿਰ ਮਾਲ ਰੋਡ ਤੋਂ ਸ਼ੁਰੂ ਹੋ ਕੇ ਕਥਾ ਵਾਲੇ ਸਥਾਨ ਤੱਕ ਕੱਢੀ ਗਈ, ਜਿਸ ਵਿਚ ਵੱਡੀ ਗਿਣਤੀ ਸੰਗਤਾਂ ਨੇ ਸ਼ਿਰਕਤ ਕੀਤੀ। ਇਹ ਕਲਸ਼ ਯਾਤਰਾ ਸਾਰੀਆਂ ਧਾਰਮਿਕ ਸੰਸਥਾਵਾਂ ਵੱਲੋਂ ਸਾਂਝੇ ਤੌਰ ਤੇ ਕੀਤੀ ਗਈ ਅਤੇ ਕਲੱਬ ਯਾਤਰਾ ਦੇ ਅੱਗੇ ਬੈਂਡ ਵੱਜ ਰਿਹਾ ਸੀ, ਜਿਨ੍ਹਾਂ ਵੱਲੋਂ ਧਾਰਮਿਕ ਧੁੰਨਾਂ ਦਾ ਆਗਾਜ਼ ਕਰਕੇ ਅਕਾਸ਼ ਤੇ ਹਾਜ਼ਰੀਨ ਨੂੰ ਮੰਤਰ ਮੁਗਧ ਕੀਤਾ। ਸ੍ਰੀ ਰਾਧਾ ਕ੍ਰਿਸ਼ਨ ਮੰਦਿਰ ਤੋਂ 200 ਤੋਂ ਜਿਆਦਾ ਔਰਤਾਂ ਨੇ ਆਪਣੇ ਸਿਰਾਂ ਪਰ ਕਲਸ਼ ਲੈ ਕੇ ਪੈਦਲ ਚੱਲ ਰਹੀਆਂ ਸਨ, ਜਿਨ੍ਹਾਂ ਦੇ ਪਿਛੇ ਰੱਥ ਤੇ ਸਵਾਰ ਰਾਮ ਸੀਤਾ, ਭਗਵਾਨ ਸਿੰਘ, ਪੰਜ ਬ੍ਰਾਹਮਣ ਬੱਚੇ, ਹਨੂੰਮਾਨ ਜੀ ਸਵਾਰ ਹੋ ਕੇ ਪਿਛੇ–ਪਿਛੇ ਚੱਲ ਰਹੇ ਸਨ, ਜਦੋਂ ਕਿ ਸਮਾਗਮ ਵਿਚ ਸ਼ਾਮਲ ਹੋਏ ਸੰਤ ਵੀ ਰੱਥ ਪਰ ਸਵਾਰ ਸਨ। ਰੱਥ ਤੇ ਸਵਾਰ ਸੰਤਾਂ ਵਿਚ ਮਹਾਂਮੰਡਲੇਸ਼ਵਰ 1008 ਸਵਾਮੀ ਕਮਲ ਪੁਰੀ ਜੀ ਮਹਾਰਾਜ (ਜ਼ੀਰੇ ਵਾਲੇ) ਸੁਆਮੀ ਸ੍ਰੀ ਬ੍ਰਹਮ ਦੱਤ ਪੁਰੀ ਉੱਤਰ ਪ੍ਰਦੇਸ਼, ਸ੍ਰੀ 1008 ਸਵਾਮੀ ਵਿਦਿਆ ਨੰਦ, ਬਾਬਾ ਬਾਲਕ ਨਾਥ ਮੰਦਰ ਦੇ ਮਹੰਤ ਬਲਦੇਵ ਗਿਰੀ, ਮਹਾਰਾਜ ਦਰਬਾਰ ਸ੍ਰੀ ਧਿਆਨਪੁਰ, ਸੁਆਮੀ ਸ੍ਰੀ ਰਾਮ ਸੁੰਦਰ ਦਾਸ, ਮਹੰਤ ਗੋਪਾਲ ਦਾਸ ਆਦਿ ਸੰਤ ਮਹਾਂਪੁਰਸ਼ ਕਲਸ਼ ਯਾਤਰਾ ਦੀ ਸ਼ੋਭਾ ਵਧਾ ਰਹੇ ਸਨ। ਕਲਸ਼ ਲੈ ਕੇ ਪੁੱਜੇ ਜਥੇ ਦਾ ਸਮਾਗਮ ਵਾਲੀ ਜਗ੍ਹਾ ਪਰ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ, ਜਿਥੇ ਪਹਿਲੇ ਦਿਨ ਦੀ ਸ੍ਰੀ ਰਾਮ ਕਥਾ ਤੋਂ ਪਹਿਲਾਂ ਹਿੰਦੀ ਅਤੇ ਸੰਸਕ੍ਰਿਤੀ ਦੇ ਪ੍ਰਸਿੱਧ ਵਿਦਵਾਨ ਲੇਖਕ ਡਾ: ਨਿਰਮਲ ਕੋਸ਼ਿਕ ਦੀਆਂ ਦੋ ਪੁਸਤਕਾਂ ਲੋਕ ਅਰਪਣ ਕੀਤੀਆਂ ਗਈਆਂ। ਇਸ ਮੌਕੇ ਸੰਸਕ੍ਰਿਤੀ ਸੰਰਕਸ਼ਕ ਭਗਵਾਨ ਪਰਸ਼ੂਰਾਮ ਅਤੇ ਸਿੱਖ ਯੋਗੀ ਬਾਵਾ ਸ੍ਰੀ ਲਾਲ ਦਿਆਲ ਜੀ। ਇਸ ਸ੍ਰੀ ਰਾਮ ਕਥਾ ਦੇ ਕਥਾਵਾਚਕ ਸ੍ਰੀ ਰਾਮ ਅਚਾਰਯਾ ਜੀ ਮਹਾਰਾਜ ਗੋਰੇ ਗਾਵ ਆਸ਼ਰਮ ਮਥੁਰਾ, ਵਰਿੰਦਾਵਨ ਤੋਂ ਪਧਾਰੇ ਸਨ ਬਾਅਦ ਵਿਚ ਡਾ: ਨਿਰਮਲ ਕੌਸ਼ਿਕ ਨੂੰ ਸਨਮਾਨਿਤ ਵੀ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਪੰਡਿਤ ਹਰੀ ਰਾਮ ਖਿੰਦੜੀ ਨੇ ਬਾਖੂਬੀ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

### ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ

# ਮੈਡੀਕਲ ਚੈੱਕਅਪ ਕੈਂਪ ਲਗਾਇਆ



**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ.ਪੀ.ਐਮ.ਓ) ਵੱਲੋਂ ਅਨਿਲ ਬਾਗੀ ਹਸਪਤਾਲ ਦੇ ਮਾਹਰ ਡਾਕਟਰਾਂ ਦੀ ਟੀਮ ਦੇ ਸਹਿਯੋਗ ਨਾਲ ਰੇਲਵੇ ਮੈਨਜ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ 55 ਮਰੀਜਾਂ ਦਾ ਚੈੱਕਅਪ ਕੀਤਾ ਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਮਰੀਜ਼ਾਂ ਦੇ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਈ.ਸੀ.ਜੀ ਦੇ ਮੁਫਤ ਟੈਸਟ ਕੀਤੇ ਗਏ। ਇਸ ਮੌਕੇ ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜ਼ਪੁਰ ਦੇ ਚੇਅਰਮੈਨ ਦੀਵਾਨ ਚੰਦ ਸਖੀਜਾ ਵੱਲੋਂ ਮਲੇਰੀਆ ਤੇ ਡੈਂਗੂ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਬਚਾਓ ਸਬੰਧੀ ਜਾਣਕਾਰੀ ਸਾਂਝੀ ਕੀਤੀ। ਮੈਡੀਕਲ ਕੈਂਪ ਦੌਰਾਨ ਅਨਿਲ ਬਾਗੀ ਹਸਪਤਾਲ ਵੱਲੋਂ ਡਾ: ਮਨਜੋਤ ਅਰੋੜਾ, ਸੰਜੀਵ ਚਾਵਲਾ, ਵਿਕਰਮ ਖਿਚੀ ਮਾਰਕੀਟਿੰਗ ਐਗਜ਼ੀਕਿਊਟਿਵ, ਅਮਨ ਕੁਮਾਰ ਫਾਰਮਾਸਿਸਟ, ਲਵਪ੍ਰੀਤ ਤੇ ਪੁਨੀਤ ਹਾਜ਼ਰ ਸਟਾਫ ਨੇ ਜੇ.ਪੀ.ਐਮ.ਓ ਫਿਰੋਜ਼ਪੁਰ ਅਹੁਦੇਦਾਰਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੈਡੀਕਲ ਕੈਂਪ ਨੂੰ ਕਾਮਯਾਬ ਕਰਨ ਲਈ ਜੇ.ਪੀ.ਐਮ.ਓ ਦੇ ਅਹੁਦੇਦਾਰਾਂ ਨੇ ਵਿਸ਼ੇਸ਼ ਯੋਗਦਾਨ ਪਾਇਆ ਜਿਨ੍ਹਾਂ ਵਿਚ ਸੁਭਾਸ਼ ਸ਼ਰਮਾ ਕੋਆਰਡੀਨੇਟਰ, ਸੁਰਿੰਦਰ ਸਿੰਘ ਕਨਵੀਨਰ, ਕਿਸ਼ਨ ਚੰਦ ਜਾਗੋਵਾਲੀਆ ਕਨਵੀਨਰ, ਮਹਿੰਦਰ ਸਿੰਘ ਧਾਲੀਵਾਲ ਖਜਾਨਚੀ, ਰਜੀਵ ਹਾਂਡਾ ਸਲਾਹਕਾਰ, ਬਲਕਾਰ ਸਿੰਘ ਮਾੜੀਮੇਘਾ, ਬਲਵਿੰਦਰ ਸਿੰਘ ਭੁੱਟੋ, ਰਮੇਸ਼ ਸ਼ਰਮਾ, ਅਰਜਨ ਪਾਸੀਂ, ਡਾਕਟਰ ਪ੍ਰਦੀਪ ਰਾਣਾ, ਪਵਨ ਕੁਮਾਰ, ਰਾਜਬੀਰ ਸਿੰਘ, ਚੰਦਰ ਮੋਹਨ, ਵਿਨੋਦ ਬਿੱਟਾ, ਆਰ.ਸੀ ਮਹਿਤਾ, ਰਾਧੇ ਮੋਹਨ, ਪ੍ਰਵੀਨ ਕੁਮਾਰ, ਅਨਿਲ ਸੇਠੀ, ਜਗਜੀਤ ਸਿੰਘ, ਪੰਕਜ ਮਹਿਤਾ, ਗੁਰਦੇਵ ਸਿੰਘ ਸਿੱਧੂ, ਜਗਦੀਪ ਸਿੰਘ ਮਾਂਗਟ, ਮੈਡਮ ਸ਼ਿਹਨਾਜ਼, ਜਗਸੀਰ ਸਿੰਘ ਗਿੱਲ, ਬਲਵਿੰਦਰ ਸਿੰਘ ਸੰਧੂ, ਗੌਰਵ ਮੁੰਜਾਲ, ਜਸਵਿੰਦਰ ਸਿੰਘ ਮਮਦੋਟ ਤੇ ਰਣਜੀਤ ਸਿੰਘ ਖਾਲਸਾ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# "ਆਪ" ਦੇ ਝੂਠੇ ਵਾਦਿਆਂ ਦੇ ਝਾਂਸੇ 'ਚ ਨਹੀਂ ਆਉਣਗੀਆਂ ਮਹਿਲਾਵਾਂ: ਸ਼ਰੂਤੀ ਵਿਜ

- ਕਿਹਾ: ਕੇਂਦਰੀ ਸਕੀਮਾਂ ਦੇ ਨਾਲ ਮਹਿਲਾਵਾਂ ਨੂੰ ਮਿਲਿਆ ਸਨਮਾਨ, ਹੋਈਆਂ ਮਜਬੂਤ
- ਤਰਨਜੀਤ ਸੰਧੂ ਦਾ ਵਿਜ਼ਨ ਵਿਕਾਸਸ਼ੀਲ, ਸ਼ਹਿਰ ਬਣੇਗਾ "ਵਿਕਸਿਤ ਅੰਮ੍ਰਿਤਸਰ"



ਅੰਮ੍ਰਿਤਸਰ, 11 ਮਈ (): ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ ਦੇ ਝਾਂਸੇ ਵਿੱਚ ਹੁਣ ਮਹਿਲਾਵਾਂ ਨਹੀਂ ਆਉਣਗੀਆਂ। ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮਹਿਲਾਵਾਂ ਨੂੰ 1 ਹਜਾਰ ਰੁਪਏ ਦਾ ਲਾਰਾ ਲਾ ਕੇ ਉਹਨਾਂ ਨੂੰ ਝੂਠੇ ਵਾਅਦੇ ਵਿੱਚ ਫਸਾ ਕੇ ਉਨਾਂ ਦਾ ਵੋਟ ਆਮ ਆਦਮੀ ਪਾਰਟੀ ਨੇ ਜਰੂਰ ਲੈ ਲਿਆ ਲੇਕਿਨ ਦੋ ਸਾਲ ਬੀਤ ਜਾਣ ਦੇ ਬਾਵਜੂਦ ਇਸ ਵਾਦੇ ਨੂੰ ਪੂਰਾ ਨਹੀਂ ਕਰ ਸਕੇ। ਹੁਣ ਫਿਰ ਤੋਂ ਲੋਕ ਸਭਾ ਚੋਣਾਂ ਦੇ ਪ੍ਰਚਾਰ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਫਿਰ ਤੋਂ ਉਹੀ ਝੂਠਾ ਵਾਦਾ ਦੁਹਰਾਇਆ ਜਾ ਰਿਹਾ ਹੈ। ਇਹ ਗੱਲ ਇੱਥੇ ਜਾਰੀ ਪ੍ਰੈਸ ਨੋਟ ਵਿੱਚ ਅੰਮ੍ਰਿਤਸਰ ਮਹਿਲਾ ਮੋਰਚਾ ਭਾਜਪਾ ਦੀ ਪ੍ਰਧਾਨ ਸ਼ਰੂਤੀ ਵਿਜ ਨੇ ਕਹੀ। ਉਹਨਾਂ ਕਿਹਾ ਕਿ ਇਸ ਵਾਰ ਮਹਿਲਾਵਾਂ ਭਗਵੰਤ ਮਾਨ ਦੇ ਝਾਂਸੇ ਵਿੱਚ ਨਹੀਂ ਆਉਣਗੀਆਂ ਅਤੇ ਲੋਕ ਸਭਾ ਚੋਣਾਂ ਵਿੱਚ ਦੇਸ਼ ਦੇ ਜਸ਼ਸਵੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਵੱਲੋਂ ਭੇਜੇ ਗਏ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾਕੇ ਪੰਜਾਬ ਵਿੱਚ ਭਾਜਪਾ ਦਾ ਝੰਡਾ ਲਹਿਰਾਉਣਗੀਆਂ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਮਿਹਨਤੀ ਹਨ ਅਤੇ ਉਨਾਂ ਨੂੰ ਹੱਥ ਫੈਲਾਉਣ ਦੀ ਆਦਤ ਨਹੀਂ। ਆਮ ਆਦਮੀ ਪਾਰਟੀ ਦੀ ਸਰਕਾਰ ਪ੍ਰਦੇਸ਼ ਦੀ ਜਨਤਾ ਨੂੰ ਫਰੀ ਦਾ ਲਾਲਚ ਨਾ ਦੇ ਕੇ ਰੁਜ਼ਗਾਰ ਦੇ ਅਫਸਰ ਪੈਦਾ ਕਰੇ, ਜਿਸ ਵਿੱਚ ਹੁਣ ਤੱਕ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰਹਾਂ ਤੋਂ ਫੇਲ ਸਾਬਤ ਹੋਈ ਹੈ।

ਉਨਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ ਤੇ ਸੁਵਿਧਾਵਾਂ ਦੋਨਾਂ ਹੀ ਦਿੱਤੀਆਂ ਗਈਆਂ ਹਨ। ਮੋਦੀ ਸਰਕਾਰ ਵੱਲੋਂ ਖੁੱਲੇ ਵਿੱਚ ਸ਼ੌਚ ਮੁਕਤ ਤੋਂ ਲੈ ਕੇ ਉੱਜਵਾਲਾ ਯੋਜਨਾ, ਪੱਕੇ ਘਰ, ਨਲ ਤੋਂ ਜਲ ਆਦੀ ਸੁਵਿਧਾ ਦਿੱਤੀਆਂ ਹਨ। ਉਥੇ ਮਹਿਲਾਵਾਂ ਦੇ ਵਿਕਾਸ ਲਈ ਸਟਾਰਟ ਉਪਸ, ਮੁਦਰਾ ਲੋਨ ਆਦਿ ਦੇ ਜਰੀਏ ਸਨਮਾਨ ਵੀ ਦਿੱਤਾ ਹੈ। ਮੋਦੀ ਜੀ ਨੇ ਮਹਿਲਾਵਾਂ ਨੂੰ ਸਮਾਜ ਵਿੱਚ ਸਿਰ ਚੁੱਕ ਕੇ ਜੀਣਾ ਸਿਖਾਇਆ ਹੈ। ਮਹਿਲਾਵਾਂ ਨੂੰ ਹਰ ਖੇਤਰ ਵਿੱਚ ਪ੍ਰਤੀਨਿਧੀਤਾ ਦਿੱਤਾ ਜਾ ਰਿਹਾ ਹੈ ਅਤੇ ਇਹੀ ਕਾਰਨ ਹੈ ਕਿ ਅੱਜ ਮੋਦੀ ਜੀ ਦੀ ਕੈਬਨਟ ਵਿੱਚ ਪ੍ਰਮੁੱਖ ਪਦਾਂ ਤੇ ਮਹਿਲਾਵਾਂ ਕੰਮ ਕਰ ਰਹੀਆਂ ਹਨ। ਉਹਨਾਂ ਕਿਹਾ ਕਿ ਭਾਜਪਾ ਹੀ ਇੱਕ ਮਾਤਰ ਦੇਸ਼ ਦੀ ਅਜਿਹੀ ਪਾਰਟੀ ਹੈ ਜੋ ਬਿਨਾਂ ਕਿਸੀ ਪੱਖਪਾਤ ਦੇ ਸਾਰਿਆਂ ਦਾ ਧਿਆਨ ਰੱਖਦੀ ਹੈ। ਇਸ ਲਈ ਮਹਿਲਾਵਾਂ ਇਸ ਵਾਰ ਕਿਸੇ ਹੋਰ ਪਾਰਟੀ ਨੂੰ ਵੋਟ ਨਾ ਦੇ ਕੇ ਭਾਜਪਾ ਨੂੰ ਵੋਟ ਦੇਣ ਲਈ ਤਿਆਰ ਬਰ ਤਿਆਰ ਬੈਠੀਆਂ ਹਨ। ਸ਼ਰੂਤੀ ਵਿਜ ਨੇ ਕਿਹਾ ਕਿ ਭਾਜਪਾ ਵੱਲੋਂ ਅੰਮ੍ਰਿਤਸਰ ਵਿੱਚ ਭੇਜੇ ਗਏ ਲੋਕ ਸਭਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਮਹਿਲਾਵਾਂ ਨੂੰ ਵਿਭਿੰਨ ਪ੍ਰੋਜੈਕਟਾਂ ਦੇ ਮਾਧਿਅਮ ਦੇ ਨਾਲ ਸਵਾਵਲੰਬੀ ਬਣਾਉਣਾ ਚਾਹੁੰਦੇ ਹਨ। ਉਹਨਾਂ ਦਾ ਵਿਜ਼ਨ ਵਿਕਾਸਸ਼ੀਲ ਹੈ ਅਤੇ ਉਹ ਹਰ ਸੰਭਵ ਕੋਸ਼ਿਸ਼ ਦੇ ਨਾਲ ਅੰਮ੍ਰਿਤਸਰ ਨੂੰ ਵਿਕਸਿਤ ਅੰਮ੍ਰਿਤਸਰ ਬਣਾਉਣਾ ਚਾਹੁੰਦੇ ਹਨ। ਜਿਸ ਦੇ ਲਈ ਉਨਾਂ ਵੱਲੋਂ ਰੋਡ ਮੈਪ ਵੀ ਤਿਆਰ ਕਰਨ ਲਿਆ ਗਿਆ ਹੈ। ਉਹਨਾਂ ਨੇ ਕਿਹਾ ਕਿ ਪਿਛਲੇ ਸੱਤ ਸਾਲਾਂ ਤੋਂ ਸ਼ਹਿਰ ਦੇ ਐਮ.ਪੀ ਨੇ ਸ਼ਿਹਦ ਵਿਕਾਸ ਦੇ ਨਾਮ ਤੇ ਵੋਟ ਇਕੱਠੇ ਕੀਤੇ ਪਰੰਤੂ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਸੁਵਿਧਾ ਦੇਣ ਤੋਂ ਅਸਫਲ ਰਹੇ। ਉਹਨਾਂ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪਿਛਲੀਆਂ ਗਲਤੀਆਂ ਨੂੰ ਨਾ ਦੁਹਰਾਉਂਦੇ ਹੋਏ ਇਸ ਵਾਰ ਖੁੱਲ ਕੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾਉਣ। ਮਹਿਲਾਵਾਂ ਦੀ ਭੂਮਿਕਾ ਵੋਟਾਂ ਵਿੱਚ ਅਹਿਮ ਰਹਿਣ ਵਾਲੀ ਹੈ ਅਤੇ ਉਹਨਾਂ ਨੂੰ ਵਿਸ਼ਵਾਸ ਹੈ ਕਿ ਮਹਿਲਾਵਾਂ ਜਿਆਦਾ ਤੋਂ ਜਿਆਦਾ ਭਾਜਪਾ ਦੇ ਪੱਖ ਵਿੱਚ ਵੋਟ ਪੈਣਗੀਆਂ। ਅਸੀਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਅੰਮ੍ਰਿਤਸਰ ਦੀ ਆਵਾਜ਼ ਬਣਾ ਕੇ ਲੋਕ ਸਭਾ ਵਿੱਚ ਭੇਜਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਕੀਤਾ ਥਾਣਾ ਲੱਖੋਕੇ ਬਹਿਰਾਮ ਦਾ ਘਿਰਾਓ



ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਵੱਲੋਂ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਅਤੇ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਥਾਣਾ ਲਖੋਕੇ ਬਹਿਰਾਮ ਵਿਖੇ ਥਾਣੇ ਦਾ ਘਿਰਾਓ ਕੀਤਾ ਗਿਆ। ਇਸ ਮੌਕੇ ਬੋਲਦਿਆਂ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਅਤੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਨੇ ਦੱਸਿਆ ਕਿ 10 ਮਈ ਨੂੰ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਵੱਲੋਂ ਫ਼ਿਰੋਜ਼ਪੁਰ ਤੋਂ ਭਾਜਪਾ ਉਮੀਦਵਾਰ ਰਾਣਾ ਗੁਰਮੀਤ ਸਿੰਘ ਸੋਢੀ ਦਾ ਸ਼ਾਂਤਮਈ ਤਰੀਕੇ ਨਾਲ ਵਿਰੋਧ ਕਰਦੇ ਸਮੇਂ ਹਰਨੇਕ ਸਿੰਘ ਮਹਿਮਾ ਅਤੇ 10 ਸਾਥੀਆਂ ਨੂੰ ਖਾਈ ਟੀ ਪੁਆਇੰਟ ਅਤੇ ਗੋਲੂ ਕੇ ਮੋੜ ਤੋਂ ਜ਼ਿਲਾ ਆਗੂ ਬਗੀਚਾ ਸਿੰਘ ਸਮੇਤ 20 ਸਾਥੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਸਾਰੇ ਸਾਥੀਆਂ ਨੂੰ ਰਾਤ ਤਕਰੀਬਨ 11 ਵਜੇ ਛੱਡ ਦਿੱਤਾ ਗਿਆ, ਪਰ ਹਰਨੇਕ ਸਿੰਘ ਮਹਿਮਾ ਨੂੰ ਪਿਛਲੇ ਝੂਠੇ ਕੇਸਾਂ ਵਿੱਚ ਨਾਮਜ਼ਦ ਕਰਕੇ ਉਨ੍ਹਾਂ ਦੀ ਗ੍ਰਿਫਤਾਰੀ ਪਾਈ ਗਈ।

ਇਸ ਮੌਕੇ ਬੋਲਦਿਆਂ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਨੇ ਕਿਹਾ ਕਿ ਇਹ ਸਭ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਕੇਂਦਰ ਦੀ ਸਰਕਾਰ ਦੁਆਰਾ ਲੋਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਆਗੂਆਂ ਨੂੰ ਕੇਂਦਰ ਸਰਕਾਰ ਦੀ ਦੋਗਲੀ ਨੀਤੀ ਨਾਲ ਪੰਜਾਬ ਸਰਕਾਰ ਦੁਆਰਾ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਨੂੰ ਜਥੇਬੰਦੀ ਵੱਲੋਂ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਦੀ ਜਥੇਬੰਦੀ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ। ਇਸ ਮੌਕੇ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ, ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ, ਜ਼ਿਲਾ ਪ੍ਰੈੱਸ ਸਕੱਤਰ ਲਖਵੀਰ ਸਿੰਘ, ਬਲਾਕ ਗੁਰੂਹਰਸਹਾਏ—1 ਤੋਂ ਬਲਾਕ ਪ੍ਰਧਾਨ ਅਸ਼ੋਕ ਕੁਮਾਰ ਜੰਡ ਵਾਲਾ, ਬਲਾਕ ਗੁਰੂਹਰਸਹਾਏ 2 ਤੋਂ ਬਲਾਕ ਪ੍ਰਧਾਨ ਸੁਖਦੇਵ ਢੋਟ, ਬਲਾਕ ਮਮਦੋਟ ਪ੍ਰਧਾਨ ਬਲਕਾਰ ਸਿੰਘ ਜੋਧਪੁਰ, ਫਿਰੋਜ਼ਪੁਰ ਬਲਾਕ ਪ੍ਰਧਾਨ ਅਮਰੀਕ ਸਿੰਘ ਪੱਲ੍ਹਾ ਮੇਘਾ, ਘੱਲ ਬਲਾਕ ਪ੍ਰਧਾਨ ਸਾਹਿਬ ਸਿੰਘ ਵਾੜਾ ਭਾਈ ਕਾ, ਜ਼ੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ, ਜਗਤਾਰ ਸਿੰਘ, ਪਰਮ ਸਿੰਘ, ਪ੍ਰੀਤਮ ਸਿੰਘ, ਸਰਦੂਲ ਸਿੰਘ, ਬਲਵੰਤ ਸਿੰਘ, ਹਰਬੰਸ ਸਿੰਘ, ਰਾਜਵਿੰਦਰ ਸਿੰਘ, ਸੰਦੀਪ ਸਿੰਘ, ਬੇਅੰਤ ਸਿੰਘ, ਮੰਗਲ ਦਾਸ ਢੋਟ, ਸਤਨਾਮ ਚੰਦ, ਇਕਬਾਲ ਸਿੰਘ, ਹਰਜੀਤ ਸਿੰਘ ਗੱਟੀ, ਜਗਤਾਰ ਸਿੰਘ, ਡਾਕਟਰ ਪਰਮਜੀਤ ਸਿੰਘ, ਬੂਟਾ ਸਿੰਘ, ਸੁਖਦੇਵ ਸਿੰਘ, ਮੇਜਰ ਸਿੰਘ ਚੰਦੀ ਸਮੇਤ ਸੈਂਕੜੇ ਕਿਸਾਨ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਆਪ-ਮੁਹਾਰੇ ਲੋਕਾਂ ਦਾ ਹੋਇਆ ਜ਼ਬਰਦਸਤ ਇਕੱਠ**

# ਤੁਹਾਡੀ ਇੱਕ ਇੱਕ ਵੋਟ ਪੰਜਾਬ ਵਿੱਚੋਂ ਨਸ਼ਿਆਂ ਨੂੰ ਕਰੇਗੀ ਖਤਮ -ਮਾਤਾ ਬਲਵਿੰਦਰ ਕੌਰ ਖਾਲਸਾ




**ਚੌਂਕ ਮਹਿਤਾ, 11 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਅੱਜ ਸਥਾਨਕ ਰਾਇਲ ਪੈਲਸ ਵਿੱਚ ਵਾਰਸ ਪੰਜਾਬ ਦੇ ਜਥੇਬੰਦੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਜੋ ਕਿ ਅਸਾਮ ਦੀ ਜੇਲ ਵਿੱਚ ਬੰਦ ਹਨ, ਦੀ ਚੋਣ ਮੁਹਿੰਮ ਨੂੰ ਭਰਵਾਂ ਹੁਲਾਰਾ ਦਿੰਦਿਆਂ ਸਮਰਥਕਾਂ ਵੱਲੋਂ ਇੱਕ ਵਿਸ਼ਾਲ ਇਕੱਠ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਭਾਈ ਅੰਮ੍ਰਿਤ ਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ, ਜਵਾਨੀ ਖਤਮ ਹੋ ਰਹੀ ਹੈ, ਇਸ ਲਈ ਨਸ਼ਿਆਂ ਨੂੰ ਠੱਲ ਪਾਉਣ ਵਾਸਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣਾ ਇੱਕ ਇੱਕ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸ੍ਰ ਇਮਾਨ ਸਿੰਘ ਈਮਾਨ ਸਪੁੱਤਰ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਕਿ ਜੋ ਬੇਇਨਸਾਫੀ ਭਾਈ ਅੰਮ੍ਰਿਤ ਪਾਲ ਸਿੰਘ ਨਾਲ ਹੋਈ ਹੈ ਅਤੇ ਜੋ ਸਥਿਤੀ ਇਸ ਵੇਲੇ ਸਿੱਖ ਕੌਮ ਦੀ ਹੈ, ਉਸ ਨੂੰ ਮੱਦੇ ਨਜ਼ਰ ਰੱਖਦੇ ਹੋਏ ਸੰਗਤਾਂ ਨੇ ਭਰਵਾਂ ਹੁੰਗਾਰਾ ਭਰਿਆ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਨੇ ਜੋ ਐਨ ਐਸ ਏ ਲਵਾਇਆ ਹੈ ਉਸ ਦੇ ਖਿਲਾਫ ਰੋਸ ਵਜੋਂ ਇਹ ਭਾਰੀ ਇਕੱਠ ਹੋ ਰਹੇ ਹਨ । ਉਹਨਾਂ ਕਿਹਾ ਕਿ ਜਦੋਂ ਵੀ ਪੰਥ ਤੇ ਮੁਸੀਬਤ ਆਉਂਦੀ ਹੈ ਤਾਂ ਹਮੇਸ਼ਾ ਮਾਝੇ ਦਾ ਇਲਾਕਾ ਮੂਹਰੇ ਹੋ ਕੇ ਖੜ੍ਹਦਾ ਹੈ। ਜਿਸ ਤਰ੍ਹਾਂ ਤੁਸੀਂ ਖਡੂਰ ਸਾਹਿਬ ਹਲਕੇ ਦੀਆਂ ਸੰਗਤਾਂ ਨੇ ਸਰਦਾਰ ਸਿਮਰਨਜੀਤ ਸਿੰਘ ਮਾਨ ਨੂੰ ਭਾਰੀ ਬਹੁਮਤ ਦੇ ਕੇ ਜੇਲ ਵਿੱਚੋਂ ਬਾਹਰ ਲਿਆਂਦਾ ਸੀ , ਮੈਨੂੰ ਪੂਰਾ ਵਿਸ਼ਵਾਸ ਹੈ ਕਿ ਠੀਕ ਉਸੇ ਤਰ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਨੂੰ ਵੀ ਤੁਸੀਂ ਭਾਰੀ ਬਹੁਮਤ ਨਾਲ ਜਿਤਾ ਕੇ ਜੇਲ ਵਿੱਚੋਂ ਬਾਹਰ ਲੈ ਕੇ ਆਵੋਗੇ।

ਇਸ ਮੌਕੇ ਹੋਰਨਾ ਤੋਂ ਇਲਾਵਾ ਜਥੇਦਾਰ ਤਰਸੇਮ ਸਿੰਘ, ਭਾਈ ਇਮਾਨ ਸਿੰਘ ਈਮਾਨ, ਉਪਕਾਰ ਸਿੰਘ ਸੰਧੂ, ਅਮਰੀਕ ਸਿੰਘ ਨੰਗਲ ਇੰਚਾਰਜ ਮਾਝਾ ਜੋਨ, ਸੁਖਵਿੰਦਰ ਸਿੰਘ ਹਲਕਾ ਇੰਚਾਰਜ, ਮਹਿੰਦਰ ਪਾਲ ਸਿੰਘ ਰੰਧਾਵਾ ਮਹਿਤਾ ਚੌਂਕ, ਬਲਵਿੰਦਰ ਸਿੰਘ, ਬਲਕਾਰ ਸਿੰਘ, ਨਿਸ਼ਾਨ ਸਿੰਘ ਵੈਰੋਨੰਗਲ, ਸ਼ਿਵਚਰਨ ਸਿੰਘ ਢਿੱਲੋਂ, ਸਤਨਾਮ ਸਿੰਘ, ਮਨਜਿੰਦਰ ਸਿੰਘ ਮੱਲੀ ਆਦਿ ਹਾਜ਼ਰ ਸਨ।


**ਗੁ:ਬੁੰਗਾ ਮਸਤੂਆਣਾ ਸਾਹਿਬ ਸਮੇਤ ਹੋਰਨਾਂ**

# ਧਾਰਮਿਕ ਸਥਾਨਾਂ ਤੇ ਨਤਮਸਤਕ ਹੋਏ ਜੀਤਮਹਿੰਦਰ ਸਿੰਘ ਸਿੱਧੂ



ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਵਜੋਂ ਨਾਮਜ਼ਦਗੀ ਪਰਚਾ ਭਰਨ ਉਪਰੰਤ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਸ਼ੁਕਰਾਨੇ ਵਜੋਂ ਧਾਰਮਿਕ ਸਥਾਨਾਂ ਤੇ ਨਤਮਸਤਕ ਹੋਣ ਦੀ ਆਰੰਭੀ ਲੜੀ ਤਹਿਤ ਪ੍ਰਸਿੱਧ ਧਾਰਮਿਕ ਸੰਸਥਾ ਗੁਰਦੁਆਰਾ ਬੁੰਗਾ ਮਸਤੂਆਣਾ ਸਾਹਿਬ ਸਮੇਤ ਨਗਰ ਦੇ ਹੋਰਨਾਂ ਧਾਰਮਿਕ ਸਥਾਨਾਂ ਤੇ ਸਿਜਦਾ ਕੀਤਾ ਗਿਆ। ਸਿੱਧੂ ਅੱਜ ਸਭ ਤੋਂ ਪਹਿਲਾਂ ਗੁਰਦੁਆਰਾ ਬੁੰਗਾ ਮਸਤੂਆਣਾ ਸਾਹਿਬ ਨਤਮਸਤਕ ਹੋਏ ਜਿੱਥੇ ਉਨਾਂ ਨੇ ਸ਼ੁਕਰਾਨੇ ਦੀ ਅਰਦਾਸ ਕੀਤੀ। ਬੁੰਗਾ ਮਸਤੂਆਣਾ ਸਾਹਿਬ ਦੇ ਮੁਖੀ ਬਾਬਾ ਕਾਕਾ ਸਿੰਘ ਨੇ ਇਸ ਮੌਕੇ ਸਿੱਧੂ ਪਰਿਵਾਰ ਦੇ ਮਸਤੂਆਣਾ ਸਾਹਿਬ ਨਾਲ ਕਰੀਬ ਅੱਧੀ ਸਦੀ ਤੋਂ ਚੱਲੇ ਆ ਰਹੇ ਸਬੰਧਾਂ ਨੂੰ ਚੇਤੇ ਕਰਦਿਆਂ ਉਨਾਂ ਨੂੰ ਗੁਰੂਘਰ ਦੀ ਬਖਸ਼ਿਸ ਸਿਰੋਪਾਉ ਭੇਟ ਕੀਤਾ ਗਿਆ। ਬੁੰਗਾ ਮਸਤੂਆਣਾ ਦੇ ਭਾਈ ਚਤਰ ਸਿੰਘ ਵੀ ਇਸ ਮੌਕੇ ਮੌਜੂਦ ਰਹੇ।ਉਪਰੰਤ ਸਿੱਧੂ ਨੇ ਨਗਰ ਦੇ ਪ੍ਰਸਿੱਧ ਦੁਰਗਾ ਮੰਦਿਰ ਚ ਮੱਥਾ ਟੇਕਿਆ ਅਤੇ ਪ੍ਰਬੰਧਕਾਂ ਨੇ ਉਨਾਂ ਨੂੰ ਸਨਮਾਨਿਤ ਕੀਤਾ। ਉਕਤ ਫੇਰੀ ਦੌਰਾਨ ਸਿੱਧੂ ਨੇ ਨਗਰ ਚ ਸਥਿਤ ਮੁਸਲਮਾਨ ਭਾਈਚਾਰੇ ਦੀ ਮਸਜਿਦ ਅਤੇ ਪੀਰਖਾਨੇ ਵਿੱਚ ਸਿਜਦਾ ਕੀਤਾ ਜਦੋਂਕਿ ਉਨ੍ਹਾਂ ਨੇ ਡੇਰਾ ਤੰਗ ਤੋੜੇ, ਬਾਬਾ ਵਿਸ਼ਵਕਰਮਾ ਮੰਦਿਰ ਚ ਹਾਜ਼ਰੀ ਭਰਦਿਆਂ ਥਾਣਾ ਚੌਂਕ ਚ ਭਗਤ ਰਵੀਦਾਸ ਜੀ ਦੀ ਮੂਰਤੀ ਅੱਗੇ ਫੁੱਲ ਮਾਲਾਵਾਂ ਭੇਟ ਕਰ ਮੱਥਾ ਟੇਕਿਆ। ਇਸ ਮੌਕੇ ਉਨਾਂ ਨਾਲ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ, ਹਰਬੰਸ ਸਿੰਘ ਸਾਬਕਾ ਕਾ. ਪ੍ਰਧਾਨ ਨਗਰ ਕੌਂਸਲ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਗੋਲਡੀ ਗਿੱਲ ਬੁਲਾਰਾ ਯੂਥ ਕਾਂਗਰਸ, ਮਨੋਜ ਕੁਮਾਰ ਸੀਂਗੋ ਕੌਂਸਲਰ ਰਾਮਾਂ, ਖੁਸ਼ੀ ਗਿੱਲ ਸਾਬਕਾ ਚੇਅਰਮੈਨ ਐੱਨ.ਐੱਸ.ਯੂ.ਆਈ, ਦਵਿੰਦਰ ਸਿੰਘ ਸੂਬਾ, ਮੰਗੀ ਗਿੱਲ, ਤੇਜ ਰਾਮ ਸ਼ਰਮਾਂ, ਕ੍ਰਿਸ਼ਨ ਯਾਦਵ,ਦਰਸ਼ਨ ਗਿੱਲ, ਜਗਦੀਪ ਸਿੰਘ ਗੋਦਾਰਾ ਆਦਿ ਆਗੂ ਮੌਜੂਦ ਸਨ।

## ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਸੱਭਿਆਚਾਰ ਕਲਚਰ ਮੰਚ ਬੁਤਾਲਾ ਨੂੰ ਪਦਮ ਸ੍ਰੀ ਸੁਰਜੀਤ ਪਾਤਰ ਜੀ ਦੇ ਅਚਾਨਕ ਸਾਥ ਛੱਡ ਇਸ ਦੁਨੀਆਂ ਤੋਂ ਤੁਰ ਜਾਣ ਦਾ ਸਦਮਾ



**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ) :—** ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਸੱਭਿਆਚਾਰਕ ਮੰਚ ਦੇ ਸਰਪ੍ਰਸਤ ਅਤੇ ਪੰਜਾਬ ਦੀ ਮਹਾਨ ਸ਼ਖ਼ਸੀਅਤ ਮਹਾਨ ਸ਼ਾਇਰ ਪਦਮਸ਼੍ਰੀ ਸੁਰਜੀਤ ਪਾਤਰ ਜੀ ਦਾ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਹੋਏ ਦੇਹਾਂਤ ਦਾ ਜਿੱਥੇ ਸਮੁੱਚੇ ਪੰਜਾਬ ਨੂੰ ਘਾਟਾ ਪਿਆ ਹੈ, ਉਥੇ ਹੀ ਸੱਭਿਆਚਾਰਕ ਮੰਚ ਅਤੇ ਮੰਚ ਦੇ ਸਮੂਹ ਮੈਂਬਰਾਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ ਬੱਲ, ਮੀਤ ਪ੍ਰਧਾਨ ਹਰਜਿੰਦਰਪਾਲ ਸਿੰਘ ਸਿੱਧੂ, ਯੂ.ਐਸ.ਏ ਜਨਰਲ ਸੈਕਟਰੀ ਵੀਰਪਾਲ ਸਿੰਘ ਬੱਲ, ਗੁਰਸਿਮਰਨਜੀਤ ਕੌਰ ਸੇਖੋਂ, ਪੀ.ਸੀ.ਐਸ.ਚੀਫ ਐਡਵਾਈਜ਼ਰ ਅਮਨਦੀਪ ਕੌਰ ਐਡਵਾਈਜ਼ਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੁਨੀਆਂ ਵਿੱਚ ਪੰਜਾਬੀ ਬੋਲੀ ਨੂੰ ਪ੍ਰਫੁਲਿਤ ਕਰਨ ਵਾਲੇ ਇਸ ਮਹਾਨ ਸ਼ਾਇਰ ਦਾ ਘਾਟਾ ਕਦੀ ਵੀ ਪੂਰਾ ਨਹੀਂ ਹੋ ਸਕਦਾ, ਇਹੋ ਜਿਹੀ ਮਹਾਨ ਸ਼ਖਸ਼ੀਅਤ ਦੇ ਤੁਰ ਜਾਣ ਨਾਲ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਦੱਸਿਆ ਕਿ ਸਾਡੇ ਸੱਭਿਆਚਾਰ ਮੰਚ ਦੇ ਸਰਪ੍ਰਸਤ ਸੁਰਜੀਤ ਸਿੰਘ ਪਾਤਰ ਜੀ ਦੇ ਅਚਾਨਕ ਇਸ ਵਿਛੋੜੇ ਦਾ ਬਹੁਤ ਦੁੱਖ ਹੈ ਅਸੀਂ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਇਸ ਮਹਾਨ ਸ਼ਖ਼ਸੀਅਤ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਭਾਈ ਗੁਰਮੀਤ ਸਿੰਘ ਖਨਿਆਣ ਦੇ ਮਾਤਾ ਜੀ ਦੇ ਅਕਾਲ ਚਲਾਣੇ ਤੇ ਬੱਬਰ ਖਾਲਸਾ ਜਰਮਨੀ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



ਨਵੀਂ ਦਿੱਲੀ 11 ਮਈ (ਮਨਪ੍ਰੀਤ ਸਿੰਘ ਖਾਲਸਾ):- ਭਾਈ ਗੁਰਮੀਤ ਸਿੰਘ ਦੇ ਮਾਤਾ ਸਤਵੰਤ ਕੌਰ ਜੀ ਵਾਹਿਗੁਰੂ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰਕੇ 7 ਮਈ ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਭਾਈ ਸਾਹਿਬ ਲੰਮੇ ਸਮੇਂ ਤੋਂ ਜਲਾਵਤਨੀ ਹੰਢਾਅ ਸਿੱਖ ਰਾਜ ਦੀ ਪ੍ਰਾਪਤੀ ਲਈ ਆਪਣਾ ਬਣਦਾ ਯੋਗਦਾਨ ਪਾ ਰਹੇ ਹਨ। ਕੁੱਝ ਮਹੀਨੇ ਪਹਿਲਾਂ ਹੀ ਪਿਤਾ ਜੀ ਦੇ ਵਿਛੋੜੇ ਦਾ ਸਦਮਾ ਹੰਢਾਇਆ ਸੀ ਕਿ ਹੁਣ ਮਾਤਾ ਜੀ ਵੀ ਤੁਰ ਗਏ। ਮਾਤਾ ਜੀ ਨੇ ਆਪਣੇ ਪੁੱਤਰ ਦੇ ਸਿੱਖ ਸੰਘਰਸ਼ ਵਿੱਚ ਘਰੋਂ ਰੂਪੋਸ਼ ਹੋਣ ਸਮੇਂ ਹਕੂਮਤ ਦਾ ਜ਼ਬਰ ਆਪਣੇ ਪਿੰਡੇ ਤੇ ਹੰਢਾਇਆ। ਜਿਸ ਨੂੰ ਬੜੇ ਸਬਰ ਨਾਲ ਵਾਹਿਗੁਰੂ ਦਾ ਭਾਣਾ ਮਿੱਠਾ ਕਰਕੇ ਮੰਨਿਆ। ਮਾਂ ਬਾਪ ਦੇ ਆਪਣੀ ਔਲਾਦ ਲਈ ਬਹੁਤ ਅਰਮਾਨ ਹੁੰਦੇ ਹਨ ਅਤੇ ਇੱਕ ਪੁੱਤ ਦੇ ਦਿਲ ਵਿੱਚ ਵੀ ਆਪਣੇ ਬਜ਼ੁਰਗ ਮਾਪਿਆਂ ਦੀ ਸੇਵਾ ਸੰਭਾਲ ਕਰਨ ਦੀ ਤਾਂਘ ਹੁੰਦੀ ਹੈ ਜੋ ਸੰਘਰਸ਼ੀ ਯੋਧਿਆਂ ਦੇ ਹਿੱਸੇ ਨਹੀ ਆਉਂਦੀ। ਅਜ਼ਾਦੀ ਦੀ ਕੀਮਤ ਦਾ ਇਹ ਵੀ ਇੱਕ ਹਿੱਸਾ ਹੈ ਜੋ ਦੇਖਿਆ ਨਹੀ ਜਾ ਸਕਦਾ ਸਿਰਫ ਮਹਿਸੂਸ ਕੀਤਾ ਜਾ ਸਕਦਾ ਹੈ। ਇਸ ਦੁੱਖ ਦੀ ਘੜੀ ਸਮੇਂ ਅਸੀਂ ਬੱਬਰ ਖਾਲਸਾ ਜਰਮਨੀ ਵਲੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਬਿੱਧੀ ਸਿੰਘ ਬੱਬਰ, ਭਾਈ ਜਸਵੰਤ ਸਿੰਘ, ਭਾਈ ਅਮਰਜੀਤ ਸਿੰਘ ਅਤੇ ਭਾਈ ਰਾਜਿੰਦਰ ਸਿੰਘ ਆਦਿ ਭਾਈ ਗੁਰਮੀਤ ਸਿੰਘ ਦੇ ਨਾਲ ਹਾਂ ਉਥੇ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਮਾਤਾ ਸਤਵੰਤ ਕੌਰ ਦੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਪ੍ਰਸਿੱਧ ਪੰਜਾਬੀ ਲੇਖਕ ਤੇ ਕਵੀ ਪਦਮਸ਼੍ਰੀ ਸੁਰਜੀਤ ਪਾਤਰ ਦੇ ਅਕਾਲ ਚਲਾਣਾ ਕਰਨ ਨਾਲ ਪੰਜਾਬੀ ਜਗਤ ਨੂੰ ਪਿਆ ਵੱਡਾ ਘਾਟਾ : ਪ੍ਰੋ. ਬਡੂੰਗਰ



**ਪਟਿਆਲਾ, 11 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ ਕਿਰਪਾਲ ਸਿੰਘ ਬਡੂੰਗਰ ਨੇ ਪ੍ਰਸਿੱਧ ਪੰਜਾਬੀ ਲੇਖਕ ਤੇ ਕਵੀ ਪਦਮਸ਼੍ਰੀ ਸ. ਸੁਰਜੀਤ ਸਿੰਘ ਪਾਤਰ ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸ. ਪਾਤਰ ਨੇ ਪੰਜਾਬੀ ਭਾਸ਼ਾ ਦਾ ਪ੍ਰਚਾਰ ਪ੍ਰਸਾਰ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਹੈ, ਅਤੇ ਸਾਹਿਤ ਦੇ ਖੇਤਰ ਵਿੱਚ ਅਹਿਮ ਪ੍ਰਾਪਤੀਆਂ ਆਪਣੇ ਨਾਮ ਕੀਤੀਆਂ, ਜਿਸ ਨੂੰ ਦੇਖਦਿਆਂ ਹੋਇਆਂ ਸੁਰਜੀਤ ਪਾਤਰ ਨੂੰ 2012 ਵਿੱਚ ਭਾਰਤ ਸਰਕਾਰ ਵੱਲੋਂ ਪਦਮ ਸ੍ਰੀ ਦੇ ਨਾਲ ਸਨਮਾਨਿਤ ਕੀਤਾ ਗਿਆ ਇਸ ਦੇ ਨਾਲ ਹੀ ਅਨੇਕਾਂ ਨਾਮਵਰ ਐਵਾਰਡ ਪ੍ਰਾਪਤ ਕਰਨ ਦਾ ਮਾਣ ਵੀ ਸੁਰਜੀਤ ਪਾਤਰ ਦੇ ਹਿੱਸੇ ਆਇਆ ਹੈ ਜਿਨਾਂ ਵਿੱਚੋਂ 1979 ਵਿੱਚ ਪੰਜਾਬ ਸਾਹਿਤ ਅਕਾਦਮੀ ਅਵਾਰਡ, 1993 ਵਿੱਚ ਸਾਹਿਤ ਅਕਾਦਮੀ ਅਵਾਰਡ, 1999 ਵਿੱਚ ਪੰਚਾਨੰਦ ਐਵਾਰਡ, 2007 ਵਿੱਚ ਅਨਦ ਕਾਵਯ ਸਨਮਾਨ, 2009 ਵਿੱਚ ਸਰਸਵਤੀ ਸਨਮਾਨ ਅਤੇ ਗੰਗਾਧਰ ਰਾਸ਼ਟਰੀ ਕਵਿਤਾ ਪੁਰਸਕਾਰ ਨਾਲ ਸਨਮਾਨ ਕੀਤੇ ਗਏ । ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਇਨੇ ਨਾਮਵਰ ਪੁਰਸਕਾਰ ਪ੍ਰਾਪਤ ਕਰਨ ਦੇ ਨਾਲ ਨਾਲ ਸੁਰਜੀਤ ਪਾਤਰ ਵੱਲੋਂ ਪੰਜਾਬੀ ਸਾਹਿਤ ਅਕਾਦਮੀ ਦੇ ਪ੍ਰਧਾਨ ਦੇ ਅਹੁਦੇ ਦੀ ਵੀ ਬਾਖੂਬੀ ਜਿੰਮੇਵਾਰੀ ਨਿਭਾਈ ਤੇ ਵੱਖ ਵੱਖ ਨਾਮਵਰ ਸੰਸਥਾਵਾਂ ਵਿੱਚ ਵੀ ਕੰਮ ਕੀਤਾ।

ਉਨਾਂ ਦੱਸਿਆ ਕਿ ਜਨਵਰੀ 1945 ਵਿੱਚ ਜਲੰਧਰ ਦੇ ਪੱਤੜ ਕਲਾਂ ਪਿੰਡ ਵਿੱਚ ਜਨਮੇ ਸੁਰਜੀਤ ਪਾਤਰ ਦਾ ਨਾਮ ਪੱਤੜ ਦੇ ਪਿੰਡ ਤੋਂ ਹੀ ਨਾਲ ਜੁੜਿਆ । ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਪੰਜਾਬੀ ਸਾਹਿਤ ਨਾਲ ਜੁੜੀ ਪੰਜਾਬੀ ਜਗਤ ਦੀ ਵੱਡੀ ਸ਼ਖਸ਼ੀਅਤ ਸੁਰਜੀਤ ਪਾਤਰ ਨੇ ਪੰਜਾਬੀ ਮਾਂ ਬੋਲੀ ਦੀ ਸਾਰੀ ਉਮਰ ਸੇਵਾ ਕੀਤੀ । ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਸੁਰਜੀਤ ਪਾਤਰ ਦੇ ਅਕਾਲ ਚਲਾਣਾ ਹੋ ਜਾਣ ਨਾਲ ਜਿੱਥੇ ਪੰਜਾਬੀ ਜਗਤ ਨੂੰ ਵੱਡਾ ਕਦੇ ਵੀ ਪੂਰਾ ਨਾ ਹੋਣ ਵਾਲਾ ਘਾਟਾ ਪਿਆ ਹੈ ਉੱਥੇ ਹੀ ਉਹ ਆਪਣੀਆਂ ਵਡਮੂਲੀਆਂ ਪੰਜਾਬੀ ਸੱਭਿਆਚਾਰ ਨੂੰ ਜਿਉਂਦਾ ਰੱਖਣ ਵਾਲੀਆਂ ਆਪਣੀਆਂ ਲਿਖਤਾਂ ਦੇ ਜਰੀਏ ਸਦਾ ਪੰਜਾਬੀ ਜਗਤ ਵਿੱਚ ਜਿਉਂਦਾ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਮੋਦੀ ਜੀ, ਖਿਆਲ ਰੱਖਣਾ ਕਿ ਤਖਤ ਪਟਨਾ ਸਾਹਿਬ ਦੇ ਦਰਸ਼ਨ ਕਰਦਿਆਂ ਦਰਬਾਰ ਸਾਹਿਬ ਦੀ ਪਵਿੱਤਰਤਾ, ਮਰਿਆਦਾ ਅਤੇ ਸੰਗਤਾਂ ਦੇ ਦਰਸ਼ਨਾਂ ਵਿੱਚ ਕੋਈ ਰੁਕਾਵਟ ਨਾ ਆਏ: ਚਰਨਜੀਤ ਸਿੰਘ

## ਰਾਸ਼ਟਰਪਤੀ ਮੁਰਮੂ ਦੀ ਫੇਰੀ ਦੌਰਾਨ ਸੰਗਤ ਹੋਈ ਸੀ ਬਹੁਤ ਪ੍ਰੇਸ਼ਾਨ



**ਨਵੀਂ ਦਿੱਲੀ 11 ਮਈ (ਮਨਪ੍ਰੀਤ ਸਿੰਘ ਖਾਲਸਾ):-** ਸਰਦਾਰ ਚਰਨਜੀਤ ਸਿੰਘ ਮੈਂਬਰ ਅਤੇ ਮੁੱਖ ਕਾਨੂੰਨੀ ਸਲਾਹਕਾਰ ਸਾਬਕਾ ਜਨਰਲ ਸਕੱਤਰ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੇ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦੀ ਪਟਨਾ ਸਾਹਿਬ ਵਿਖੇ ਫੇਰੀ ਨੂੰ ਲੈ ਕੇ ਕੁਝ ਮੁੱਦਿਆਂ ਤੇ ਉਨ੍ਹਾਂ ਦਾ ਧਿਆਨ ਦਿਵਾਇਆ ਹੈ ।ਉਨ੍ਹਾਂ ਮੋਦੀ ਨੂੰ ਲਿਖੀ ਚਿੱਠੀ ਅੰਦਰ ਲਿਖਿਆ ਕਿ ਤੁਸੀਂ 13 ਮਈ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਅਸਥਾਨ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਦਰਸ਼ਨ ਕਰ ਰਹੇ ਹੋ। ਸਿੱਖ ਸੰਗਤ ਦੇ ਮੈਂਬਰ ਵਜੋਂ ਮੈਂ ਤੁਹਾਡਾ ਨਿੱਘਾ ਸੁਆਗਤ ਕਰਦਾ ਹਾਂ। ਤਖ਼ਤ ਪਟਨਾ ਸਾਹਿਬ ਸਿੱਖ ਧਰਮ ਦੇ ਕੇਂਦਰ ਵਜੋਂ ਹੀ ਨਹੀਂ ਸਗੋਂ ਸਿੱਖ ਕੌਮ ਦੀ ਅਦੁੱਤੀ ਭਾਵਨਾ ਅਤੇ ਦ੍ਰਿੜਤਾ ਦੇ ਪ੍ਰਤੀਕ ਵਜੋਂ ਵੀ ਬਹੁਤ ਮਹੱਤਵ ਰੱਖਦਾ ਹੈ। ਅਸੀਂ ਆਸ ਕਰਦੇ ਹਾਂ ਕਿ ਤੁਹਾਡੀ ਵਿਸ਼ੇਸ਼ ਹਾਜ਼ਰੀ ਸਾਨੂੰ ਪਟਨਾ ਦੀ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਗੂੰਜਣ ਦੇ ਯੋਗ ਬਣਾਵੇਗੀ।

ਪਿਛਲੇ ਸਾਲ ਅਕਤੂਬਰ 2023 ਵਿੱਚ, ਮਾਨਯੋਗ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਦੀ ਫੇਰੀ ਦੌਰਾਨ, ਸਾਨੂੰ ਸੁਰੱਖਿਆ ਉਪਾਵਾਂ ਦੇ ਕਾਰਨ ਦਰਬਾਰ ਸਾਹਿਬ ਨਾਲ ਸੰਗਤ ਦੇ ਸੰਪਰਕ ਵਿੱਚ ਕੁਝ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ।ਅਸੀਂ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਅਜਿਹੇ ਹਾਲਾਤਾਂ ਨੂੰ ਦੁਹਰਾਇਆ ਨਾ ਜਾਵੇ, ਤਾਂ ਜੋ ਤੁਹਾਡੀ ਫੇਰੀ ਦੌਰਾਨ ਸਾਡੇ ਦਰਬਾਰ ਸਾਹਿਬ ਦੀ ਪਵਿੱਤਰਤਾ ਅਤੇ ਮਰਿਆਦਾ ਵਿੱਚ ਕੋਈ ਰੁਕਾਵਟ ਨਾ ਆਵੇ। ਸਾਡੀ ਰਵਾਇਤ ਅਤੇ ਮਰਿਆਦਾ ਅਨੁਸਾਰ ਸੰਗਤਾਂ ਬਿਨਾਂ ਕਿਸੇ ਰੋਕ-ਟੋਕ ਦੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਅਧਿਆਤਮਿਕ ਮਾਹੌਲ ਵਿਚ ਹਾਜ਼ਰੀਆਂ ਭਰ ਸਕਣ ।

> **ਭਾਰਤੀ ਸੰਵਿਧਾਨ ਦੀ ਧਾਰਾ 25 (ਬੀ) ਵਿੱਚ ਗੰਭੀਰਤਾ ਨਾਲ ਸੋਧ ਕਰਦਿਆਂ ਸਿੱਖ ਧਰਮ ਨੂੰ ਵੱਖਰੇ ਧਰਮ ਵਜੋਂ ਦਿੱਤੀ ਜਾਏ ਮਾਨਤਾ**

ਇਸ ਤੋਂ ਇਲਾਵਾ, ਅਸੀਂ ਤਖ਼ਤ ਦੇ ਪ੍ਰਬੰਧ ਅਤੇ ਪ੍ਰਬੰਧ ਨਾਲ ਸਬੰਧਤ ਕੁਝ ਗੰਭੀਰ ਮੁੱਦਿਆਂ ਵੱਲ ਤੁਹਾਡਾ ਧਿਆਨ ਖਿੱਚਣਾ ਚਾਹੁੰਦੇ ਹਾਂ ।ਪ੍ਰਸ਼ਾਸਨਿਕ ਅਤੇ ਨਿਆਂਇਕ ਦਖਲਅੰਦਾਜ਼ੀ ਅਤੇ ਦੇਰੀ ਦਾ ਵਾਰ-ਵਾਰ ਪੈਟਰਨ ਸਾਡੇ ਚੋਣ ਅਤੇ ਪ੍ਰਸ਼ਾਸਨਿਕ ਯਤਨਾਂ ਨੂੰ ਮਹੱਤਵਪੂਰਣ ਤੌਰ 'ਤੇ ਰੁਕਾਵਟ ਪਾ ਰਿਹਾ ਹੈ। ਅਜਿਹੀ ਦਖਲ-ਅੰਦਾਜ਼ੀ ਚੋਣਾਂ ਵਿੱਚ ਦੇਰੀ ਅਤੇ ਹੋਰ ਪ੍ਰਬੰਧਕੀ ਪੇਚੀਦਗੀਆਂ ਦੇ ਰੂਪ ਵਿੱਚ ਪ੍ਰਗਟ ਹੁੰਦੀ ਹੈ, ਜੋ ਸਾਡੀ ਧਾਰਮਿਕ ਸੰਸਥਾ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਦੇ ਹਨ।

ਤਖ਼ਤ ਹਜ਼ੂਰ ਸਾਹਿਬ ਨਾਂਦੇੜ ਵਿਖੇ ਵੀ ਅਜਿਹੀ ਹੀ ਸਥਿਤੀ ਹੈ। ਤਖ਼ਤ ਹਜ਼ੂਰ ਸਾਹਿਬ ਕਮੇਟੀ ਦਾ ਸੁਚਾਰੂ ਪ੍ਰਬੰਧ ਮਹਾਰਾਸ਼ਟਰ ਸਰਕਾਰ ਦੀ ਬੇਲੋੜੀ ਦਖਲਅੰਦਾਜ਼ੀ ਅਤੇ ਗੈਰ-ਜਮਹੂਰੀ ਨਵੇਂ ਕਾਨੂੰਨ ਲਾਗੂ ਕਰਨ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਰੁਕਾਵਟਾਂ ਪੈਦਾ ਹੋ ਗਈਆਂ ਹਨ। ਪਟਨਾ ਅਤੇ ਨਾਂਦੇੜ ਵਿੱਚ ਸਿੱਖ ਸੰਗਤ ਆਪਣੇ ਹੱਕਾਂ ਦੀ ਬਹਾਲੀ ਲਈ ਅੰਦੋਲਨ ਦੀ ਕਗਾਰ 'ਤੇ ਖੜ੍ਹੀ ਹੈ। ਇਸ ਤੋਂ ਇਲਾਵਾ, ਅਸੀਂ ਭਾਰਤੀ ਸੰਵਿਧਾਨ ਦੀ ਧਾਰਾ 25 (ਬੀ) ਵਿੱਚ ਸੋਧ ਦੀ ਗੰਭੀਰਤਾ ਨਾਲ ਮੰਗ ਕਰਦੇ ਹਾਂ। ਸਿੱਖ ਧਰਮ ਨੂੰ ਇੱਕ ਸੁਤੰਤਰ ਅਤੇ ਵੱਖਰੇ ਧਰਮ ਵਜੋਂ ਮਾਨਤਾ ਦਿੱਤੀ ਜਾਣੀ ਚਾਹੀਦੀ ਹੈ, ਜੋ ਸਾਡੀ ਪਛਾਣ ਅਤੇ ਇਸ ਨੂੰ ਦਿੱਤੇ ਗਏ ਸਤਿਕਾਰ ਨੂੰ ਮਜ਼ਬੂਤ ਕਰੇਗਾ। ਇਸਦੇ ਨਾਲ ਹੀ ਬਿਹਾਰ ਸਰਕਾਰ ਨੂੰ ਭਾਰਤ ਦੀ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਬੰਧ ਲਈ ਨਵਾਂ ਕਾਨੂੰਨ ਤਿਆਰ ਕਰਨਾ ਚਾਹੀਦਾ ਹੈ। ਅਸੀਂ ਪ੍ਰਸਤਾਵ ਕਰਦੇ ਹਾਂ ਕਿ ਇਹ ਨਵਾਂ ਕਾਨੂੰਨ ਨਾ ਸਿਰਫ਼ ਬਿਹਾਰ ਬਲਕਿ ਪੂਰਬੀ ਭਾਰਤ ਵਿੱਚ ਵਸੇ ਸਿੱਖਾਂ ਦੀਆਂ ਲੋੜਾਂ ਨੂੰ ਸੰਬੋਧਿਤ ਕਰਨ ਲਈ ਵਿਆਪਕ ਹੋਵੇ। ਇਸ ਮੋੜ 'ਤੇ ਖੜ੍ਹੇ ਹੋ ਕੇ, ਸਿੱਖ ਅਧਿਕਾਰਾਂ ਅਤੇ ਭਾਵਨਾਵਾਂ ਦਾ ਸਤਿਕਾਰ ਕਰਨ ਲਈ ਸਾਡੇ ਭਾਈਚਾਰੇ ਦੀਆਂ ਅਕਾਂਖਿਆਵਾਂ ਦੀ ਸੱਚੀ ਸਵੀਕਾਰਤਾ ਅਤੇ ਸਮਰਥਨ ਦਰਸਾਉਂਦੇ ਠੋਸ ਕਦਮ ਅਤਿ ਜ਼ਰੂਰੀ ਹਨ। ਇਹ ਕਦਮ ਆਪਸੀ ਸਤਿਕਾਰ ਅਤੇ ਸਮਝ 'ਤੇ ਅਧਾਰਤ ਰਿਸ਼ਤੇ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਹਨ।

ਸਾਨੂੰ ਭਰੋਸਾ ਹੈ ਕਿ ਤੁਹਾਡੀ ਲੀਡਰਸ਼ਿਪ ਇਹਨਾਂ ਤਬਦੀਲੀਆਂ ਦਾ ਮਾਰਗਦਰਸ਼ਨ ਕਰੇਗੀ ਜੋ ਸਾਡੀ ਵਿਰਾਸਤ ਅਤੇ ਅਧਿਕਾਰਾਂ ਨੂੰ ਸੁਰੱਖਿਅਤ ਅਤੇ ਵਧਾਏਗੀ। ਅਸੀਂ ਤੁਹਾਡੀ ਆਮਦ ਦੀ ਆਸ਼ਾਵਾਦੀਤਾ ਨਾਲ ਉਡੀਕ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਇਹ ਫੇਰੀ ਸਿੱਖ ਭਾਈਚਾਰੇ ਲਈ ਸਕਾਰਾਤਮਕ ਗੱਲਬਾਤ ਅਤੇ ਕਾਰਜਸ਼ੀਲ ਨਤੀਜੇ ਸ਼ੁਰੂ ਕਰੇਗੀ।

## ਨਾਮਜ਼ਦਗੀ ਸਮੇਂ ਰੋਡ ਸ਼ੋਅ ਦੌਰਾਨ ਭਾਜਪਾ ਪਰਿਵਾਰ ਅਤੇ ਸਥਾਨਕ ਲੋਕਾਂ ਵੱਲੋਂ ਦਿੱਤੇ ਗਏ ਸਹਿਯੋਗ ਅਤੇ ਸਾਥ ਲਈ ਕੀਤਾ ਧੰਨਵਾਦ

# ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਦੁਰਗਿਆਣਾ ਮੰਦਰ ਵਿਖੇ ਮੱਥਾ ਟੇਕਿਆ

ਅੰਮ੍ਰਿਤਸਰ, 11 ਮਈ (ਆਵਾਜ਼ਿ ਕੌਮ ਬਿਊਰੋ)-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਪ੍ਰਾਚੀਨ ਦੁਰਗਿਆਣਾ ਮੰਦਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੀ ਅਮਨ ਸ਼ਾਂਤੀ, ਭਾਈਚਾਰਕ ਸਾਂਝ ਦੀ ਮਜ਼ਬੂਤੀ ਅਤੇ ਅੰਮ੍ਰਿਤਸਰ ਦੀ ਤਰੱਕੀ ਤੇ ਪੰਜਾਬੀਆਂ ਦੀ ਖ਼ੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੂੰ ਮੰਦਰ ਦੇ ਪੁਜਾਰੀ ਵੱਲੋਂ ਸਨਮਾਨਿਤ ਕੀਤਾ ਗਿਆ । ਇਸ ਮੌਕੇ ਉਨ੍ਹਾਂ ਨਾਲ ਗੁਰਪ੍ਰਤਾਪ ਸਿੰਘ ਟਿੱਕਾ, ਅਜੈਪਾਲ ਬੀਰ ਸਿੰਘ ਰੰਧਾਵਾ ਅਤੇ ਪ੍ਰੋ. ਸਰਚਾਂਦ ਸਿੰਘ ਵੀ ਮੌਜੂਦ ਸਨ। ਇਸ ਮੌਕੇ ਤਰਨਜੀਤ ਸਿੰਘ ਸੰਧੂ ਦਾ ਮੰਦਰ ਵਿਚ ਪਹੁੰਚਣ 'ਤੇ ਪ੍ਰਬੰਧਕਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ।



ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਲ ਨਾਮਜ਼ਦਗੀ ਕਾਗ.ਜ਼ ਦਾਖਲ ਕਰਾਉਣ ਸਮੇਂ ਕੱਢੇ ਗਏ ਰੋਡ ਸ਼ੋਅ ਦੌਰਾਨ ਭਾਜਪਾ ਪਰਿਵਾਰ ਅਤੇ ਸਥਾਨਕ ਲੋਕਾਂ ਵੱਲੋਂ ਦਿੱਤੇ ਗਏ ਸਹਿਯੋਗ ਅਤੇ ਸਾਥ ਲਈ ਉਨ੍ਹਾਂ ਦਾ ਧੰਨਵਾਦ ਕੀਤਾ ।ਉਨ੍ਹਾਂ ਕਿਹਾ ਕਿ ਉਹ ਗੁਰੂ ਨਗਰੀ ਲਈ ਬਹੁਤ ਕੁਝ ਕਰਨਾ ਚਾਹੁੰਦੇ ਹਨ। ਉਨ੍ਹਾਂ ਦੱਸਿਆ ਕਿ ਵੀ ਐਫ ਐਸ ਨੇ ਤਾਜ ਨਾਲ ਮਿਲ ਕੇ ਅੰਮ੍ਰਿਤਸਰ ਵਿਖੇ ਟ੍ਰੇਨਿੰਗ ਸੈਂਟਰ ਖੋਲ੍ਹਣ ਦਾ ਮਨ ਬਣਾ ਲਿਆ ਹੈ। ਜਿਸ ਦਾ ਸਾਡੇ ਨੌਜਵਾਨਾਂ ਨੂੰ ਬਹੁਤ ਲਾਭ ਮਿਲੇਗਾ। ਉਨ੍ਹਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਵਿਚ ਮੌਕੇ ਮਿਲਣਗੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਖੇ ਮਲਟੀਪਲ ਵੀਜ਼ਾ ਅਪਲਾਈ ਸੈਂਟਰ 'ਵੀ ਐਫ ਐਸ ਗਲੋਬਲ ਸੈਂਟਰ' ਨੂੰ ਸਥਾਪਿਤ ਕੀਤਾ ਜਾਵੇਗਾ, ਜਿੱਥੇ ਲੋਕਾਂ ਲਈ ਬਾਇਓ ਮੈਟਰਿਕ ਉਪਕਰਨ ਵੀ ਉਪਲਬਧ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਨੌਜਵਾਨਾਂ ਅਤੇ ਔਰਤਾਂ ਦੇ ਸਵੈ ਰੁਜ਼ਗਾਰ ਅਤੇ ਸਟਾਰਟਅੱਪ ਸ਼ੁਰੂ ਕਰਨ ਲਈ ਅਮਰੀਕਨ ਐਨ ਆਰ ਆਈ ਭਰਾਵਾਂ ਵੱਲੋਂ 'ਵਿਕਸਿਤ ਅੰਮ੍ਰਿਤਸਰ ਇਨਵੈਸਟਮੈਂਟ' ਸਕੀਮ ਤਹਿਤ ਇਕ ਸੌ ਮਿਲੀਅਨ ਡਾਲਰ ਭਾਵ ਕਿ 830 ਕਰੋੜ ਤੋਂ ਵੱਧ ਦੀ ਰਕਮ ਜੁਟਾਈ ਗਈ ਹੈ। ਉਨ੍ਹਾਂ ਕਿਹਾ ਕਿ ਰੁਜ਼ਗਾਰ ਲਈ ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਵੀਲਾਗੂ ਕਰਾਉਣ 'ਚ ਤੇਜ਼ੀ ਲਿਆਂਦੀ ਜਾਵੇਗੀ।

> **ਵੀ ਐਫ ਐਸ ਤਾਜ ਨਾਲ ਮਿਲ ਕੇ ਅੰਮ੍ਰਿਤਸਰ ਵਿਖੇ ਟ੍ਰੇਨਿੰਗ ਸੈਂਟਰ ਸ਼ੁਰੂ ਕਰੇਗਾ - ਤਰਨਜੀਤ ਸਿੰਘ ਸੰਧੂ ਸਮੁੰਦਰੀ**

ਸੰਧੂ ਸਮੁੰਦਰੀ ਨੇ ਕਿਹਾ ਕਿ ਸ਼ਹਿਰ ਦੇ ਨੌਜਵਾਨਾਂ 'ਚ ਸਮਰੱਥਾ ਦੀ ਕੋਈ ਕਮੀ ਨਹੀਂ ਹੈ। ਕੇਵਲ ਉਨ੍ਹਾਂ ਨੂੰ ਸਹੀ ਅਗਵਾਈ ਅਤੇ ਮਾਰਗ ਦਰਸ਼ਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਅਨੇਕਾਂ ਵਿਦੇਸ਼ਾਂ ਕੰਪਨੀਆਂ ਅੰਮ੍ਰਿਤਸਰ ਵਿਚ ਪੂੰਜੀ ਨਿਵੇਸ਼ ਲਈ ਤਿਆਰ ਹਨ। ਜਿਸ ਦੁਆਰਾ ਬੇਰੁਜ਼ਗਾਰ ਨੌਜਵਾਨਾਂ ਨੂੰ ਟਰੇਨਿੰਗ ਦੇ ਕੇ ਉਨ੍ਹਾਂ ਨੂੰ ਰੁਜ਼ਗਾਰ ਅਤੇ ਨੌਕਰੀਆਂ ਦੇ ਕਾਬਲ ਬਣਾਏ ਜਾ ਸਕਦੇ ਹਨ। ਉਨ੍ਹਾਂ ਪੰਜਾਬ ਅਤੇ ਅੰਮ੍ਰਿਤਸਰ ਦੀ ਮੌਜੂਦਾ ਹਾਲਾਤ 'ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਸਰਹੱਦੀ ਸੂਬਾ ਪੰਜਾਬ ਵਿਚ ਅਰਾਜਕਤਾ ਪੈਦਾ ਕਰਨ ਲਈ ਦੁਸ਼ਮਣ ਤਾਕਤਾਂ ਹਮੇਸ਼ਾਂ ਤਾਕ ਵਿਚ ਰਹੀਆਂ ਹਨ। ਸੂਬੇ ਦੀ ਮੌਜੂਦਾ ਸਥਿਤੀ ਪੰਜਾਬੀ ਭਾਈਚਾਰੇ ਲਈ ਵੱਡਾ ਖ਼ਤਰਾ ਬਣੇ ਇਸ ਤੋਂ ਪਹਿਲਾਂ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਪੰਜਾਬ ਗੈਂਗਸਟਰਾਂ ਦੀ ਭਰਮਾਰ, ਨਸ਼ਾ ਅਤੇ ਅਮਨ ਕਾਨੂੰਨ ਵਿਵਸਥਾ ਦੇ ਕਾਰਨ ਵੱਡੀ ਉਲਝਣ ਦਾ ਸ਼ਿਕਾਰ ਹੈ। ਪੰਜਾਬ 'ਚ ਵਿਗੜੀ ਹੋਈ ਕਾਨੂੰਨ ਵਿਵਸਥਾ ਲਈ ਆਮ ਆਦਮੀ ਪਾਰਟੀ ਦੀ ਨਾਕਾਬਲ ਲੀਡਰਸ਼ਿਪ ਅਤੇ ਸੰਸਦ ਮੈਂਬਰ ਜ਼ਿੰਮੇਵਾਰ ਹਨ ਜੋ ਲੋਕਾਂ ਦੇ ਹਿਤਾਂ ਨੂੰ ਵਿਸਾਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਅੰਮ੍ਰਿਤਸਰ ਨੂੰ ਪੂੰਜੀ ਨਿਵੇਸ਼ ਲਈ ਅਨੁਕੂਲ ਬਣਾਇਆ ਜਾਵੇਗਾ ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨੌਜਵਾਨ ਨਸ਼ਿਆਂ 'ਚ ਬਰਬਾਦ ਹੋ ਰਹੇ ਹਨ, ਅਤੇ ਬਹੁਤਿਆਂ ਦਾ ਵਿਦੇਸ਼ਾਂ ਨੂੰ ਪਲਾਇਨ ਕਰ ਜਾਣਾ ਪੰਜਾਬ ਦੇ ਭਵਿੱਖ ਲਈ ਕਿਸੇ ਤਰਾਂ ਵੀ ਸਹੀ ਨਹੀਂ ਹੈ। ਉਨ੍ਹਾਂ ਕਿਹਾ ਕਿ ਦ੍ਰਿੜ ਸਿਆਸੀ ਇੱਛਾ ਸ਼ਕਤੀ ਤੋਂ ਬਿਨਾ ਪੰਜਾਬ ਨੂੰ ਮੁੜ ਇਸ ਦੇ ਵਾਸਤਵ ਰੂਪ ਵਿਚ ਨਹੀਂ ਲਿਆਂਦਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਸੂਬੇ ਦੀ ਬਹੁਪੱਖੀ ਉਲਝਣ ਨੂੰ ਸੁਲਝਾਉਣ ਦੀ ਸਮਰੱਥਾ ਕੇਵਲ ਭਾਜਪਾ ਕੋਲ ਹੈ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਯੁੱਧਿਆ ਵਿਚ ਰਾਮ ਮੰਦਰ ਬਣਾਉਣ ਨਾਲ ਰਾਮ ਮੰਦਰ ਬਣਾਉਣ ਦਾ 500 ਸਾਲ ਪੁਰਾਣਾ ਸੰਕਲਪ ਪੂਰਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਵਿਸ਼ਵਾਸ ਦੀਆਂ ਪ੍ਰਾਚੀਨ ਵਿਰਾਸਤਾਂ ਨੂੰ ਮੁੜ ਸੁਰਜੀਤ ਕਰਨ ਲਈ ਸ਼੍ਰੀ ਕਾਸ਼ੀ ਵਿਸ਼ਵਾਨਾਥ ਮੰਦਰ, ਸ੍ਰੀ ਉਜੈਨ ਮਹਾਂਕਾਲ ਮੰਦਰ ਅਤੇ ਸ੍ਰੀ ਕੇਦਾਰਨਾਥ ਮੰਦਰ ਦਾ ਨਵੀਨੀਕਰਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਰਤੀ ਵਿਦੇਸ਼ ਸ਼ੇਵਾ ਦੇ ਦੌਰਾਨ ਉਨ੍ਹਾਂ ਦਾ ਮਨ ਹਮੇਸ਼ਾਂ ਅੰਮ੍ਰਿਤਸਰ ਵਿਚ ਹੀ ਰਿਹਾ। ਹੁਣ ਮੈਂ ਅੰਮ੍ਰਿਤਸਰ ਦੇ ਵਿਕਾਸ ਲਈ ਉਹ ਕੁਝ ਕਰਾਂ ਜੋ ਮੈਂ ਭਾਰਤੀ ਵਿਦੇਸ਼ ਸੇਵਾ ਦੌਰਾਨ ਸੋਚਿਆ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦਾ ਸਾਥ ਮਿਲਿਆ ਤਾਂ ਉਹ ਅੰਮ੍ਰਿਤਸਰ ਲਈ ਬਹੁਤ ਕੁਝ ਕਰਨਾ ਚਾਹੇਗਾ।

# ਅਦਾਲਤ ਇਕ ਸੀ.ਐਮ. ਨੂੰ ਸਰਕਾਰੀ ਕੰਮ ਕਰਨ ਉਤੇ ਰੋਕ ਕਿਵੇ ਲਗਾ ਸਕਦੀ ਹੈ..? ਇਸ ਹੁਕਮ ਉਤੇ ਮੁੜ ਵਿਚਾਰ ਹੋਵੇ: ਮਾਨ



**ਨਵੀਂ ਦਿੱਲੀ, 11 ਮਈ (ਮਨਪ੍ਰੀਤ ਸਿੰਘ ਖਾਲਸਾ):-** "ਦਿੱਲੀ ਸਰਕਾਰ ਦੇ ਮੁੱਖ ਮੰਤਰੀ ਸ੍ਰੀ ਕੇਜਰੀਵਾਲ ਨੂੰ ਸ਼ੱਕ ਦੇ ਬਿਨ੍ਹਾਂ ਤੇ ਗ੍ਰਿਫਤਾਰ ਕੀਤਾ ਗਿਆ ਹੈ । ਜਦੋ ਉਨ੍ਹਾਂ ਨੂੰ ਅਜੇ ਅਦਾਲਤ ਵੱਲੋ ਕਿਸੇ ਤਰ੍ਹਾਂ ਦੀ ਸਜ਼ਾ ਆਦਿ ਦਾ ਐਲਾਨ ਹੀ ਨਹੀ ਕੀਤਾ ਗਿਆ, ਤਾਂ ਅਦਾਲਤ ਉਨ੍ਹਾਂ ਨੂੰ ਬਤੌਰ ਮੁੱਖ ਮੰਤਰੀ ਸਰਕਾਰੀ ਕੰਮ ਕਰਨ ਉਤੇ ਰੋਕ ਕਿਵੇ ਲਗਾ ਸਕਦੀ ਹੈ. ? ਸੁਪਰੀਮ ਕੋਰਟ ਇੰਡੀਆਂ ਨੂੰ ਇਸ ਕੀਤੇ ਗਏ ਗੈਰ ਦਲੀਲ ਹੁਕਮ ਨੂੰ ਠੀਕ ਕਰਨਾ ਪਵੇਗਾ ।ਕਿਉਂਕਿ ਦਿੱਲੀ ਦੇ ਲੈਫ. ਗਵਰਨਰ ਸ੍ਰੀ ਵਿਨੈ ਕੁਮਾਰ ਸਕਸੈਨਾ ਦੇ ਸ੍ਰੀ ਕੇਜਰੀਵਾਲ ਨਾਲ ਸੰਬੰਧ ਠੀਕ ਨਹੀ ਹੈ ।ਜੇਕਰ ਸ੍ਰੀ ਕੇਜਰੀਵਾਲ ਕਿਸੇ ਵੀ ਮਸਲੇ ਜਾਂ ਸੁਝਾਅ ਨੂੰ ਉਹ ਗਵਰਨਰ ਨੂੰ ਭੇਜਣਗੇ, ਤਾਂ ਉਸਨੂੰ ਮੌਜੂਦਾ ਲੈਫ. ਗਵਰਨਰ ਪ੍ਰਵਾਨ ਹੀ ਨਹੀ ਕਰੇਗਾ ।ਫਿਰ ਅਜਿਹੇ ਮਾਹੌਲ ਵਿਚ ਸਹੀ ਇਨਸਾਫ ਦੀ ਗੱਲ ਕਿਵੇ ਸਾਹਮਣੇ ਆ ਸਕਦੀ ਹੈ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰੀ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਜਿਨ੍ਹਾਂ ਨੂੰ ਈ.ਡੀ ਏ ਛਾਪਿਆ ਅਤੇ ਸ਼ੱਕ ਦੇ ਆਧਾਰ ਤੇ ਗ੍ਰਿਫਤਾਰ ਕੀਤਾ ਗਿਆ ਹੈ, ਉਨ੍ਹਾਂ ਨੂੰ ਸੁਪਰੀਮ ਕੋਰਟ ਵੱਲੋ ਸਰਕਾਰੀ ਕੰਮ ਨਾ ਕਰਨ ਦੀ ਹਦਾਇਤ ਦੇ ਕੇ ਤਾਂ ਵੱਡੀ ਬੇਇਨਸਾਫ਼ੀ ਅਤੇ ਗੈਰ ਵਿਧਾਨਿਕ ਅਮਲ ਕਰਨ ਉਤੇ ਆਪਣੇ ਵਿਚਾਰ ਜਾਹਰ ਕਰਦੇ ਹੋਏ ਪ੍ਰਗਟ ਕੀਤੇ ।ਇਸ ਲਈ ਸੁਪਰੀਮ ਕੋਰਟ ਦੇ ਸਤਿਕਾਰਯੋਗ ਜੱਜ ਸਾਹਿਬਾਨ ਨੂੰ ਚਾਹੀਦਾ ਹੈ ਕਿ ਜਦੋ ਉਨ੍ਹਾਂ ਨੂੰ ਕਿਸੇ ਕਾਨੂੰਨ ਜਾਂ ਅਦਾਲਤ ਵੱਲੋ ਦੋਸ਼ੀ ਨਹੀ ਠਹਿਰਾਇਆ ਗਿਆ ਅਤੇ ਨਾ ਹੀ ਸਜ਼ਾ ਤਹਿ ਕੀਤੀ ਗਈ ਹੈ, ਫਿਰ ਉਨ੍ਹਾਂ ਨੂੰ ਆਪਣਾ ਸਰਕਾਰੀ ਕੰਮ ਕਰਨ ਉਤੇ ਕਿਸੇ ਤਰ੍ਹਾਂ ਦੀ ਰੋਕ ਨਹੀਂ ਲਗਾਉਣੀ ਚਾਹੀਦੀ ਅਤੇ ਕੀਤੇ ਗਏ ਇਸ ਫੈਸਲੇ ਨੂੰ ਮੁੜ ਵਿਚਾਰ ਕਰਕੇ ਸਹੀ ਦਿਸ਼ਾ ਵੱਲ ਅਮਲ ਹੋਣਾ ਅਤਿ ਜਰੂਰੀ ਹੈ ਤਦ ਹੀ ਇਥੋ ਦੇ ਨਿਵਾਸੀਆ ਦਾ ਕਾਨੂੰਨ ਅਤੇ ਅਦਾਲਤਾਂ ਵਿਚ ਭਰੋਸਾ ਕਾਇਮ ਰਹਿ ਸਕੇਗਾ ਵਰਨਾ ਕਾਨੂੰਨ ਤੇ ਅਦਾਲਤ ਦੇ ਮਾਣ-ਸਨਮਾਨ ਨੂੰ ਵੱਡੀ ਠੇਸ ਪਹੁੰਚ ਸਕਦੀ ਹੈ।

# ਪੱਤਰਕਾਰ ਔਲਖ ਨੂੰ ਸਦਮਾ, ਸਾਲੀ ਦੇ ਨੌਜਵਾਨ ਪੁੱਤਰ ਦਾ ਦਿਹਾਂਤ



**ਚੌਕ ਮਹਿਤਾ, 11 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ, ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਅਚਾਨਕ ਉਨ੍ਹਾਂ ਦੀ ਛੋਟੀ ਸਾਲੀ ਦੇ 20 ਸਾਲਾ ਨੌਜਵਾਨ ਪੁੱਤਰ ਜੈਦੀਪ ਸਿੰਘ ਪੁੱਤਰ ਗੁਰਮੀਤ ਸਿੰਘ, ਵਾਸੀ ਪਿੰਡ ਅਦਲੀਵਾਲਾ ਦੀ ਬੇਵਕਤੀ ਮੌਤ ਹੋ ਗਈ। ਨੌਜਵਾਨ ਨੇ ਕੁਝ ਦਿਨਾਂ ਤੱਕ ਵਿਦੇਸ਼ ਚਲੇ ਜਾਣਾ ਸੀ ਪਰ ਕੁਦਰਤ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਨੌਜਵਾਨ ਦੇ ਦੁਖਦਾਈ ਵਿਛੋੜੇ 'ਤੇ ਲੇਖਕਾਂ, ਪੱਤਰਕਾਰਾਂ, ਸਿਆਸੀ, ਧਾਰਮਿਕ ਤੇ ਸਮਾਜ ਸੇਵੀ ਹਸਤੀਆਂ ਵੱਲੋਂ ਸ੍ਰੀ ਔਲਖ ਅਤੇ ਅਦਲੀਵਾਲ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮ੍ਰਿਤਕ ਨੌਜਵਾਨ ਜੈਦੀਪ ਸਿੰਘ ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਬੀਰ ਸਿੰਘ ਨੌਰੰਗਾਬਾਦੀ, ਪਿੰਡ ਅਦਲੀਵਾਲਾ, ਨੇੜੇ ਰਾਜਾਸਾਂਸੀ ਵਿਖੇ 16 ਮਈ, ਦਿਨ ਵੀਰਵਾਰ ਨੂੰ 11.30 ਤੋਂ 12.30 ਵਜੇ ਤੱਕ ਹੋਵੇਗੀ।

# ਅਕਾਲ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਵੱਲੋਂ ਅੰਤਰ-ਰਾਸ਼ਟਰੀ ਵੈਬੀਨਾਰ ਦਾ ਆਯੋਜਨ



ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਨੇ 'WIN WIN CONFLICT RESOLUTION' ਵਿਸ਼ੇ 'ਤੇ ਇੱਕ ਰੋਜ਼ਾ ਅੰਤਰਰਾਸ਼ਟਰੀ ਵੈਬੀਨਾਰ ਦੀ ਮੇਜ਼ਬਾਨੀ ਕੀਤੀ। ਇਸ ਸਮਾਗਮ ਦਾ ਆਯੋਜਨ ਮਨੋਵਿਗਿਆਨ ਵਿਭਾਗ ਦੀ ਕੋਆਰਡੀਨੇਟਰ ਸ੍ਰੀਮਤੀ ਪ੍ਰਿਅੰਕਾ ਨੇ ਕੀਤਾ। ਵੈਬੀਨਾਰ ਵਿਚ 200 ਤੋਂ ਵੱਧ ਭਾਗੀਦਾਰਾਂ ਨੇ ਇਜ਼ਰਾਈਲ ਤੋਂ ਮਾਣਯੋਗ ਮਹਿਮਾਨ ਸਪੀਕਰ ਡਾ. ਸੂਜ਼ਨ ਹੇਟਲਰ ਤੋਂ ਮਹੱਤਵਪੂਰਨ ਜਾਣਕਾਰੀਆਂ ਪ੍ਰਾਪਤ ਕੀਤੀਆਂ। ਇਸ ਵੈਬੀਨਾਰ ਨੇ ਪ੍ਰਭਾਵਸ਼ੀਲਤਾ ਨਾਲ ਵਿਵਾਦਾਂ ਨੂੰ ਨੈਵੀਗੇਟ ਕਰਨ ਲਈ ਨਵੀਨ ਰਣਨੀਤੀਆਂ ਦੀ ਖੋਜ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ। ਡਾਕਟਰ ਹੇਟਲਰ, ਕਲੀਨਿਕਲ ਮਨੋਵਿਗਿਆਨ ਦੇ ਖੇਤਰ ਵਿੱਚ ਇੱਕ ਵਿਲੱਖਣ ਸ਼ਖਸੀਅਤ ਹਨ। ਉਹਨਾਂ ਨੇ ਆਪਣੀ ਵਿਆਪਕ ਮਹਾਰਤ ਦੁਆਰਾ ਸਮੱਸਿਆਵਾਂ ਬਾਰੇ ਅਨਮੋਲ ਦ੍ਰਿਸ਼ਟੀਕੋਣ ਪ੍ਰਦਾਨ ਕੀਤੇ। ਉਹਨਾਂ ਨੇ ਭਾਗੀਦਾਰਾਂ ਨੂੰ ਉਸਾਰੂ ਸੰਵਾਦ ਉਤਸ਼ਾਹਿਤ ਕਰਨ ਅਤੇ ਲਾਭਦਾਇਕ ਸੰਕਲਪਾਂ ਨੂੰ ਵਿਕਸਿਤ ਕਰਨ ਲਈ ਵਿਹਾਰਕ ਸਾਧਨਾਂ ਤੋਂ ਪ੍ਰੇਰਿਤ ਹੋਣ ਦਾ ਰਾਹ ਦੱਸਿਆ। ਡੀਨ ਅਕਾਦਮਿਕ ਮਾਮਲੇ ਮੇਜਰ ਡਾ. ਜੀ. ਐਸ. ਲਾਂਬਾ ਵਿਸ਼ੇਸ਼ ਤੌਰ 'ਤੇ ਇਸ ਪ੍ਰੋਗਰਾਮ ਦਾ ਹਿੱਸਾ ਬਣੇ, ਜਿਨ੍ਹਾਂ ਦੇ ਹੌਸਲਾ-ਅਫ਼ਜ਼ਾਈ ਭਰੇ ਸ਼ਬਦਾਂ ਨੇ ਇੱਕ ਸਕਾਰਾਤਾਤਮਕ ਸੰਵਾਦ ਪੈਦਾ ਕਰਨ ਵਿਚ ਬੇਹਦ ਸਹਿਯੋਗ ਕੀਤਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਮੁਖੀ, ਮਨੋਵਿਗਿਆਨ ਵਿਭਾਗ ਦੇ ਫੈਕਲਟੀ ਮੈਂਬਰ ਅਤੇ ਉਤਸ਼ਾਹੀ ਵਿਦਿਆਰਥੀ ਵੀ ਹਾਜ਼ਰ ਰਹੇ।ਅੰਤ ਵਿਚ ਰਿਸਰਚ ਸਕਾਲਰ ਪ੍ਰੀਤ ਕਿਰਨ ਨੇ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਹਰਿਆਣਾ ਕਮੇਟੀ ਵੱਲੋਂ ਧਰਮ ਪ੍ਰਚਾਰ ਸਬ ਦਫਤਰ ਦਾ

# ਗੁਰਦੁਆਰਾ ਨਾਢਾ ਸਾਹਿਬ ਵਿਖੇ ਕੀਤਾ ਗਿਆ ਉਦਘਾਟਨ








ਪੰਚਕੂਲਾ/ਦਾਦੂ ਸਾਹਿਬ, 11 ਮਈ (ਗੁਰਜੰਟ ਸਿੰਘ ਨਥੇਹਾ)– ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਸ਼੍ਰੀ ਨਾਢਾ ਸਾਹਿਬ ਪੰਚਕੂਲਾ ਵਿਖੇ ਅੱਜ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਇੱਕ ਸਬ ਦਫਤਰ ਦਾ ਉਦਘਾਟਨ ਕੀਤਾ ਗਿਆ ਉਦਘਾਟਨ ਸਮੇਂ ਜਥੇਦਾਰ ਬਾਬਾ ਸੁੱਖਾ ਸਿੰਘ ਕਾਰ ਸੇਵਾ ਕਰਨਾਲ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਸ. ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ, ਸ. ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ, ਜਥੇਦਾਰ ਬਲਦੇਵ ਸਿੰਘ ਰੈਣਵਾਲੀ ਅੰਤ੍ਰਿੰਗ ਮੈਂਬਰ, ਸ. ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ, ਸ. ਤਜਿੰਦਰਪਾਲ ਸਿੰਘ ਨਾਰਨੌਲ ਅੰਤ੍ਰਿੰਗ ਮੈਂਬਰ, ਜਥੇਦਾਰ ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ, ਗਿ: ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ. ਸ. ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ, ਸ. ਜਸਵਿੰਦਰ ਸਿੰਘ ਦੀਨਪੁਰ ਮੁੱਖ ਸਕੱਤਰ, ਸ. ਸਤਪਾਲ ਸਿੰਘ ਮੀਤ ਸਕੱਤਰ, ਸ. ਰੁਪਿੰਦਰ ਸਿੰਘ ਮੀਤ ਸਕੱਤਰ, ਸ. ਰਣਜੀਤ ਸਿੰਘ ਰੁਕਸਾਣਾ ਮੈਨੇਜਰ ਨਾਢਾ ਸਾਹਿਬ, ਸ. ਜਗਜੀਤ ਸਿੰਘ ਰਤਨਗੜ੍ਹ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ, ਸ. ਮਲਵਿੰਦਰ ਸਿੰਘ ਬੇਦੀ ਸ਼੍ਰੋਮਣੀ ਅਕਾਲੀ ਦਲ ਹਰਿਆਣਾ ਸਟੇਟ, ਸ. ਇੰਦਰਪਾਲ ਸਿੰਘ ਕਰਨਾਲ, ਸ. ਸਿਕੰਦਰ ਸਿੰਘ ਵਰਾਣਾ, ਐਡਵੋਕੇਟ ਗੁਰਮੀਤ ਸਿੰਘ ਕਾਲਾਂਵਾਲੀ, ਡਾਕਟਰ ਹਰਨੇਕ ਸਿੰਘ ਹੈਰੀ ਕਲਗੀਧਰ ਮਾਨਵ ਸੇਵਾ, ਸ. ਦਲਜੀਤ ਸਿੰਘ, ਸ. ਲਖਵਿੰਦਰ ਸਿੰਘ ਬਸੰਤਪੁਰਾ, ਸ. ਸਰਬਜੀਤ ਸਿੰਘ ਸੋਹਲ ਚੰਡੀਗੜ੍ਹ, ਸ. ਸੁਰਿੰਦਰ ਸਿੰਘ ਕਿਸ਼ਨਪੁਰਾ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ, ਸ. ਹਰਦੀਪ ਸਿੰਘ ਭੁੱਲਰ ਗੁਰੂ ਨਾਨਕ ਸੇਵਾ ਮਿਸ਼ਨ ਪੰਚਕੂਲਾ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਕਿਸੇ ਜਰੂਰੀ ਰੁਝੇਂਵੇਂ ਕਾਰਨ ਅਤੇ ਜੂਨੀਅਰ ਮੀਤ ਪ੍ਰਧਾਨ ਬੀਬੀ ਰਵਿੰਦਰ ਕੌਰ ਅਜਰਾਣਾ ਵਿਦੇਸ਼ ਹੋਣ ਕਾਰਣ ਨਹੀਂ ਪੁੱਜ ਸਕੇ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

'ਬੇ.ਗਮਪੁਰਾ ਖ਼ਾਲਸਾ ਰਾਜ' ਦੇ ਸਿਧਾਂਤ ਨੂੰ ਲੈ ਕੇ

# ਭਾਈ ਜੀਵਨ ਸਿੰਘ ਵੱਲੋਂ ਨਾਮਜ਼ਦਗੀ ਪੱਤਰ ਦਾਖਲ

## ਸ. ਗੁਰਤੇਜ ਸਿੰਘ ਸਾਬਕਾ ਆਈਏਐਸ, ਕੇਂਦਰੀ ਸਿੰਘ ਸਭਾ ਦੇ ਪ੍ਰਧਾਨ ਪ੍ਰੋਫੈਸਰ ਸ਼ਾਮ ਸਿੰਘ, ਦਲ ਖਾਲਸਾ ਦੇ ਆਗੂ ਹਰਚਰਨਜੀਤ ਸਿੰਘ ਧਾਮੀ ਆਦਿ ਮੌਕੇ 'ਤੇ ਹਾਜ਼ਰ










ਅੱਜ, 10 ਮਈ, 2024 ਨੂੰ ਬਹੁਜਨ ਦ੍ਰਾਵਿੜ ਪਾਰਟੀ ਦੇ ਕੌਮੀ ਸਰਪ੍ਰਸਤ ਸਰਦਾਰ ਜੀਵਨ ਸਿੰਘ ਤਾਮਿਲ ਨੇ ਪੰਜਾਬ ਦੇ ਲੋਕ ਸਭਾ ਹਲਕੇ ਹੁਸ਼ਿਆਰਪੁਰ ਤੋਂ ਰਿਟਰਨਿੰਗ ਅਫ਼ਸਰ ਅੱਗੇ ਬੀਡੀਪੀ ਉਮੀਦਵਾਰ ਵਜੋਂ ਅਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਸ ਸਮੇਂ ਉਨ੍ਹਾਂ ਦੇ ਨਾਲ਼ ਬੀਡੀਪੀ ਦੇ ਕੌਮੀ ਮੀਤ ਪ੍ਰਧਾਨ ਐਡਵੋਕੇਟ ਅਸ਼ੋਕ ਸਾਕੇਤ, ਸੇਵਾਮੁਕਤ ਅਫ਼ਸਰ ਤੇ ਲੇਖਕ ਸਰਦਾਰ ਗੁਰਤੇਜ ਸਿੰਘ (ਆਈ.ਏ.ਐਸ), ਕੇਂਦਰੀ ਸਿੰਘ ਸਭਾ ਦੇ ਪ੍ਰਧਾਨ ਪ੍ਰੋ ਸ਼ਾਮ ਸਿੰਘ, ਦਲ ਖ਼ਾਲਸਾ ਦੇ ਆਗੂ ਹਰਚਰਨਜੀਤ ਸਿੰਘ ਧਾਮੀ ਅਤੇ ਬੀਡੀਪੀ ਪੰਜਾਬ ਦੇ ਆਗੂ ਸਰਦਾਰ ਤੀਰਥ ਸਿੰਘ ਸਮੇਤ ਹੋਰ ਕਾਰਕੁਨ ਹਾਜ਼ਰ ਸਨ। ਨਾਮਜ਼ਦਗੀ ਪੱਤਰ ਦਾਖ਼ਲ ਕਰਨ ਤੋਂ ਬਾਅਦ ਸਰਦਾਰ ਜੀਵਨ ਸਿੰਘ ਨੇ ਮੁਕਾਮੀ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ "ਬੇ.ਗਮਪੁਰਾ ਖ਼ਾਲਸਾ ਰਾਜ" ਸਾਡੀ ਧਰਤੀ ਲਈ ਲੋੜੀਂਦਾ ਨਿਯਮ ਅਤੇ ਸ਼ਾਸਨ ਹੈ ਜੋ ਹਰ ਮਨੁੱਖ ਦੇ ਮੌਲਿਕ ਅਧਿਕਾਰਾਂ ਨੂੰ ਯਕੀਨੀ ਬਣਾਉਂਦਾ ਹੈ। ਚਾਹੇ ਉਹ ਕਿਸੇ ਵੀ ਧਰਮ, ਜ਼ਾਤ, ਵਰਗ, ਲਿੰਗ ਜਾਂ ਕਾਬਲੀਅਤ ਦਾ ਹੋਵੇ, ਸਭਨਾਂ ਦੇ ਹੱਕਾਂ ਦੀ ਰੱਖਿਆ ਕਰਨ ਦਾ ਵਾਅਦਾ ਕਰਦਾ ਹੈ। ਬੇ.ਗਮਪੁਰਾ ਖ਼ਾਲਸਾ ਰਾਜ ਗੁਰੂਆਂ ਦੀ ਧਰਤੀ ਦੇ ਲੋਕਾਂ ਲਈ ਸਮਾਜਿਕ, ਵਿਦਿਅਕ, ਆਰਥਿਕ, ਵਾਤਾਵਰਣਕ ਅਤੇ ਅਧਿਆਤਮਿਕ ਵਿਕਾਸ ਤੇ ਸੰਭਾਲ਼ ਨੂੰ ਯਕੀਨੀ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਜਿਸ ਗਰਮਜੋਸ਼ੀ ਨਾਲ ਤੁਸੀਂ ਤਾਮਿਲ ਟਾਈਗਰਜ਼ ਦਾ ਸੁਆਗਤ ਕੀਤਾ ਉਸ ਲਈ ਮੈਂ ਪੰਜਾਬ ਦੇ ਸ਼ੇਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਉਨ੍ਹਾਂ ਤਾਕੀਦ



ਕੀਤੀ ਕਿ ਭਾਰਤ ਦੇ ਲੋਕਾਂ ਦੀ ਭਲਾਈ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਪੰਜਾਬ ਦੀ ਸਿੱਖ ਰਾਹਬਰੀ ਨੂੰ ਅਦਰਸ਼ਕ ਸਿਆਸਤ ਲੈ ਕੇ ਅੱਗੇ ਆਉਣਾ ਚਾਹੀਦਾ ਹੈ। ਅਸੀਂ ਇੱਥੇ ਆਪੋ-ਆਪਣੀਆਂ ਤਕਲੀਫ਼ਾਂ ਬਾਰੇ ਗੱਲਬਾਤ ਕਰਨ ਨਹੀਂ ਆਏ ਹਾਂ। ਸਗੋਂ ਮੈਂ ਇੱਥੇ ਇਹ ਦੱਸਣ ਆਇਆ ਹਾਂ ਕਿ ਸਾਡੀਆਂ ਮੁਸ਼ਿਕਲਾਂ ਦਾ ਹੱਲ ਕਿੱਥੇ ਹੈ। ਇਸ ਤੋਂ ਬਾਅਦ ਸਰਦਾਰ ਜੀਵਨ ਸਿੰਘ ਅਪਣੇ ਕਾਫ਼ਲੇ ਸਮੇਤ ਬਾਬੂ ਮੰਗੂਰਾਮ ਮੁੰਗੋਬਲ ਦੇ ਜਨਮ ਸਥਾਨ ਪਿੰਡ ਮੁੰਗੋਬਲ ਪਹੁੰਚੇ ਅਤੇ ਉਥੋਂ ਆਪਣੀ ਚੋਣ ਮੁਹਿੰਮ ਸ਼ੁਰੂ ਕੀਤੀ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ

# ਲਹਿਰੀ ਵਿਖੇ ਮਾਂ ਦਿਵਸ ਮਨਾਇਆ







ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)- ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਚ ਮਾਂ ਦਿਵਸ ਮਨਾਇਆ ਗਿਆ। ਇਸ ਮੌਕੇ ਕਰਵਾਏ ਸਮਾਗਮ ਵਿਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਤੇ ਚਾਵਾਂ ਨਾਲ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਕਰਦੇ ਹੋਏ ਸਕੂਲ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਂ ਬੱਚਿਆਂ ਦੀ ਕਿਸਮਤ ਦੀ ਨਿਰਮਾਤਾ ਹੁੰਦੀ ਹੈ।ਉਨ੍ਹਾਂ ਕਿਹਾ ਕਿ ਮਾਂ ਇਕ ਸ਼ਬਦ ਹੈ, ਜਿਸ ਵਿਚ ਸਾਰਾ ਸੰਸਾਰ ਵਸਿਆ ਹੈ।ਉਨ੍ਹਾਂ ਕਿਹਾ ਕਿ ਮਾਂ ਆਪਣਾ ਪੂਰਾ ਜੀਵਨ ਆਪਣੇ ਪਰਿਵਾਰ ਲਈ ਸਮਰਪਿਤ ਕਰ ਦਿੰਦੀ ਹੈ।ਉਨ੍ਹਾਂ ਕਿਹਾ ਕਿ ਬੱਚੇ ਦੀ ਜ਼ਿੰਦਗੀ ਵਿਚ ਪਹਿਲੀ ਅਧਿਆਪਕਾ ਮਾਂ ਹੀ ਹੁੰਦੀ ਹੈ। ਕੋਈ ਵੀ ਵਿਅਕਤੀ ਆਪਣੀ ਮਾਂ ਦਾ ਕਰਜ਼ ਨਹੀਂ ਲਾਹ ਸਕਦਾ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵਲੋਂ ਮਾਂ ਵਿਸ਼ੇ ’ਤੇ ਭਾਸ਼ਣ ਤੇ ਕਵਿਤਾਵਾਂ ਆਦਿ ਦੇ ਮੁਕਾਬਲੇ ਕਰਵਾਏ ਗਏ। ਨਰਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਸੁੰਦਰ ਗ੍ਰੀਟਿੰਗ ਕਾਰਡ ਅਤੇ ਚਾਰਟ ਮੇਕਿੰਗ ਮੁਕਾਬਲਾ ਕਰਾਇਆ ਗਿਆ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਕ ਬੱਚੇ ਦੇ ਜੀਵਨ ਵਿਚ ਮਾਂ ਤੋਂ ਵੱਡਾ ਕੋਈ ਨਹੀਂ। ਮਾਂ ਹਰ ਮਨੁੱਖ ਦੀ ਪਹਿਲੀ ਅਧਿਆਪਕਾ ਹੁੰਦੀ ਹੈ ਜੋ ਹਰ ਬੱਚੇ ਨੂੰ ਆਪਣੇ ਜੀਵਨ ਦਾ ਪਹਿਲਾ ਸਬਕ ਦਿੰਦੀ ਹੈ। ਉਹ ਗਿਆਨ ਦਾ ਖ਼ਜ਼ਾਨਾ ਹੈ, ਪਿਆਰ ਨਾਲ ਭਰਪੂਰ ਹੈ। ਇਸ ਲਈ ਹਮੇਸ਼ਾ ਮਾਂ ਦਾ ਸਤਿਕਾਰ ਕਰਨਾ ਜ਼ਰੂਰੀ ਹੈ।

## ਤਿੰਨੇ ਬਾਹਰੀ ਪਾਰਟੀ ਦੀਆਂ ਕਰਤੂਤਾਂ ਦਾ ਸੰਤਾਪ ਭੋਗ ਰਿਹਾ ਪੰਜਾਬ : ਰਣਜੀਤ ਸਿੰਘ ਢਿੱਲੋਂ

# ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਇਆ ਚੁਹ ਪੱਖੀ ਵਿਕਾਸ ਆਪਣੇ ਮੂੰਹੋਂ ਆਪ ਬੋਲ ਰਿਹਾ : ਕਲੇਰ ਗਰੇਵਾਲ



ਲੁਧਿਆਣਾ (ਵਰਿਆਮ ਹਠੂਰ) ਲੋਕ ਸਭਾ ਹਲਕਾ ਲੁਧਿਆਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਦੇ ਹੱਕ ਚ ਹਲਕਾ ਜਗਰਾਉਂ ਦੇ ਪਿੰਡ ਮਲਕ, ਪੋਨਾ, ਸਿੱਧਵਾਂ ਕਲਾਂ, ਸਿੱਧਵਾਂ ਖੁਰਦ, ਬਰਸਾਲ, ਰਸੂਲਪੁਰ ਜੰਡੀ, ਸੰਗਤਪੁਰਾ, ਬੁਜਗਰ, ਰਾਮਗੜ੍ਹ ਭੁੱਲਰ, ਸਵੱਦੀ ਖੁਰਦ ਆਦਿ ਪਿੰਡਾਂ ਦੇ ਵਿੱਚ ਕੀਤੇ ਜਾ ਰਹੇ ਚੋਣ ਪ੍ਰਚਾਰ ਦੌਰਾਨ ਲੋਕਾਂ ਦਾ ਪਿਆਰ ਅਤੇ ਸਮਰਥਨ ਦੇਖਣ ਨੂੰ ਮਿਲ ਰਿਹਾ ਹੈ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਉਂ, ਜਿਲਾਂ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਸ.ਦੀਦਾਰ ਸਿੰਘ ਮਲਕ, ਸਾਬਕਾ ਚੇਅਰਮੈਨ ਸ.ਕਮਲਜੀਤ ਸਿੰਘ ਮੱਲਾਂ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਜਸਵੀਰ ਸਿੰਘ ਦੇਹੜਕਾ, ਦਵਿੰਦਰ ਸਿੰਘ ਪ੍ਰਧਾਨ ਸਿੱਧਵਾਂ ਖੁਰਦ, ਸੋਹਣ ਸਿੰਘ ਸਿੱਧਵਾਂ ਕਲਾਂ, ਬੂਟਾ ਸਿੰਘ ਭੰਮੀਪੁਰਾ, ਜੱਗਾ ਸੇਖੋ ਆਦਿ ਦੀ ਅਗਵਾਈ ਵਿੱਚ ਹੋਣ ਵਾਲੇ ਵੱਡੇ ਇਕੱਠ ਰਣਜੀਤ ਸਿੰਘ ਢਿੱਲੋਂ ਦੇ ਹੌਸਲਿਆਂ ਨੂੰ ਤਾਂ ਖੰਭ ਲਗਾ ਹੀ ਰਹੇ ਹਨ ਬਲਕਿ ਫਿਰ ਤੋਂ ਬਦਲਾਵ ਦੀ ਕਹਾਣੀ ਦਾ ਇਸ਼ਾਰਾ ਵੀ ਕਰ ਰਹੇ ਹਨ। ਆਪਣੇ ਸੰਬੋਧਨ ਸਮੇਂ ਉਪਰੋਕਤ ਆਗੂਆਂ ਸਮੇਤ ਉਮੀਦਵਾਰ ਸ. ਰਣਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਭਾਜਪਾ, ਕਾਂਗਰਸ ਅਤੇ ਆਪ ਜਿਹੀਆਂ ਤਿੰਨੋਂ ਪਾਰਟੀਆਂ ਦੀਆਂ ਕਰਤੂਤਾਂ ਤੋਂ ਸੂਬੇ ਦੇ ਲੋਕ ਭਲੀ ਭਾਂਤ ਜਾਣੂ ਨੇ, ਜਿਸਦਾ ਅੱਜ ਅਸੀਂ ਸਾਰੇ ਹੀ ਸੰਤਾਪ ਭੋਗ ਰਹੇ ਹਾਂ। ਕਿਉਂਕਿ ਭਾਜਪਾ ਨੇ ਜਿੱਥੇ ਸੈਂਕੜੇ ਕਿਸਾਨਾਂ ਦੇ ਡਾਂਗਾਂ ਮਰਵਾਈਆਂ, ਉੱਥੇ ਹੀ ਭਗਵੰਤ ਮਾਨ ਦੀ ਸਰਕਾਰ ਨੇ ਕੇਂਦਰ ਸਰਕਾਰ ਦੇ ਗੁੰਡਿਆਂ ਨੂੰ ਸਾਡੇ ਪੰਜਾਬੀਆਂ ਦੇ ਉੱਪਰ ਅੱਤਿਆਚਾਰ ਕਰਨ ਲਈ ਜਮੀਨ ਵੀ ਦਿੱਤੀ। ਜਦਕਿ ਸ਼ੁਭਕਰਨ ਦੇ ਸ਼ਹੀਦ ਹੋ ਜਾਣ ਦੇ ਬਾਅਦ ਵੀ ਕਾਂਗਰਸੀ ਆਗੂਆਂ ਦੀ ਚੁੱਪੀ ਭਾਜਪਾ ਤੇ ਆਪ ਦੇ ਨਾਲ ਮਿਲੀ ਭੁਗਤ ਅਤੇ ਕਿਸਾਨ ਵਿਰੋਧੀ ਹੋਣ ਦਾ ਸਬੂਤ ਹੈ। ਜਦਕਿ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੀ ਆਪਣੀ ਪਾਰਟੀ ਹੈ ਜੋ ਕਿ ਹਮੇਸ਼ਾ ਹੀ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ। ਉਨਾਂ ਕਿਹਾ ਕਿ ਸਾਡੀ ਪਾਰਟੀ ਵੱਲੋਂ ਕਰਵਾਇਆ ਗਿਆ ਚੁਹ ਪੱਖੀ ਵਿਕਾਸ ਅੱਜ ਵੀ ਆਪਣੇ ਮੂੰਹੋਂ ਆਪ ਬੋਲ ਰਿਹਾ ਹੈ ਤੇ ਇਸ ਵਾਰ ਵੀ ਲੋਕ ਵਿਕਾਸ ਦੇ ਨਾਮ ਤੇ ਹੀ ਮੋਹਰਾਂ ਲਗਾ ਕੇ ਇਨ੍ਹਾਂ ਪੰਜਾਬ ਵਿਰੋਧੀ ਪਾਰਟੀ ਵਾਲਿਆਂ ਨੂੰ ਮੂੰਹ ਤੋੜ ਜਵਾਬ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਐਮਡੀ, ਸਤਨਾਮ ਸਿੰਘ ਬਸੂਵਾਲ, ਤਜਿੰਦਰ ਪਾਲ ਸਿੰਘ ਸਰਕਲ ਪ੍ਰਧਾਨ, ਗੁਰਪ੍ਰੀਤ ਸਿੰਘ, ਰਿੰਕੂ ਕਲੇਰ ਯੂਥ ਪ੍ਰਧਾਨ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਯੂਥ ਆਗੂ ਪ੍ਰਭਜੋਤ ਸਿੰਘ ਧਾਲੀਵਾਲ, ਸਮੇਤ ਵੱਖ ਵੱਖ ਵੋਟਰ ਅਤੇ ਸਪੋਟਰ ਹਾਜ਼ਰ ਸਨ।

# ਅੰਮ੍ਰਿਤਸਰ ਸਾਹਿਬ ਜੀ ਤੋਂ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨਾਂ ਨੂੰ ਪੈਦਲ ਯਾਤਰਾ ਆਰੰਭ

## ਜੰਡਿਆਲਾ ਗੁਰੂ ਵਿਖੇ ਪਹੁੰਚਣ ਤੇ ਬਾਬਾ ਬਿਬੇਕ ਸਿੰਘ ਵੱਲੋਂ ਭਰਵਾਂ ਸਵਾਗਤ



ਜੰਡਿਆਲਾ ਗੁਰੂ 11 ਮਈ ( ਕੁਲਵੰਤ ਸਿੰਘ ਵਿਰਦੀ ) ਗੁਰਧਾਮਾਂ ਦੇ ਦਰਸ਼ਨਾਂ ਨੂੰ ਵੱਖ ਵੱਖ ਸਾਧਨਾਂ ਤੇ ਸਵਾਰ ਹੋ ਕੇ ਸਰਧਾ ਵਾਨ ਸੰਗਤਾਂ ਪਹੁੰਚਦੀਆਂ ਹਨ ਬੀਤੇ ਦਿਨ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਤੋਂ ਸੱਚਖੰਡ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨਾਂ ਨੂੰ ਭਾਈ ਅੰਗਰੇਜ ਸਿੰਘ ਜੀ ਨੇ ਜਥੇ ਸਮੇਤ 8 ਵੀਂ ਪੈਦਲ ਯਾਤਰਾ ਆਰੰਭ ਕੀਤੀ ਜਦੋਂ ਇਹ ਜਥਾ ਜੰਡਿਆਲਾ ਗੁਰੂ ਵਿਖੇ ਪਹੁੰਚਿਆ ਤਾਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਜਥੇ ਦਾ ਭਰਵਾਂ ਸਵਾਗਤ ਕੀਤਾ ਇਸ ਮੌਕੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਇਨਸਾਨ ਨੂੰ ਥੋੜ੍ਹਾ ਜਿਹਾ ਤੁਰ ਕਿ ਜਾਣ ਵਿੱਚ ਮੁਸ਼ਿਕਲ ਮਹਿਸੂਸ ਹੁੰਦੀ ਹੈ ਲੇਕਿਨ ਗੁਰਧਾਮਾਂ ਦੇ ਦਰਸ਼ਨਾਂ ਨੂੰ ਸੈਂਕੜੇ ਕਿਲੋਮੀਟਰ ਪੈਦਲ ਸਫਰ ਕਰਕੇ ਪਹੁੰਚਣਾ ਬਹੁਤ ਹੀ ਸ਼ਰਧਾ ਤੇ ਗੁਰੂ ਨਾਲ ਪਿਆਰ ਹੋਵੇ ਤਾਂ ਹੀ ਪਹੁੰਚਿਆ ਜਾਂਦਾ ਹੈ ਹਰੇਕ ਇਨਸਾਨ ਨੂੰ ਆਪਣੇ ਧਰਮ ਮੁਤਾਬਿਕ ਆਪਣੇ ਗੁਰੂ ਪਿਤਾ ਤੇ ਪੂਰਨ ਭਰੋਸਾ ਹੁੰਦਾ ਹੈ ਅਤੇ ਇਹ ਯਾਤਰਾ ਲੱਗਭੱਗ 36 ਸਾਲਾਂ ਤੋਂ ਬਾਪੂ ਭਾਈ ਸਵਰਨ ਸਿੰਘ ਜੀ ਦੀ ਅਗਵਾਈ ਵਿੱਚ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨਾਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਤੋਂ ਆਰੰਭ ਹੁੰਦੀ ਆ ਰਹੀ ਹੈ ਅਤੇ ਬੀਤੇ ਕੁਝ ਮਹੀਨੇ ਪਹਿਲਾਂ ਬਾਪੂ ਸਵਰਨ ਸਿੰਘ ਜੀ ਸਚਖੰਡ ਪਿਆਨਾ ਕਰ ਗਏ ਹਨ ਅਤੇ ਅੱਜ ਇਹ ਯਾਤਰਾ ਚ ਭਾਈ ਅੰਗਰੇਜ ਸਿੰਘ ਜੀ ਦੀ ਅਗਵਾਈ ਵਿੱਚ ਆਰੰਭ ਹੋਈ ਹੈ ਅਤੇ ਜਥੇ ਸਮੇਤ ਜੰਡਿਆਲਾ ਗੁਰੂ ਵਿਖੇ ਪਹੁੰਚੇ ਹਨ ਅਤੇ ਅਸੀਂ ਆਪਣੇ ਵੱਡੇ ਭਾਗ ਸਮਝਦੇ ਹਾਂ ਕਿ ਜੋ ਸਾਨੂੰ ਇਨ੍ਹਾਂ ਸ਼ਰਧਾਲੂਆਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ ਅਤੇ ਇਹ ਜਥਾ ਸ੍ਰੀ ਹੇਮਕੁੰਟ ਸਾਹਿਬ ਵਿਖੇ 28 ਮਈ ਨੂੰ ਪਹੁੰਚੇਗਾ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਦੱਸਿਆ ਕਿ ਮਨਿੰਦਰਪਾਲ ਸਿੰਘ ਹਨੀ, ਵਰਿੰਦਰਪਾਲ ਸਿੰਘ ਪਟਵਾਰੀ,ਮਾਤਾ ਸਰਬਜੀਤ ਕੌਰ ਵੱਲੋਂ ਜਥੇ ਦਾ ਭਰਵਾਂ ਸਵਾਗਤ ਕੀਤਾ ਗਿਆ।

# ਖਾਲਸਾ ਕਾਲਜ ਅਤੇ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ ਮਨਾਇਆ ਮਾਂ ਦਿਵਸ



ਚੌਕ ਮਹਿਤਾ 11 ਮਈ ਲ( ਬਾਬਾ ਸੁਖਵੰਤ ਸਿੰਘ ਚੰਨਣਕੇ)ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ ਮਾਂ ਦਿਵਸ ਮਨਾਇਆ।ਇਸ ਮੌਕੇ ਤੇ ਅਦਾਰੇ ਦੇ ਹੋਣਹਾਰ ਵਿਦਿਆਰਥੀਆਂ ਨੇ ਮਾਂ ਦਿਵਸ ਨੂੰ ਸਮਰਪਿਤ ਗੀਤ, ਕਵਿਤਾਵਾਂ, ਭਾਸ਼ਣ, ਕਵੀਸ਼ਰੀ ਅਤੇ ਕਾਰਡ, ਪੋਸਟਰ ਬਣਾ ਕੇ ਆਪਣੀ ਮਾਂ ਪ੍ਰਤੀ ਪਿਆਰ ਤੇ ਸਨਮਾਨ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ’ਤੇ ਕਾਲਜੀਏਟ ਦੇ ਪ੍ਰਿੰਸੀਪਲ ਸ: ਗੁਰਦੀਪ ਸਿੰਘ ਜਲਾਲ ਉਸਮਾ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮਾਂ ਦਿਵਸ ਦੀਆਂ ਬਹੁਤ ਬਹੁਤ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਨਾਲ ਹੀ ਬੱਚਿਆਂ ਨੂੰ ਉਹਨਾਂ ਨੇ ਮਾਂ ਦੀ ਮਹੱਤਤਾ ਬਾਰੇ ਦੱਸਿਆ ਕਿ ਮਾਂ ਤੋਂ ਬਿਨਾਂ ਸਾਡੀ ਜ਼ਿੰਦਗੀ ਅਧੂਰੀ ਹੈ। ਮਾਂ ਹੀ ਸਾਡਾ ਪਹਿਲਾ ਗੁਰੂ ਹੁੰਦੀ ਹੈ, ਤੇ ਫਿਰ ਉਸ ਤੋਂ ਬਾਅਦ ਅਧਿਆਪਕ ਜਾਂ ਹੋਰ ਕਿਸੇ ਵਰਗ ਦਾ ਨਾਮ ਆਉਂਦਾ ਹੈ । ਜਿੰਦਗੀ ਦੇ ਸਾਰੇ ਸਬਕ ਸਾਨੂੰ ਮਾਂ ਹੀ ਸਿਖਾਉਂਦੀ ਹੈ, ਜਿੰਨਾਂ ਨੂੰ ਸਿੱਖ ਕੇ ਅਸੀਂ ਜ਼ਿੰਦਗੀ ਦੇ ਪੰਥ ਉੱਤੇ ਚਲਦੇ ਹਾਂ । ਅੰਤ ਵਿੱਚ ਉਹਨਾਂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਮਾਂ ਦਾ ਸਤਿਕਾਰ ਕਰਨ, ਉਹਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਤੇ ਖੂਬ ਤਰੱਕੀ ਕਰਕੇ ਆਪਣੇ ਮਾਂ- ਬਾਪ ਦੇ ਸਿਰ ਦਾ ਤਾਜ ਬਣਨ ਲਈ ਪ੍ਰੇਰਿਤ ਕੀਤਾ ਅਤੇ ਭਾਗ ਲੈਣ ਵਾਲੇ ਵਾਲੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਸੁਨਹਿਰੇ ਮੌਕੇ ਤੇ ਗਿਆਨੀ ਭਾਈ ਸਾਹਿਬ ਸਿੰਘ, ਕਾਲਜ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਮਨਜੀਤ ਕੌਰ, ਗੁਰਵਿੰਦਰ ਕੌਰ, ਰੁਪਿੰਦਰ ਕੌਰ, ਸੁਪ੍ਰੀਤ ਕੌਰ, ਨਵਨੀਤ ਕੌਰ, ਕਿਰਨਬੀਰ ਕੌਰ, ਗੁਰਸ਼ਰਨਪ੍ਰੀਤ ਕੌਰ, ਕੁਲਜੀਤ ਕੌਰ, ਰੇਨੂਕਾ, ਸੁਖਦੇਵ ਸਿੰਘ, ਰਾਜਬੀਰ ਕੌਰ, ਮੈਡਮ ਨੰਦਾ, ਪੂਰਤੀ ਸ਼ਰਮਾ ਅਤੇ ਕਾਬਲ ਸਿੰਘ ਆਦਿ ਨੇ ਮਾਂ ਦਿਵਸ ਦੀਆਂ ਸਭ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜਗਰਾਉਂ ਦੇ ਅਮਰਾਜ ਪੈਲਿਸ ਵਿੱਚ ਹੋਇਆ ਭਗਵਾਨ ਵਾਲਮੀਕਿ ਚੇਤਨਾ ਸਮਾਗਮ

# ਲੁਧਿਆਣਾ ਤੋਂ ਬੀ. ਜੇ. ਪੀ. ਦੇ ਉਮੀਦਵਾਰ ਰਵਨੀਤ ਸਿੰਘ ਬਿੱਟੂ, ਕੇਂਦਰੀ ਮੰਤਰੀ ਕੈਲਾਸ਼ ਚੌਧਰੀ, ਪ੍ਰਧਾਨ ਗੇਜਾ ਰਾਮ ਨੇ ਕੀਤੀ ਸ਼ਮੂਲੀਅਤ











**ਜਗਰਾਉਂ -(ਵਰਿਆਮ ਹਠੂਰ)**-ਤਹਿਸੀਲ ਜਗਰਾਉਂ ਦੇ ਮੋਗਾ ਰੋਡ ਤੇ ਪੈਂਦੇ ਅਮਰਾਜ ਪੈਲਿਸ ਵਿੱਚ ਬਾਲਮੀਕ ਸਭਾ ਦੇ ਕੌਮੀ ਪ੍ਰਧਾਨ ਸ਼੍ਰੀ ਗੇਜਾ ਰਾਮ ਜੀ ਦੀ ਦੇਖ ਰੇਖ ਹੇਠ ਭਗਵਾਨ ਵਾਲਮੀਕਿ ਚੇਤਨਾ ਦਿਵਸ ਮਨਾਇਆ ਗਿਆ, ਇਸ ਮੌਕੇ ਵੱਡੀ ਗਿਣਤੀ ਵਿੱਚ ਬਾਲਮੀਕੀ ਭਾਈਚਾਰੇ ਸਮੇਤ ਬੀ.ਜੇ.ਪੀ ਦੀ ਲੀਡਰਸ਼ਿਪ ਨੇ ਚੇਤਨਾ ਸਮਾਗਮ ਵਿੱਚ

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਮੂਲੀਅਤ ਕੀਤੀ, ਵਿਸ਼ੇਸ਼ ਤੌਰ ਤੇ ਬੀ.ਜੇ.ਪੀ. ਦੇ ਲੁਧਿਆਣਾ ਤੋਂ ਉਮੀਦਵਾਰ ਰਵਨੀਤ ਸਿੰਘ ਬਿੱਟੂ ਅਤੇ ਕੇਂਦਰੀ ਮੰਤਰੀ ਕੈਲਾਸ਼ ਚੌਧਰੀ ਨੇ ਹਾਜ਼ਰੀ ਭਰੀ, ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਪਹੁੰਚੀ ਸਮੁੱਚੀ ਲੀਡਰਸ਼ਿਪ ਅਤੇ ਬਾਲਮੀਕੀ ਭਾਈਚਾਰੇ ਦਾ ਚੇਤਨਾ ਸਮਾਗਮ ਵਿੱਚ ਸ਼ਾਮਲ ਹੋਣ ਤੇ ਜੀ ਆਇਆਂ ਆਖਿਆ, ਸਟੇਜ ਦੀ ਸ਼ੁਰੂਆਤ ਭਜਨ ਮੰਡਲੀ ਵੱਲੋਂ ਭਗਵਾਨ ਬਾਲਮੀਕ ਜੀ ਅਤੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਭਜਨ ਗਾ ਕੇ ਕੀਤੀ, ਬੀ ਜੇ ਪੀ ਦੇ ਉਮੀਦਵਾਰ ਰਵਨੀਤ ਸਿੰਘ ਬਿੱਟੂ ਨੇ ਭਾਰੀ ਸੁਰੱਖਿਆ ਗਾਰਡਾਂ ਨਾਲ ਇੰਟਰੀ ਕੀਤੀ ਤੇ ਸਟੇਜ ਤੇ ਭਗਵਾਨ ਬਾਲਮੀਕ ਜੀ ਦੇ ਸਰੂਪ ਨੂੰ ਅਤੇ ਚੱਲ ਰਹੀ ਜੋਤ ਨੂੰ ਨਮਸਕਾਰ ਕੀਤਾ ਤੇ ਗੁਲਾਬ ਦੇ ਫੁੱਲ ਵੀ ਅਰਪਣ ਕੀਤੇ, ਇਸ ਮੌਕੇ ਲੁਧਿਆਣਾ ਤੋਂ ਬੀ ਜੇ ਪੀ ਦੇ ਉਮੀਦਵਾਰ ਰਵਨੀਤ ਸਿੰਘ ਬਿੱਟੂ, ਬਾਲਮੀਕ ਸਭਾ ਦੇ ਕੌਮੀ ਪ੍ਰਧਾਨ ਸ਼੍ਰੀ ਗੇਜਾ ਰਾਮ ਜੀ, ਅਤੇ ਖੇਤੀਬਾੜੀ ਕੇਂਦਰੀ ਮੰਤਰੀ ਕੈਲਾਸ਼ ਚੌਧਰੀ ਨੇ ਆਪਣੇ ਵਿਚਾਰਾਂ ਦੀ ਸਾਂਝ ਪਾਈ ਤੇ ਜ਼ਿਲ੍ਹਾ ਲੁਧਿਆਣਾ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਅਤੇ ਬਾਲਮੀਕ ਭਾਈਚਾਰੇ ਨੂੰ ਉੱਚਾ ਚੁੱਕਣ ਲਈ ਬੀ ਜੇ ਪੀ ਨੂੰ ਵੋਟ ਅਤੇ ਸਪੋਟ ਕਰਨ ਲਈ ਅਪੀਲ ਕੀਤੀ, ਸਪੋਟਰਾਂ ਨੇ ਜ਼ੋਸ਼ੀਲੇ ਅੰਦਾਜ਼ ਵਿੱਚ ਬਾਲਮੀਕ ਸਮਾਜ ਜਿੰਦਾਬਾਦ, ਰਵਨੀਤ ਬਿੱਟੂ ਜਿੰਦਾਬਾਦ, ਭਾਰਤੀ ਜਨਤਾ ਪਾਰਟੀ ਜ਼ਿੰਦਾਬਾਦ ਦੇ ਨਾਅਰੇ ਵੀ ਲਗਾਏ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਬੀ. ਜੇ. ਪੀ. ਦੇ ਉਮੀਦਵਾਰ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਵੋਟਰਾਂ ਅਤੇ ਸਪੋਟਰਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਜਿਹੜੇ ਚਾਰ ਝੰਡੀਆਂ ਲੈ ਕੇ ਪਿੰਡਾਂ ਵਿੱਚ ਜਾਣ ਤੋਂ ਵਿਰੋਧ ਕਰ ਰਹੇ ਹਨ ਕੁਝ ਕਾਂਗਰਸੀ ਅਤੇ ਆਮ ਆਦਮੀ ਪਾਰਟੀ ਵਾਲਿਆਂ ਵੱਲੋਂ ਭੇਜੇ ਗਏ ਹਨ। ਉਨ੍ਹਾਂ ਵਿੱਚੋਂ ਕੋਈ ਵੀ ਕਿਸਾਨ ਨਹੀਂ, ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀਆਂ ਸਕੀਮਾਂ ਨੂੰ ਇਹ ਲੋਕ ਪਿੰਡਾਂ ਵਿੱਚ ਜਾਣ ਨਹੀਂ ਦੇ ਰਹੇ, ਜੇਕਰ ਬੀ. ਜੇ. ਪੀ. ਪਿੰਡਾਂ ਵਿੱਚ ਜਾਵੇਗੀ ਤਾਂ ਹੀ ਲੋੜਵੰਦ ਐੱਸ.ਸੀ ਭਾਈਚਾਰੇ ਨੂੰ ਸਕੀਮਾਂ ਦਾ ਲਾਹਾ ਮਿਲ ਸਕੇਗਾ, ਉਨ੍ਹਾਂ ਕਿਹਾ ਕਿ ਤੁਹਾਡੇ ਕੋਲ ਵੋਟ ਦੀ ਤਾਕਤ ਹੈ। ਤੇ ਤੁਸੀਂ ਭਾਜਪਾ ਨੂੰ ਵੋਟ ਦਿਉ ਤਹਾਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਅਨੇਕਾਂ ਸਕੀਮਾਂ ਦਾ ਲਾਹਾ ਪ੍ਰਾਪਤ ਹੋਵੇਗਾ, ਰਵਨੀਤ ਸਿੰਘ ਬਿੱਟੂ ਨੇ ਅੱਗੇ ਕਿਹਾ ਕਿ ਪਹਿਲਾਂ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਾਂਗਰਸ ਦੀ ਸਰਕਾਰ ਮੌਕੇ ਰੋਕਿਆ ਗਿਆ ਤੇ ਪੰਜਾਬ ਦੇ ਲੋਕ ਵੱਡਾ ਲਾਹਾ ਲੈਣ ਤੋਂ ਪਛੜ ਗਏ। ਇਸ ਮੌਕੇ ਜਿੱਥੇ ਵੱਖ ਵੱਖ ਆਗੂਆਂ ਵੱਲੋਂ ਰਵਨੀਤ ਸਿੰਘ ਬਿੱਟੂ ਅਤੇ ਸ਼੍ਰੀ ਗੇਜਾ ਰਾਮ ਨੂੰ ਲੋਈਆਂ ਅਤੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਗਿਆ ਉੱਥੇ ਬੀ.ਜੇ ਪੀ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਉਮੀਦਵਾਰ ਰਵਨੀਤ ਸਿੰਘ ਬਿੱਟੂ ਨੂੰ ਗੁਲਦਸਤਾ ਭੇਟ ਕੀਤਾ ਤੇ ਮੋਢੇ ਨਾਲ ਮੋਢਾ ਲਾਉਣ ਦਾ ਭਰੋਸਾ ਦਵਾਇਆ, ਮੰਡਲ ਹਠੂਰ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ ਨੇ ਕੇਂਦਰੀ ਮੰਤਰੀ ਕੈਲਾਸ਼ ਚੌਧਰੀ ਨਾਲ ਖ਼ਾਸ ਵਿਚਾਰ ਵਟਾਂਦਰਾ ਕੀਤਾ, ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ, ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਗੁਰਜੀਤ ਕੌਰ ਗਾਲਿਬ, ਮੰਡਲ ਪ੍ਰਧਾਨ ਗੁਰਭੇਜ ਸਿੰਘ ਗਿੱਦੜਵਿੰਡੀ, ਜ਼ਿਲ੍ਹਾ ਜਨਰਲ ਸਕੱਤਰ ਰਜਿੰਦਰ ਸ਼ਰਮਾ, ਬ੍ਰਿਜ ਲਾਲ ਸ਼ਰਮਾ ਜ਼ਿਲ੍ਹਾ ਜਨਰਲ ਸਕੱਤਰ, ਜ਼ਿਲ੍ਹਾ ਸੈਕਟਰੀ ਕੇਵਲ ਸਿੰਘ ਹਠੂਰ, ਮੰਡਲ ਹਠੂਰ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਮੰਡਲ ਕਾਉਂਕੇ ਕਲਾਂ ਦੇ ਪ੍ਰਧਾਨ ਗੁਰਚਰਨ ਸਿੰਘ ਰਾਜਾ ਮੱਲ੍ਹਾ, ਹਰਪਾਲ ਸਿੰਘ ਪਾਲਾ (ਜਨਰਲ ਸਕੱਤਰ ਮੰਡਲ ਹਠੂਰ) ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਪ੍ਰਧਾਨ ਰੇਸ਼ਮ ਸਿੰਘ ਮੀਨੀਆਂ, ਸਮੇਤ ਵੱਡੀ ਗਿਣਤੀ ਵਿੱਚ ਬਾਲਮੀਕ ਸਮਾਜ ਦੇ ਆਗੂ, ਵੋਟਰ ਅਤੇ ਸਪੋਟਰ ਹਾਜ਼ਰ ਸਨ।

### ਅੱਜ ਮਾਂ ਦਿਵਸ 'ਤੇ ਵਿਸ਼ੇਸ਼

# ਮਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ



ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਮਾਂ ਸੰਸਕ੍ਰਿਤ ਭਾਸ਼ਾ ਦਾ ਸ਼ਬਦ ਹੈ ਜਿਸ ਦੀ ਸੰਗਿਆ ਮਮਤਾ ਹੈ। ਮਾਂ ਦੇ ਦੁਆਰਾ ਹੀ ਸੰਤਾਨ ਦੀ ਉਤਪਤੀ ਹੁੰਦੀ ਹੈ। ਮਾਂ ਆਪ ਗਿੱਲੀ ਥਾਂ ਤੇ ਪੈ ਸਕਦੀ ਹੈ ਪਰ ਬੱਚਿਆਂ ਨੂੰ ਸੁੱਕੀ ਥਾਂ ਤੇ ਹੀ ਰੱਖਦੀ ਹੈ। ਮਾਂ ਆਪ ਭੁੱਖ ਬਰਦਾਸ਼ਤ ਕਰ ਸਕਦੀ ਹੈ ਪਰ ਬੱਚਿਆਂ ਨੂੰ ਭੁੱਖੇ ਦੇਖ ਨਹੀਂ ਸਕਦੀ। ਮਾਂ ਆਪ ਖਾਣ-ਪੀਣ ਤੋਂ ਪਹਿਲਾਂ ਬੱਚਿਆਂ ਨੂੰ ਖੁਆਉਂਦੀ ਹੈ । ਇੱਕ ਵਾਰ ਕੋਈ ਰਾਜਾ ਜ਼ਿੱਦ ਕਰ ਰਿਹਾ ਸੀ ਕਿ ਮਾਂ ਮੈਂ ਤੇਰਾ ਕਰਜ਼ ਉਤਾਰਾਂਗਾ, ਜੋ ਤੁਸੀਂ ਕਹੋਗੇ, ਮੈਂ ਉਹੀ ਕਰਾਂਗਾ। ਮਾਂ ਨੇ ਕਿਹਾ, "ਬੇਟਾ ! ਤੂੰ ਨਹੀਂ ਉਤਾਰ ਸਕਦਾ। ਮਾਂ ਦੇ ਕਈ ਵਾਰ ਸਮਝਾਉਣ ਤੇ ਵੀ ਉਹ ਨਾ ਮੰਨਿਆ ਤੇ ਆਪਣੀ ਜ਼ਿੱਦ ਤੇ ਪੱਕਾ ਰਿਹਾ। ਅੰਤ ਵਿੱਚ ਮਾਂ ਨੇ ਕਿਹਾ, "ਬੇਟਾ ! ਤੂੰ ਆਪਣੇ ਪੇਟ ਤੇ ਕੁਝ ਭਾਰ ਬੰਨ੍ਹ ਕੇ ਨੌਂ ਘੰਟੇ ਖੜ੍ਹਾ ਹੀ ਰਹਿ।" ਬੇਟੇ ਨੇ ਕਿਹਾ, "ਮਾਂ ਤੂੰ ਮੈਨੂੰ ਨੌਂ ਘੰਟੇ ਖੜ੍ਹਾ ਰਹਿਣ ਲਈ ਕਿਹਾ ਹੈ, ਮੈਂ ਤਾਂ ਨੌਂ ਦਿਨ ਖੜ੍ਹਾ ਰਹਿ ਸਕਦਾ।" ਪਰ ਦੋ-ਤਿੰਨ ਘੰਟਿਆਂ ਬਾਅਦ ਹੀ ਉਹ ਥੱਕ ਗਿਆ। ਮਾਂ ਨੇ ਕਿਹਾ, "ਬਸ ਦੋ-ਤਿੰਨ ਘੰਟਿਆਂ ਵਿੱਚ ਹੀ ਥੱਕ ਗਿਆ ਏਂ। ਮੈਂ ਤੈਨੂੰ ਨੌਂ ਮਹੀਨੇ ਪੇਟ 'ਚ ਰੱਖਿਆ, ਦੱਸ ਤੂੰ ਮੇਰਾ ਕਰਜ਼ ਕਿਵੇਂ ਉਤਾਰ ਸਕਦਾ ਏਂ।" ਰਾਜਾ ਫਿਰ ਵੀ ਨਾ ਮੰਨਿਆ ਤੇ ਉਸ ਨੇ ਮਾਂ ਨੂੰ ਕਿਹਾ, "ਮਾਂ ! ਮੈਨੂੰ ਇੱਕ ਮੌਕਾ ਹੋਰ ਦੇ।" ਮਾਂ ਦੇ ਫਿਰ ਸਮਝਾਉਣ ਤੇ ਉਹ ਨਾ ਮੰਨਿਆ, ਅੰਤ ਮਾਂ ਨੇ ਕਿਹਾ, ਬੇਟਾ ! ਮੈਂ ਸਮਾਂ ਆਉਣ 'ਤੇ ਤੈਨੂੰ ਦੱਸਾਂਗੀ।" ਜਦੋਂ ਪੋਹ-ਮਾਘ (ਦਸੰਬਰ-ਜਨਵਰੀ) ਦਾ ਮਹੀਨਾ ਆਇਆ ਤਾਂ ਮਾਂ ਨੇ ਕਿਹਾ, "ਬੇਟਾ ! ਜੇ ਮੇਰਾ ਕਰਜ਼ ਉਤਾਰਨਾ ਹੈ ਤਾਂ ਤੂੰ ਅੱਜ ਮੇਰਾ ਮੰਜਾ ਡਾਹ (ਵਿਛਾ) ਕੇ ਪੈਣਾ।" ਜਦ ਬੇਟਾ ਗੂੜ੍ਹੀ ਨੀਂਦ ਸੌਂ ਗਿਆ ਤਾਂ ਮਾਂ ਨੇ ਠੰਡੇ ਪਾਣੀ ਦਾ ਗਲਾਸ ਉਸ ਦੇ ਬਿਸਤਰੇ 'ਤੇ ਡੋਲ੍ਹ ਦਿੱਤਾ। ਬੇਟਾ ਅੱਬੜਵਾਹੇ ਇਕਦਮ ਉੱਠ ਕੇ ਖੜ੍ਹਾ ਹੋ ਗਿਆ, ਮਾਂ ਕਹਿਣ ਲੱਗੀ, "ਬੇਟਾ ! ਸੌਂ ਜਾਹ ਉੱਠ ਕਿਉਂ ਗਿਆ ?" ਮਾਂ, ਮੈਂ ਗਿੱਲੇ ਬਿਸਤਰੇ 'ਤੇ ਕਿਵੇਂ ਸੌਂ ਸਕਦਾ ਹਾਂ ? ਮੈਨੂੰ ਤਾਂ ਨੀਂਦ ਨਹੀਂ ਆਉਂਦੀ। ਮਾਂ ਨੇ ਕਿਹਾ, "ਬੇਟਾ ! ਤੂੰ ਉਹ ਦਿਨ ਭੁੱਲ ਗਿਆ ਜਦੋਂ ਤੂੰ ਬਿਸਤਰਾ ਗਿੱਲਾ ਕਰਦਾ ਸੀ ਤੇ ਮੈਂ ਤੈਨੂੰ ਸੁੱਕੀ ਥਾਂ ਤੇ ਪਾਉਂਦੀ ਸੀ ਅਤੇ ਆਪ ਗਿੱਲੀ ਥਾਂ 'ਤੇ ਪੈਂਦੀ ਸੀ।" ਰਾਜਾ ਮਾਂ ਦੇ ਚਰਨਾਂ 'ਤੇ ਡਿੱਗ ਪਿਆ ਅਤੇ ਕਹਿਣ ਲੱਗਿਆ ਸੱਚਮੁੱਚ ਕੋਈ ਵੀ ਵਿਅਕਤੀ ਮਾਂ ਦਾ ਕਰਜ਼ਾ ਸਾਰੀ ਉਮਰ ਨਹੀਂ ਉਤਾਰ ਸਕਦਾ। ਹਰ ਮਾਂ ਦੀ ਇਹ ਇੱਛਾ ਹੁੰਦੀ ਹੈ ਕਿ ਉਸ ਦੇ ਬੱਚੇ ਪੜ੍ਹ ਲਿਖ ਕੇ ਵੱਡੇ ਅਫਸਰ ਭਾਵ ਉੱਚੇ ਅਹੁਦੇ ਤੇ ਪਹੁੰਚਣ। ਮਾਂ ਕਿੰਨੀਆਂ ਮੁਸ਼ਕਲਾਂ ਵਿੱਚ ਆਪਣੇ ਬੱਚਿਆਂ ਨੂੰ ਪਾਲਦੀ-ਪੋਸਦੀ ਹੈ, ਇਹ ਸਿਰਫ਼ ਮਾਂ ਹੀ ਜਾਣਦੀ ਹੈ। ਮਾਂ ਦਾ ਕਰਜ਼ ਬੱਚੇ ਸਾਰੀ ਉਮਰ ਨਹੀਂ ਉਤਾਰ ਸਕਦੇ। ਇਹ ਵੀ ਕਿਹਾ ਜਾਂਦਾ ਹੈ ਕਿ ਮਾਂ ਦਾ ਕਰਜ਼ ਸੱਤ ਜਨਮਾਂ ਤੱਕ ਉਤਾਰਿਆ ਨਹੀਂ ਜਾ ਸਕਦਾ। ਫਿਰ ਵੀ ਪਤਾ ਨਹੀਂ ਕਿਉਂ ਮਾਂ ਜਿਸ ਨੇ ਬੱਚਿਆਂ ਦਾ ਹਰ ਦਰਦ ਆਪਣੇ ਸਰੀਰ ਤੇ ਝੱਲਿਆ, ਨੂੰ ਅੱਜ ਦੋ ਰੋਟੀਆਂ ਬਦਲੇ ਬਿਰਧ ਆਸ਼ਰਮ ਵਿੱਚ ਛੱਡ ਦਿੱਤਾ ਜਾਂਦਾ ਹੈ। ਮਾਂ ਜਿਸ ਨੇ ਪੋਤੇ-ਪੋਤੀਆਂ ਨਾਲ ਘਰ 'ਚ ਹੱਸ-ਖੇਡ ਕੇ, ਬੱਚਿਆਂ ਨਾਲ ਲਾਡ-ਪਿਆਰ ਕਰਕੇ ਖ਼ੁਸ਼ੀ-ਖ਼ੁਸ਼ੀ ਜੀਵਨ ਬਤੀਤ ਕਰਨਾ ਹੁੰਦਾ ਹੈ, ਉਹ ਬਿਰਧ ਆਸ਼ਰਮ 'ਚ ਇਕੱਲੀ ਰਹਿੰਦੀ ਹੈ ਤੇ ਆਪਣਾ ਦੁੱਖ ਵੀ ਕਿਸੇ ਨਾਲ ਸਾਂਝਾ ਨਹੀਂ ਕਰ ਸਕਦੀ। ਬੇਸ਼ੱਕ ਬਿਰਧ ਆਸ਼ਰਮ ਵਿੱਚ ਉਸ ਨੂੰ ਪੇਟ ਭਰਨ ਲਈ ਰੋਟੀ, ਪਹਿਨਣ ਲਈ ਕੱਪੜਾ, ਰਹਿਣ ਲਈ ਕਮਰਾ ਤੇ ਹੋਰ ਸੁੱਖ ਸਹੂਲਤਾਂ ਮਿਲ ਜਾਂਦੀਆਂ ਹਨ, ਪਰ ਜੋ ਸੁੱਖ ਮਾਂ ਨੂੰ ਬੱਚਿਆਂ ਵੱਲੋਂ ਬੋਲੇ ਬੋਲ 'ਦਾਦੀ', 'ਵੱਡੇ ਮੰਮੀ' ਸੁਣ ਕੇ ਮਿਲਦਾ ਹੈ, ਉਹ ਬਿਰਧ ਆਸ਼ਰਮਾਂ 'ਚ ਨਹੀਂ ਮਿਲਦਾ। ਪਹਿਲਾਂ ਦਾਦੀ ਮਾਂ ਆਪਣੇ ਪੋਤੇ-ਪੋਤੀਆਂ ਨੂੰ ਲਾਡ-ਪਿਆਰ ਕਰਦੀ, ਕਹਾਣੀਆਂ ਸੁਣਾਉਂਦੀ ਹੁੰਦੀ ਸੀ, ਪਰ ਅੱਜ ਬਜ਼ੁਰਗ ਮਾਂ ਨੂੰ ਬਹੁਤੇ ਘਰਾਂ 'ਚ ਦੁਰਕਾਰ ਦਿੱਤਾ ਜਾਂਦਾ ਹੈ। ਮਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ ਹੈ। ਜੇਕਰ ਬੱਚਿਆਂ ਨੇ ਬਜ਼ੁਰਗ ਮਾਂ-ਬਾਪ ਦੀ ਸੇਵਾ ਕਰ ਲਈ ਤਾਂ ਉਹਨਾਂ ਨੂੰ ਕਿਸੇ ਵੀ ਧਰਮ ਅਸਥਾਨ 'ਤੇ ਯੱਗ ਜਾਂ ਪੁੰਨ ਕਰਨ ਦੀ ਲੋੜ ਨਹੀਂ। ਜੇਕਰ ਮਾਂ-ਬਾਪ ਦੀ ਸੇਵਾ ਨਹੀਂ ਕੀਤੀ ਤਾਂ ਤੁਸੀਂ ਜਿੰਨੇ ਮਰਜ਼ੀ ਦਾਨ-ਪੁੰਨ ਕਰ ਲਉ, ਭੰਡਾਰੇ ਲਾ ਲਉ, ਉਹ ਸਭ ਵਿਅਰਥ ਹਨ। ਉਹ ਸੇਵਾ ਪ੍ਰਵਾਨ ਨਹੀਂ ਹੁੰਦੀ। ਮਾਂ ਬਾਪ ਦੀ ਸੇਵਾ ਤੋਂ ਉੱਪਰ ਕੋਈ ਧਰਮ ਨਹੀਂ ਤੇ ਨਾ ਹੀ ਕੋਈ ਸੇਵਾ । ਹਾਂ, ਅੱਜ-ਕੱਲ੍ਹ ਦੇ ਬੱਚੇ ਪੁਰਾਣੇ ਜ਼ਮਾਨੇ ਦੇ ਖ਼ਿਆਲਾਂ ਵਾਲੇ ਨਹੀਂ। ਇਸ ਲਈ ਬਜ਼ੁਰਗ ਮਾਂ-ਬਾਪ ਨੂੰ ਵੀ ਬੱਚਿਆਂ (ਨੂੰਹਾਂ-ਪੁੱਤਰਾਂ) ਨਾਲ ਪ੍ਰੇਮ-ਪਿਆਰ ਨਾਲ ਬੋਲਣਾ ਚਾਹੀਦਾ ਹੈ। ਕਿਉਂਕਿ ਨਿੱਕੀ-ਨਿੱਕੀ ਗੱਲ ਤੋਂ ਹੀ ਘਰ ਵਿੱਚ ਦਰਾੜ ਪੈ ਜਾਂਦੀ ਹੈ। ਜੇਕਰ ਮਾਂ-ਬਾਪ ਆਪਣੇ ਬੱਚਿਆਂ ਨਾਲ ਪ੍ਰੇਮ-ਪਿਆਰ ਨਾਲ ਵਰਤਾਓ ਕਰਨ ਤਾਂ ਕਦੇ ਕਿਸੇ ਮਾਂ-ਬਾਪ ਨੂੰ ਆਪਣਾ ਘਰ ਤਿਆਗ ਕੇ ਬਿਰਧ ਆਸ਼ਰਮ ਦਾ ਸਹਾਰਾ ਨਹੀਂ ਲੈਣਾ ਪਵੇਗਾ। ਮਾਂ ਦਾ ਜਿੰਨਾਂ ਵੀ ਸਤਿਕਾਰ ਤੇ ਸੇਵਾ ਕਰੀਏ ਉਹ ਥੋੜ੍ਹਾ ਹੈ। ਉਸ ਦਾ ਦੇਣਾ (ਕਰਜ਼) ਸਾਰੀ ਉਮਰ ਨਹੀਂ ਉਤਾਰ ਸਕਦੇ। ਅੱਜ 12 ਮਈ ਨੂੰ ਮਾਂ ਦਿਵਸ ਤੇ ਇਹ ਪ੍ਰਣ ਕਰੀਏ ਕਿ ਅਸੀਂ ਮਾਂ ਦੀ ਸੇਵਾ ਤੇ ਸਤਿਕਾਰ ਕਰਾਂਗੇ। ਮਾਂ ਆਪਣੇ ਬੱਚਿਆਂ ਪੋਤੇ-ਪੋਤੀਆਂ, ਦੋਹਤੇ-ਦੋਹਤੀਆਂ ਨਾਲ ਘਰ ਵਿੱਚ ਸੁੱਖਾਂ ਭਰਿਆ ਜੀਵਨ ਬਤੀਤ ਕਰੇ। ਇਹੀ ਅਸੀਂ ਸਾਰੇ ਚਾਹੁੰਦੇ ਹਾਂ।

**-ਕਰਨੈਲ ਸਿੰਘ ਐੱਮ.ਏ.**
**#1138/63-ਏ, ਗੁਰੂ ਤੇ.ਗ ਬਹਾਦਰ ਨਗਰ,**
**ਗਲੀ ਨੰ:1, ਚੰਡੀਗੜ੍ਹ ਰੋਡ ਜਮਾਲਪੁਰ, ਲੁਧਿਆਣਾ**

# ਸਿਵਲ ਹਸਪਤਾਲ ਚ ਮਨਾਇਆ ਗਿਆ ਅੰਤਰਰਾਸ਼ਟਰੀ ਨਰਸ ਦਿਵਸ




**ਚੌਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਰ ਸਾਲ 12 ਮਈ ਨੂੰ ਅੰਤਰਰਾਸ਼ਟਰੀ ਨਰਸ ਦਿਵਸ ਮਨਾਇਆ ਜਾਂਦਾ ਹੈ। ਸਾਲ 1820 'ਚ ਇਸੀ ਦਿਨ, ਫਲੋਰੇਂਸ ਨਾਈਟਿੰਗੇਲ, ਦੁਨੀਆ ਦੀ ਸਭ ਤੋਂ ਪ੍ਰਸਿੱਧ ਨਰਸ ਦਾ ਜਨਮ ਹੋਇਆ ਸੀ। ਉਹ ਇਕ ਇੰਗਲਿਸ਼ ਨਰਸ, ਇਕ ਸਮਾਜ ਸੁਧਾਰਕ ਅਤੇ ਇਕ ਸਟੈਟਸਟਿਸ਼ਨ ਸੀ, ਜਿਨ੍ਹਾਂ ਨੇ ਆਧੁਨਿਕ ਨਰਸਿੰਗ ਦੇ ਮੁੱਖ ਥੰਮਾਂ ਦੀ ਸਥਾਪਨਾ ਕੀਤੀ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਦੇ ਚੇਅਰਮੈਨ ਡਾ:ਰਾਕੇਸ਼ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਹਨਾਂ ਕਿਹਾ ਕਿ ਅੱਜ ਦੁਨੀਆ ਭਰ ਦੇ ਜ਼ਿਆਦਾਤਰ ਦੇਸ਼ ਕੋਰੋਨਾ ਵਾਇਰਸ ਮਹਾਮਾਰੀ ਨਾਲ ਜੂਝ ਰਹੇ ਹਨ। ਅੰਤਰਰਾਸ਼ਟਰੀ ਨਰਸ ਦਿਵਸ, ਇਸ ਭਿਆਨਕ ਮਹਾਮਾਰੀ 'ਚ ਖ਼ਾਸ ਮਹੱਤਵ ਰੱਖਦਾ ਹੈ। ਨਰਸਾਂ ਹਸਪਤਾਲਾਂ ਅਤੇ ਕਲੀਨਿਕਾਂ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਹਨ, ਜੋ ਆਪਣੀ ਜਾਨ ਜੋਖ਼ਮ 'ਚ ਪਾ ਕੇ ਮਹੀਨਿਆਂ ਤਕ ਕੋਵਿਡ-19 ਦੇ ਲੱਖਾਂ ਮਰੀਜ਼ਾਂ ਦੀ ਦੇਖਭਾਲ ਕਰਦੀਆਂ ਹਨ। ਅੰਤਰਰਾਸ਼ਟਰੀ ਨਰਸ ਦਿਵਸ ਮੌਕੇ ਉਨ੍ਹਾਂ ਲਈ ਸਾਡਾ ਸ਼ੁਕਰਾਨਾ ਪ੍ਰਗਟਾਉਣ ਦਾ ਇਕ ਸ਼ਾਨਦਾਰ ਮੌਕਾ ਹੈ। ਆਈਸੀਐੱਨ (ਇੰਟਰਨੈਸ਼ਨਲ ਕੌਂਸਲ ਆਫ ਨਰਸ) ਅਨੁਸਾਰ, 31 ਦਸੰਬਰ 2020 ਤਕ, 34 ਦੇਸ਼ਾਂ 'ਚ 1.6 ਮਿਲੀਅਨ ਤੋਂ ਵੱਧ ਸਿਹਤ ਕਰਮਚਾਰੀ ਕੋਵਿਡ-19 ਨਾਲ ਸੰਕ੍ਰਮਿਤ ਹੋਏ ਆਈ ਸੀ ਐਨ ਦੇ ਮੁਖ ਥੰਮ ਹਨ : ਕਿੱਤਾਮਈ ਅਭਿਆਸ, ਨਿਯਮ ਅਤੇ ਸਮਾਜਿਕ-ਆਰਥਿਕ ਭਲਾਈ। ਸਿਵਲ ਹਸਪਤਾਲ ਵਿਚ ਨਰਸਿਸ ਦਿਵਸ ਮਨਾਇਆ ਗਿਆ, ਜਿਸ ਵਿਚ ਪ੍ਰਧਾਨ ਰਾਕੇਸ਼ ਸ਼ਰਮਾ , ਐੱਸਐੱਮਓ ਡਾਕਟਰ ਮਦਨ ਮੋਹਨ, ਐੱਸਐੱਮਓ ਡਾਕਟਰ ਸਵਰਣਜੀਤ ਧਵਨ , ਸੰਜੀਵ ਆਨੰਦ , ਪ੍ਰਧਾਨ ਜਸਬੀਰ, ਮੈਟਰਨ ਕਮਲਜੀਤ ਕੌਰ ਅਤੇ ਸਮੂਹ ਨਰਸਿੰਗ ਸਟਾਫ ਹਾਜ਼ਰ ਸੀ।

# ਸ਼ਹਿਰ ਦੀ ਟਰੈਫਿਕ ਨਿਯਮਾਂ ਦਾ ਪਾਲਣ ਕਰਨ ਲਈ ਪੁਲਿਸ ਨੇ ਦਿਖਾਈ ਸਖਤੀ



**ਚੌਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਲੋਕ ਸਭਾ ਚੋਣਾਂ ਨੂੰ ਲੈ ਕੇ ਸ਼ਹਿਰ ਦੀ ਟਰੈਫਿਕ ਪੁਲਿਸ ਵੀ ਪੂਰੀ ਤਰਾਂ ਮੁਸਤੈਦ ਹੋ ਗਈ ਹੈ। ਏਡੀਸੀਪੀ ਹਰਪਾਲ ਸਿੰਘ ਰੰਧਾਵਾ ਦੇ ਆਦੇਸ਼ ਮੁਤਾਬਿਕ ਇੰਸਪੈਕਟਰ ਟਰੈਫਿਕ ਤਜਿੰਦਰ ਸਿੰਘ ਆਪਣੀ ਟੀਮ ਦੇ ਨਾਲ ਸਪੈਸ਼ਲ ਚੈਕਿੰਗ ਅਭਿਆਨ ਚਲਾ ਰਹੇ ਨੇ। ਉਹਨਾਂ ਨੇ ਦੱਸਿਆ ਕਿ ਸ਼ਹਿਰ ਦੇ ਵਿੱਚ ਪਟਾਕੇ ਵਾਲੀ ਬੁਲਟ ਤੇ ਅਲਾਵਾ ਗੱਡੀਆਂ ਤੇ ਕਾਲੀ ਫਿਲਮਾਂ ਨਾ ਲਗਾਉਣ ਦੀ ਅਪੀਲ ਕੀਤੀ ਹੈ। ਤੁਸੀਂ ਕੜੀ ਦੇ ਵਿੱਚ ਉਹਨਾਂ ਨੇ ਸਟੇਸ਼ਨ ਨਾਕੇ ਲਾ ਕੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਦਾ ਚਲਾਨ ਕੀਤਾ। ਉਹਨਾਂ ਨੇ ਦੱਸਿਆ ਕਿ ਟਰੈਫਿਕ ਨਿਯਮਾਂ ਦਾ ਪਾਲਣ ਨਾ ਕਰਨ ਵਾਲੇ ਦਾ ਕਿਸੇ ਵੀ ਪ੍ਰਕਾਰ ਦੀ ਸਿਫਾਰਿਸ਼ ਨਹੀਂ ਮੰਨੀ ਜਾਏਗੀ ਤੇ ਉਹਦਾ ਚਲਾਨ ਕਾਨੂੰਨ ਦੇ ਮੁਤਾਬਿਕ ਕੀਤਾ ਜਾਏਗਾ। ਇਸ ਮੌਕੇ ਤੇ ਟਰੈਫਿਕ ਪੁਲਿਸ ਦੇ ਏ ਐਸ ਆਈ ਲਖਬੀਰ ਸਿੰਘ , ਏ ਐਸ ਆਈ ਰਸ਼ਪਾਲ ਸਿੰਘ , ਏ ਐਸ ਆਈ ਦਵਿੰਦਰ ਸਿੰਘ ਤੇ ਏ ਐਸ ਆਈ ਸੁਖਵਿੰਦਰ ਸਿੰਘ ਆਦਿ ਮੌਜੂਦ ਸਨ।






ਵਰ੍ਹੇਗੰਢ ਮੁਬਾਰਕ

ਰਣਜੀਤ ਸਿੰਘ ਬਾਠ ਤੇ ਰਮਨਦੀਪ ਕੌਰ ਬਾਠ ਨੇ ਵਿਆਹ ਦੀ 19ਵੀਂ ਵਰ੍ਹੇਗੰਢ ਮਨਾਈ

ਆਵਾਜ਼ਿ ਕੌਮ AWAZE QAUM International Newspaper & WEB TV